ਰੋਜ਼ਾਨਾ ਪੰਜਾਬੀ ਅਖ਼ਬਾਰ
'ਲੋਕ ਬਾਣੀ'
ਆਪ ਪੜ੍ਹੋ ਅਤੇ ਹੋਰਨਾਂ ਨੂੰ ਵੀ ਪੜ੍ਹਾਓ। ਆਪਣੇ ਨਜ਼ਦੀਕੀ ਸਟਾਲ ਅਤੇ ਹਾਕਰ ਤੋਂ ਪ੍ਰਾਪਤ ਕਰੋ ਅਤੇ ਕਿਸੇ ਕਿਸਮ ਦੀ ਪ੍ਰੇਸ਼ਾਨੀ ਲਈ ਹੇਠ ਲਿਖੇ ਨੰਬਰ 'ਤੇ ਸੰਪਰਕ ਕਰੋ।
0181-2211009

ਰੋਜ਼ਾਨਾ ਸੱਚ ਤੇ ਨਿਡਰ ਆਵਾਜ਼

# ਲੋਕ ਬਾਣੀ

Email : lokbani08@gmail.com ਸ਼ੁੱਕਰਵਾਰ, 17 ਦਸੰਬਰ 2021 ਮੁੱਖ ਸੰਪਾਦਕ - ਅਮਨ ਮਹਿਰਾ (ਜਲੰਧਰ)



ਹਰ ਦਿਨ ਪੰਜਾਬ ਭਰ 'ਚੋਂ ਅਦਾਰੇ ਨੂੰ ਮਿਲ ਰਹੇ ਪਿਆਰ ਅਤੇ ਸਹਿਯੋਗ ਦਾ ਦਿਲੋਂ ਧੰਨਵਾਦ
ਮੁੱਖ ਸੰਪਾਦਕ :- ਅਮਨਦੀਪ ਮਹਿਰਾ

R.N.I. Punpun/29016/2008 ✲ ਸਾਲ : 14 ✲ ਅੰਕ : 314 ✲ ਮੁੱਲ : 2.00 ਰੁਪਏ ✲ ਕੁੱਲ ਪੇਜ਼ : 10+1 ✲ ਫੈਕਸ : 0181-2211009 ✲ M. 99155-94111

## ਇੰਡੋਨੇਸ਼ੀਆ 'ਚ ਓਮੀਕਰੋਨ ਦਾ ਪਹਿਲਾ ਮਾਮਲਾ ਆਇਆ ਸਾਹਮਣੇ

**ਜਕਾਰਤਾ/ਲੋਕ ਬਾਣੀ**

ਇੰਡੋਨੇਸੀਆ ਦੇ ਰਾਸਟਰਪਤੀ ਜੋਕੋ ਵਿਡੋਡੋ ਨੇ ਵੀਰਵਾਰ ਨੂੰ ਦੇਸ ਦੇ ਲੋਕਾਂ ਅਤੇ ਸਰਕਾਰੀ ਅਧਿਕਾਰੀਆਂ ਨੂੰ ਵਿਦੇਸ ਯਾਤਰਾ ਕਰਨ ਤੋਂ ਗੁਰੇਜ ਕਰਨ ਦੀ ਅਪੀਲ ਕੀਤੀ। ਵਿਡੋਡੋ ਨੇ ਇਹ ਅਪੀਲ ਦੇਸ਼ ਵਿੱਚ ਕੋਰੋਨਾ ਵਾਇਰਸ ਦੇ ਓਮੀਕਰੋਨ ਸਵਰੂਪ ਦਾ ਪਹਿਲਾ ਮਾਮਲਾ ਸਾਹਮਣੇ ਆਉਣ ਤੋਂ ਬਾਅਦ ਕੀਤਾ। ਜਕਾਰਤਾ ਦੇ ਇੱਕ ਹਸਪਤਾਲ ਦਾ ਇੱਕ ਸਫਾਈ ਕਰਮਚਾਰੀ ਓਮੀਕਰੋਨ ਤੋਂ ਪੀੜਤ ਮਿਲਿਆ ਹੈ। ਮਰੀਜ ਵਿੱਚ ਕੋਈ ਲੱਛਣ ਨਹੀਂ ਹੈ ਅਤੇ ਉਸ ਨੂੰ ਐਥਲੀਟ ਵਿਲੇਜ ਐਮਰਜੈਂਸੀ ਹਸਪਤਾਲ ਵਿੱਚ ਇਕਾਂਤਵਾਸ ਵਿੱਚ ਰੱਖਿਆ ਗਿਆ ਹੈ, ਜਿੱਥੇ ਉਹ ਕੰਮ ਕਰਦਾ ਸੀ। ਸਰਕਾਰ ਨੇ ਮਾਰਚ 2020 ਵਿੱਚ ਕੋਵਿਡ-19 ਮਰੀਜਾਂ ਦੇ ਇਲਾਜ ਲਈ ਅਤੇ ਵਿਦੇਸ਼ ਤੋਂ ਪਰਤਣ ਵਾਲੇ ਇੰਡੋਨੇਸ਼ੀਆਈ ਲੋਕਾਂ ਲਈ ਇਹ ਆਈਸੋਲੇਸਨ ਯੂਨਿਟ ਬਣਾਈ ਹੈ। ਇੰਡੋਨੇਸ਼ਿਆ ਦੇ ਸਿਹਤ ਮੰਤਰੀ ਬੁਦੀ ਗੁਨਾਦੀ ਸਾਦਿਕਿਨ ਨੇ ਕਿਹਾ ਕਿ ਇਹ ਮਾਮਲਾ ਬੁੱਧਵਾਰ ਨੂੰ ਸਾਹਮਣੇ ਆਇਆ। ਉਨ੍ਹਾਂ ਨੇ ਲੋਕਾਂ ਤੋਂ ਮਾਸਕ ਪਹਿਨਣ ਅਤੇ ਇੱਕ ਦੂਜੇ ਤੋਂ ਦੂਰੀ ਬਣਾਏ ਰੱਖਣ ਸਮੇਤ ਸਿਫਾਰਸ ਕੀਤੇ ਸਿਹਤ ਪ੍ਰੋਟੋਕੋਲ ਦੀ ਪਾਲਣਾ ਜਾਰੀ ਰੱਖਣ ਦੀ ਆਪੀਲ ਕੀਤੀ। ਉਨ੍ਹਾਂ ਨੇ ਜਾਂਚ




ਵਧਾਉਣ ਅਤੇ ਦੇਸ਼ ਦੇ ਟੀਕਾਕਰਨ ਪ੍ਰੋਗਰਾਮ ਵਿੱਚ ਤੇਜੀ ਲਿਆਉਣ ਦਾ ਵੀ ਐਲਾਨ ਕੀਤਾ। ਬਾਅਦ ਵਿੱਚ, ਰਾਸ਼ਟਰਪਤੀ ਜੋਕੋ ਵਿਡੋਡੋ ਨੇ ਇੱਕ ਪ੍ਰੈੱਸ ਕਾਨਫਰੰਸ ਵਿੱਚ ਕਿਹਾ, "ਮੈਂ ਲੋਕਾਂ ਅਤੇ ਰਾਜ ਦੇ ਅਧਿਕਾਰੀਆਂ ਨੂੰ ਸਥਿਤੀ ਵਿੱਚ ਕਮੀ ਆਉਣ ਤੱਕ ਵਿਦੇਸ ਯਾਤਰਾ ਕਰਨ ਤੋਂ ਗੁਰੇਜ ਕਰਨ ਦੀ ਅਪੀਲ ਕਰਦਾ ਹਾਂ।" ਇੰਡੋਨੇਸ਼ੀਆ ਵਿੱਚ ਬੁੱਧਵਾਰ ਤੱਕ ਦੀ ਸਥਿਤੀ ਦੇ ਅਨੁਸਾਰ ਦੇਸ਼ ਵਿੱਚ ਹੁਣ ਤੱਕ ਕੋਵਿਡ-19 ਦੇ 42 ਲੱਖ ਤੋਂ ਜਿਆਦਾ ਮਾਮਲੇ ਸਾਹਮਣੇ ਆਏ ਹਨ ਅਤੇ 1,43,000 ਤੋਂ ਜਿਆਦਾ ਲੋਕਾਂ ਦੀ ਮੌਤ ਹੋਈ ਹੈ।



## ਮੋਰਿੰਡਾ ਵਿੱਚ ਬਿਜਲੀ ਮੁਲਾਜ਼ਮਾਂ ਨੇ ਦਿੱਤਾ ਧਰਨਾ

**ਮੋਰਿੰਡਾ/ਲੋਕ ਬਾਣੀ**

ਟੈਕਨੀਕਲ ਸਰਵਿਸਿਜ਼ ਯੂਨੀਅਨ ਪੰਜਾਬ ਰਾਜ ਬਿਜਲੀ ਬੋਰਡ ਦੇ ਸੱਦੇ 'ਤੇ ਬਿਜਲੀ ਮੁਲਾਜ਼ਮਾਂ ਵੱਲੋਂ ਨਿੱਜੀਕਰਨ, ਠੇਕੇਦਾਰੀ ਸਿਸਟਮ, ਬਰਖਾਸਤ ਕੀਤੇ ਮੁਲਾਜ਼ਮ ਆਗੂ ਬਹਾਲ ਕਰਾਉਣ ਅਤੇ ਪਾਵਰਕੌਮ ਮੈਨੇਜਮੈਂਟ ਦੇ ਅੜੀਅਲ ਵਤੀਰੇ ਖਿਲਾਫ ਮੋਰਿੰਡਾ ਵਿੱਚ ਸੂਬਾ ਪੱਧਰੀ ਧਰਨਾ ਦੇ ਕੇ ਰੋਸ ਮੁਜਾਹਰਾ ਕੀਤਾ ਗਿਆ। ਮੁਲਾਜਮ ਆਗੂ ਭਰਪੂਰ ਸਿੰਘ ਮਾਂਗਟ ਨੇ ਦੱਸਿਆ ਕਿ ਸ਼ਹਿਰ ਵਿੱਚ ਰੋਸ ਮਾਰਚ ਕਰਨ ਮਗਰੋਂ ਮੁੱਖ ਮੰਤਰੀ ਦੇ ਨਾਂ ਮੈਮੋਰੰਡਮ ਸੌਂਪਿਆ ਗਿਆ। ਉਨ੍ਹਾਂ ਦੱਸਿਆ ਕਿ ਜਥੇਬੰਦੀ ਤੇ ਪਾਵਰਕੌਮ ਮੈਨੇਜਮੈਂਟ ਵਿੱਚਕਾਰ ਹੋਏ ਸਮਝੌਤੇ ਤਹਿਤ ਬਰਖਾਸਤ ਕੀਤੇ ਆਗੂਆਂ ਨੂੰ ਬਹਾਲ ਕਰਨ ਦਾ ਵਾਅਦਾ ਕੀਤਾ ਗਿਆ ਸੀ, ਪਰ ਹਾਲੇ ਤੱਕ ਇਹ ਬਹਾਲੀ ਨਹੀਂ ਕੀਤੀ ਗਈ ਹੈ। ਸ੍ਰੀ ਮਾਂਗਟ ਨੇ ਦੱਸਿਆ ਕਿ ਮੈਨੇਜਮੈਂਟ ਦਾ ਅੜੀਅਲ ਵਤੀਰਾ ਹੀ ਜਥੇਬੰਦੀ ਨਾਲ ਟਕਰਾਅ ਦਾ ਕਾਰਨ ਬਣ ਰਿਹਾ ਹੈ। ਉਨ੍ਹਾਂ ਕਈ ਵਾਰ ਪੰਜਾਬ ਸਰਕਾਰ ਨੂੰ ਮੈਮੋਰੰਡਮ ਦਿੱਤੇ ਹਨ, ਪਰ ਸਰਕਾਰ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਕੇਂਦਰ ਤੇ ਸੂਬਾ ਸਰਕਾਰ ਵੱਲੋਂ ਬਿਜਲੀ ਬਿੱਲ 2021 ਪਾਸ ਕਰਕੇ ਬਿਜਲੀ ਵਿਭਾਗਾਂ ਦਾ ਨਿੱਜੀਕਰਨ ਕਰਨ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਖਾਲੀ ਅਸਾਮੀਆਂ ਨੂੰ ਭਰਨ ਦੀ ਥਾਂ ਖਤਮ ਕੀਤਾ ਜਾ ਰਿਹਾ ਹੈ ਤੇ ਸਰਕਾਰੀ ਥਰਮਲ ਬੰਦ ਕੀਤੇ ਜਾ ਰਹੇ ਹਨ।

## ਬੈਂਕ ਕਰਮਚਾਰੀਆਂ ਦੀ ਹੜਤਾਲ ਦਾ ਰਾਕੇਸ਼ ਟਿਕੈਤ ਨੇ ਕੀਤਾ ਸਮਰਥਨ

**ਨਵੀਂ ਦਿੱਲੀ /ਲੋਕ ਬਾਣੀ**




ਅੱਜ ਤੋਂ ਦੋ ਦਿਨਾਂ ਲਈ ਦੇਸ ਦੇ ਸਾਰੇ ਨਿੱਜੀ ਖੇਤਰ ਦੇ ਬੈਂਕ ਕਰਮਚਾਰੀ ਦੇਸ ਵਿਆਪੀ ਹੜਤਾਲ 'ਤੇ ਰਹਿਣਗੇ। ਦਰਅਸਲ ਬੈਂਕ ਯੂਨੀਅਨਾਂ ਨੇ ਨਿੱਜੀਕਰਨ ਨੂੰ ਲੈ ਕੇ 16 ਅਤੇ 17 ਦਸੰਬਰ ਨੂੰ ਦੇਸ ਵਿਆਪੀ ਹੜਤਾਲ ਦਾ ਐਲਾਨ ਕੀਤਾ ਹੈ। ਇਸ ਦੇ ਨਾਲ ਹੀ ਇਸ ਹੜਤਾਲ ਕਾਰਨ ਦੋ ਦਿਨ ਸਾਰੇ ਬੈਂਕਾਂ ਦਾ ਕੰਮਕਾਜ ਠੱਪ ਰਹੇਗਾ। ਹਾਲਾਂਕਿ ਆਮ ਲੋਕਾਂ ਨੂੰ ਆ ਰਹੀਆਂ ਮੁਸਕਿਲਾਂ ਦੇ ਮੱਦੇਨਜਰ ਐੱਸ.ਬੀ.ਆਈ. ਅਤੇ ਹੋਰ ਬੈਂਕਾਂ ਨੇ ਆਪਣੇ ਕਰਮਚਾਰੀਆਂ ਨੂੰ ਹੜਤਾਲ ਨਾ ਕਰਨ ਦੀ ਅਪੀਲ ਕੀਤੀ ਹੈ।

## ਹਿਮਾਚਲ ਦੇ ਮਲਾਣਾ ਪਿੰਡ 'ਚ ਦੇਵਤਾ ਨੇ ਸ਼ਰਾਬ, ਮੀਟ ਖਾਣ 'ਤੇ ਲਾਈ ਪਾਬੰਦੀ, ਉਲੰਘਣ ਕਰਨ 'ਤੇ ਲੱਗੇਗਾ ਜੁਰਮਾਨਾ

**ਸ਼ਿਮਲਾ/ਲੋਕ ਬਾਣੀ**




ਹਿਮਾਚਲ ਪ੍ਰਦੇਸ਼ 'ਚ ਕੁੱਲੂ ਜਲ੍ਹਿ ਦੇ ਦੇਵ ਸੰਸਕ੍ਰਿਤੀ ਨਾਲ ਜੁੜੇ ਮਲਾਣਾ ਪਿੰਡ ਦੇ ਸਥਾਨਕ ਦੇਵਤਾ ਨੇ ਪੂਰੇ ਮਲਾਣਾ ਪਿੰਡ 'ਚ ਸ਼ਰਾਬ ਮੀਟ, ਮੱਛੀ, ਆਂਡਾ, ਖਾਣ ਅਤੇ ਵੇਚਣ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾ ਦਿੱਤੀ ਹੈ। ਜਲ੍ਹਿ ਦੇ ਇਸ ਪਿੰਡ 'ਚ ਸਰਕਾਰ ਦੇ ਨੀਤੀ ਨਿਯਮ ਨਹੀਂ ਦੇਵਤਾ ਦੇ ਆਦੇਸ਼ ਚੱਲਦੇ ਹਨ ਅਤੇ ਲੋਕ ਉਨ੍ਹਾਂ ਦਾ ਪਾਲਣ ਕਰਦੇ ਹਨ। ਹਾਲ ਹੀ 'ਚ ਦੇਵਤਾ ਨੇ ਆਪਣੇ ਗੁਰ ਦੇ ਮਾਧਿਅਮ ਨਾਲ ਇਕ ਆਦੇਸ਼ ਦਿੱਤਾ ਹੈ ਕਿ ਉਸ ਦੇ ਘੇਰੇ 'ਚ ਆਉਣ ਵਾਲੇ ਖੇਤਰ 'ਚ ਕਿਤੇ ਵੀ ਸ਼ਰਾਬ, ਮੀਟ, ਮੱਛੀ, ਆਂਡੇ ਦੀ ਵਿਕਰੀ ਅਤੇ ਖਾਣ 'ਤੇ ਪਾਬੰਦੀ ਲਗਾ ਦਿੱਤੀ ਜਾਵੇ। ਦੇਵ ਆਦੇਸ਼ ਅਨੁਸਾਰ ਆਦੇਸ਼ ਦੀ ਉਲੰਘਣਾ ਕਰਨ ਵਾਲੇ 'ਤੇ 1100 ਤੋਂ 11 ਹਜਾਰ ਤੱਕ ਦਾ ਜੁਰਮਾਨਾ ਲਗਾਇਆ ਜਾਵੇ। ਜੇਕਰ ਕੋਈ ਵਿਅਕਤੀ ਫਿਰ ਵੀ ਨਾ ਮੰਨੇ ਤਾਂ ਉਸ ਦਾ ਹੁੱਕਾ ਪਾਣੀ ਅਤੇ ਸਮਾਜਿਕ ਬਾਈਕਾਟ ਕੀਤਾ ਜਾਵੇ।


## ਪੰਜਾਬ ਚ ਅਠਵੀਂ ਤੇ ਪੰਜਵੀਂ ਸ਼੍ਰੇਣੀ ਦੀ ਪ੍ਰੀਖਿਆ ਦਾ ਸਮਾਂ ਬਦਲੀਆਂ ਗਿਆ

**ਮੋਹਾਲੀ/ਰਾਕੇਸ਼ ਮਸੀਹ**

ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ 5 ਵੀਂ ਅਤੇ 8ਵੀਂ ਸ਼੍ਰੇਣੀਆਂ ਦੀ ਟਰਮ-1 ਦੀਆਂ ਪ੍ਰੀਖਿਆਵਾਂ 20 ਦਸੰਬਰ ਤੋਂ 22 ਦਸੰਬਰ ਤੱਕ ਕਰਵਾਈਆਂ ਜਾ ਰਹੀਆਂ ਹਨ। ਬੋਰਡ ਦੇ ਬੁਲਾਰੇ ਨੇ ਦੱਸਿਆ ਕਿ ਠੰਢ ਵਧਣ ਕਾਰਨ ਸੂਬੇ ਵਿਚ ਧੁੰਦ ਪੈਣੀ ਸ਼ੁਰੂ ਹੋ ਗਈ ਹੈ। ਇਸ ਸਮੱਸਿਆ ਨੂੰ ਨਜਿੱਠਣ ਲਈ ਬੋਰਡ ਵਲੋਂ 5 ਵੀਂ ਅਤੇ 8ਵੀਂ ਕਲਾਸ ਦੀਆਂ ਪਰੀਖਿਆਵਾਂ ਸ਼ੁਰੂ ਕਰਨ ਦੇ ਸਮੇਂ ਵਿਚ ਤਬਦੀਲੀ ਕੀਤੀ ਗਈ ਹੈ। ਹੁਣ ਇਨ੍ਹਾਂ ਦੋਵੇਂ ਸ਼੍ਰੇਣੀ ਦੀਆਂ ਪ੍ਰੀਖਿਆਵਾਂ ਸ਼ੁਰੂ ਹੋਣ ਦਾ ਸਮਾਂ ਸਵੇਰੇ 9 ਵਜੇ ਦੀ ਬਜਾਏ ਸਵੇਰੇ 10 ਵਜੇ ਹੋਵੇਗਾ।

## ਰਾਜ ਵਿਚ ਚੋਣਾਂ ਸਬੰਧੀ ਪ੍ਰੈਸ ਕਾਨਫਰੰਸ ਮੁੱਖ ਚੋਣ ਕਮਿਸ਼ਨਰ ਨੇ ਕੀਤੀ

**ਚੰਡੀਗੜ੍ਹ/ਵਿਨੋਦ ਸ਼ਰਮਾ**



ਪੰਜਾਬ 'ਚ ਹੋਣ ਜਾ ਰਹੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਮੁੱਖ ਚੋਣ ਕਮਿਸ਼ਨਰ ਵੱਲੋਂ ਅੱਜ ਇੱਥੇ ਪ੍ਰੈੱਸ ਕਾਨਫਰੰਸ ਕੀਤੀ ਗਈ। ਇਸ ਦੌਰਾਨ ਉਨ੍ਹਾਂ ਵੱਲੋਂ ਚੋਣਾਂ ਸਬੰਧੀ ਵੋਟਰਾਂ ਅਤੇ ਪੋਲਿੰਗ ਸਟੇਸ਼ਨਾਂ ਦਾ ਵੇਰਵਾ ਜਾਰੀ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਸੂਬੇ 'ਚ ਇਸ ਵਾਰ ਮਹਿਲਾ ਵੋਟਰਾਂ ਦੀ ਗਿਣਤੀ ਇਕ ਕਰੋੜ ਤੋਂ ਪਾਰ ਹੈ। ਉਨ੍ਹਾਂ ਕਿਹਾ ਕਿ ਵੋਟਾਂ ਦੌਰਾਨ ਡਰੱਗ ਜਾਂ ਕੋਈ ਗਲਤ ਤਰੀਕਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਨੇ ਇਹ ਵੀ ਕਿਹਾ ਕਿ ਪੋਲਿੰਗ ਬੂਥ ਸਾਰੇ ਗਰਾਊਂਡ ਫਲੋਰ 'ਤੇ ਬਣਾਏ ਜਾਣ।

ਖੰਨਾ ਤੋਂ
ਜਿਲ੍ਹਾ ਇੰਚਾਰਜ ਦੀ ਨਿਯੁਕਤੀ



ਅਦਾਰਾ ਰੋਜਾਨਾ ਲੋਕ ਬਾਣੀ ਵਲੋਂ ਪੁਲਿਸ ਜਿਲ੍ਹਾ ਖੰਨਾ ਤੋ ਇੰਚਾਰਜ਼ ਦੀ ਨਿਯੁਕਤੀ ਕੀਤੀ ਜਾਂਦੀ ਹੈ ਖਬਰਾਂ ਤੇ ਇਸ਼ਤਿਹਾਰ, ਪੱਤਰਕਾਰ, ਫੋਟੋਗ੍ਰਾਫਰ ਬਨਣ ਲਈ ਸੰਪਰਕ ਕਰੋ- ਤਜਿੰਦਰ ਸਿੰਘ ਜਿਲ੍ਹਾ ਇੰਚਾਰਜ ਖੰਨਾ
9814321074



ਪੰਜਾਬ ਤੇ ਪੰਜਾਬੀਆਂ ਦਾ ਸਾਡੇ ਲੋਕ ਬਾਣੀ ,ਗਰੁੱਪ ਵਲੋਂ ਧੰਨਵਾਦ ਜਿਨ੍ਹਾਂ ਨੇ ਥੋੜੇ ਸਮੇਂ ਵਿੱਚ ਹੀ ਅਦਾਰੇ ਨੂੰ ਇਨ੍ਹਾਂ ਪਿਆਰ ਦੇ ਕੇ ਡਿਜਿਟਲ ਅੰਕ ਨੂੰ ਪਹਿਲੀ ਪਸੰਦ ਕਰਦੇ ਹੋਏ ਆਪਣੇ ਸੁਨੇਹੇ, ਤੇ ਮੁਸ਼ਕਲਾਂ ਭੇਜ ਕੇ ਸਾਡਾ ਸਹਿਯੋਗ ਦਿੱਤਾ ਵਲੋਂ
ਕੁਲਵੰਤ ਰਾਏ
ਐਮ.ਡੀ ਰੋਜਾਨਾ ਲੋਕ ਬਾਣੀ ਗਰੁਪ ਜਲੰਧਰ ਪੰਜਾਬ
01812211009



Website : www.lokbani.com
lokbani08@gmail.com



# ਜਮੀਨ 'ਚੋਂ ਰਸਤਾ ਕੱਢ ਕੇ ਨਾਜਾਇਜ ਕਬਜਾ ਕਰਨ ਤੋਂ ਰੋਕਣ ਲਈ ਐੱਨ.ਆਰ.ਆਈ. ਵਲੋਂ ਐੱਸ.ਐੱਸ.ਪੀ. ਨੂੰ ਲਗਾਈ ਗੁਹਾਰ

## ਮਾਮਲੇ ਦੀ ਜਾਂਚ ਤੋਂ ਬਾਅਦ ਕੀਤੀ ਜਾਵੇਗੀ ਕਾਰਵਾਈ- ਡੀ.ਐੱਸ.ਪੀ. ਪ੍ਰੀਤਇੰਦਰ ਸਿੰਘ

**ਸ਼੍ਰੀ ਗੋਇੰਦਵਾਲ ਸਾਹਿਬ/ਰਣਜੀਤ ਸਿੰਘ ਦਿਉਲ**

ਤਰਨ ਤਾਰਨ ਦੇ ਨਜਦੀਕੀ ਪਿੰਡ ਭੂਰੇ ਗਿੱਲ ਦੇ ਨਿਵਾਸੀ ਅਤੇ ਐੱਨ.ਆਰ.ਆਈ. ਨੇ ਆਪਣੀ ਜਮੀਨ 'ਚ ਪਿੰਡ ਦੇ ਹੀ ਇਕ ਵਿਅਕਤੀ ਵਲੋਂ ਮਿੱਟੀ ਪਾ ਕੇ ਜਮੀਨ 'ਤੇ ਰਸਤਾ ਬਣਾਉਣ 'ਤੇ ਤਰਨ ਤਾਰਨ ਦੇ ਐੱਸ.ਐੱਸ.ਪੀ. ਕਲੋਂ ਜਿੱਥੇ ਇਨਸਾਫ ਦੀ ਗੁਹਾਰ ਲਗਾਈ ਹੈ, ਉੱਥੇ ਉਨ੍ਹਾਂ ਨੇ ਮੰਗ ਕੀਤੀ ਹੈ ਕਿ ਉਕਤ ਵਿਅਕਤੀ ਵਲੋਂ ਬਣਾਏ ਜਾ ਰਹੇ ਰਸਤੇ ਨੂੰ ਤੁਰੰਤ ਰੋਕਿਆ ਜਾਵੇ। ਇਸ ਮਾਮਲੇ ਦੀ ਜਾਂਚ ਐੱਸ. ਐੱਸ. ਪੀ. ਥਾਣਾ ਗੋਇੰਦਵਾਲ ਸਾਹਿਬ ਨੇ ਡੀ.ਐੱਸ.ਪੀ. ਪ੍ਰੀਤਇੰਦਰ ਸਿੰਘ ਨੂੰ ਸੌਂਪ ਦਿੱਤੀ ਹੈ। ਇਸ ਸਬੰਧੀ ਅਮਨਦੀਪ ਸਿੰਘ ਪੁੱਤਰ ਸੰਗਾਰਾ ਸਿੰਘ ਵਾਸੀ ਭੂਰੇ ਗਿੱਲ ਨੇ ਤਰਨ ਤਾਰਨ ਦੇ ਐੱਸ.ਐੱਸ.ਪੀ. ਨੂੰ ਲਿਖਤੀ ਸਕਾਇਤ ਦੇ ਕੇ ਦੱਸਿਆ ਕਿ ਉਨ੍ਹਾਂ ਦੀ ਜਮੀਨ ਪਿੰਡ ਭਰੇ ਗਿੱਲ ਵਿਖੇ ਹੈ। ਉਸ ਦਾ ਐੱਨ.ਆਰ.ਆਈ. ਭਰਾ ਕਰਨਦੀਪ ਸਿੰਘ ਵਿਦੇਸ ਵਿਚ ਰਹਿੰਦਾ ਹੈ ਤੇ ਉਸ ਦੀ ਵਾਹੀਯੋਗ ਜਮੀਨ ਦਾ ਜੋ ਵਾਕਿਆ ਰਕਬਾ ਪਿੰਡ ਭੂਰੇ ਗਿੱਲ ਵਿਖੇ ਹੈ, ਉਸ ਦੀ ਦੇਖਭਾਲ ਉਹ ਕਰਦਾ ਹੈ। ਉਨ੍ਹਾਂ ਦੱਸਿਆ ਕਿ ਪਿੰਡ ਦੇ ਵਿਅਕਤੀ ਬਲਵਿੰਦਰ ਸਿੰਘ ਤੇ ਉਸਦਾ ਪਿਤਾ ਕਸਮੀਰ ਸਿੰਘ ਉਨ੍ਹਾਂ ਦੀ ਜਮੀਨ ਦੇ ਨਾਲ ਜਾਂਦੇ ਸਰਕਾਰੀ ਖਾਲ੍ਹ ਤੋਂ ਇਲਾਵਾ ਉਨ੍ਹਾਂ ਦੀ ਜਮੀਨ ਵਿਚ ਮਿੱਟੀ ਪਾ ਕੇ ਨਾਜਾਇਜ ਕਬਜਾ ਕਰਨ ਦੀ ਕੋਸਸਿ ਕਰ ਰਹੇ ਹਨ। ਮੇਰਾ ਭਰਾ ਇਸ ਸਮੇਂ ਯੂ.ਐੱਸ.ਏ. ਵਿਚ ਰਹਿ ਰਿਹਾ ਹੈ ਤੇ ਉਸ ਦੀ ਗੈਰਹਾਜਰੀ ਵਿਚ ਇਹ ਕਬਜਾ ਮੌਜੂਦਾ ਸਿਆਸੀ ਧਿਰ ਦੀ ਸਹਿ 'ਤੇ ਕੀਤਾ ਜਾ ਰਿਹਾ ਹੈ। ਉਨ੍ਹਾਂ ਤਰਨ ਤਾਰਨ ਦੇ ਐੱਸ.ਐੱਸ.ਪੀ. ਪਾਸੋਂ ਮੰਗ ਕੀਤੀ ਹੈ ਕਿ ਬਣਾਏ ਜਾ ਰਹੇ ਨਾਜਾਇਜ ਰਸਤੇ ਨੂੰ ਤੁਰੰਤ ਰੋਕਿਆ ਜਾਵੇ ਅਤੇ ਉਨ੍ਹਾਂ ਨੂੰ ਇਨਸਾਫ ਦਿੱਤਾ ਜਾਵੇ। ਇਸ ਸਬੰਧੀ ਦੂਜੀ ਧਿਰ ਬਲਵਿੰਦਰ ਸਿੰਘ ਪੁੱਤਰ ਕਸਮੀਰ ਸਿੰਘ ਨਾਲ ਸੰਪਰਕ ਕਰਨ 'ਤੇ ਉਨ੍ਹਾਂ ਕਿਹਾ ਕਿ ਇਹ ਰਸਤਾ ਪੁਰਾਣਾ ਸਾਢੇ ਪੰਜ ਫੁੱਟ ਦਾ ਖਾਲ੍ਹ ਹੈ ਤੇ ਉਹ ਪਿਛਲੇ 50 ਸਾਲਾਂ ਤੋਂ ਇਸ ਰਸਤੇ ਤੋਂ ਲੰਘ ਰਹੇ ਹਨ ਤੇ ਹੁਣ ਇਸ ਖਾਲ੍ਹ 'ਤੇ ਉਹ ਪੰਜ ਫੁੱਟ ਦਾ ਰਸਤਾ ਬਣਾ ਰਹੇ ਹਨ ਤੇ ਕੋਈ ਕਬਜਾ ਨਹੀਂ ਕਰ ਰਹੇ। ਇਸ ਸਬੰਧੀ ਡੀ.ਐੱਸ.ਪੀ. ਗੋਇੰਦਵਾਲ ਸਾਹਿਬ ਪ੍ਰੀਤਇੰਦਰ ਸਿੰਘ ਸੰਪਰਕ ਕਰਨ 'ਤੇ ਉਨ੍ਹਾਂ ਕਿਹਾ ਕਿ ਐੱਸ. ਐੱਸ. ਪੀ. ਵਲੋਂ ਅੱਜ ਹੀ ਉਨ੍ਹਾਂ ਨੂੰ ਇਸ ਮਾਮਲੇ ਦੀ ਜਾਂਚ ਸਬੰਧੀ ਪੱਤਰ ਮਿਲਿਆ ਹੈ। ਵੀਰਵਾਰ ਨੂੰ ਦੋਵਾਂ ਧਿਰਾਂ ਨੂੰ ਸੱਦਿਆ ਗਿਆ ਹੈ ਤੇ ਉਨ੍ਹਾਂ ਪਾਸੋਂ ਇਸ ਜਮੀਨ ਦੇ ਝਗੜੇ ਸਬੰਧੀ ਕਾਗਜਾਤ ਮੰਗੇ ਜਾਣਗੇ ਤੇ ਮਾਮਲੇ ਦੀ ਜਾਂਚ ਤੋਂ ਬਾਅਦ ਜੋ ਵੀ ਧਿਰ ਦੋਸੀ ਪਾਈ ਗਈ, ਉਸ ਖਲਿਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਤੇ ਕਿਸੇ ਨਾਲ ਵੀ ਬੇਇਨਸਾਫੀ ਨਹੀਂ ਹੋਣ ਦਿੱਤੀ ਜਾਵੇਗੀ।

# ਸਵ: ਪਵਿੱਤਰ ਸਿੰਘ ਪੰਜੇਟਾ ਅਤੇ ਸਰਬਜੀਤ ਸਿੰਘ ਗਰੇਵਾਲ ਦੀ ਯਾਦ ਨੂੰ ਸਮਰਪਿਤ ਖ਼ੂਨਦਾਨ ਕੈਂਪ ਲਗਾਇਆ



**ਲੁਧਿਆਣਾ/ਕਰਨ ਅਗਰਵਾਲ**

ਗੁਰਦੁਆਰਾ ਸਾਹਿਬ ਵਿਖੇ ਪਿੰਡ ਪੰਜੇਟਾ ਦੇ ਨੌਜਵਾਨਾਂ ਵਲੋਂ ਮਨੁੱਖਤਾ ਦੇ ਭਲੇ ਸਵ: ਪਵਿੱਤਰ ਸਿੰਘ ਪੰਜੇਟਾ ਅਤੇ ਸਰਬਜੀਤ ਸਿੰਘ ਗਰੇਵਾਲ ਦੀ ਯਾਦ ਸਮਰਪਿਤ ਮਨੁੱਖੀ ਕਾਰਜਾਂ ਨੂੰ ਸਮਰਪਿਤ ਸੰਸਥਾ ਭਾਈ ਘਨਈਆ ਜੀ ਮਿਸਨ ਸੇਵਾ ਸੁਸਾਇਟੀ (ਰਜਿ) ਦੇ ਸਹਿਯੋਗ ਨਾਲ ਮੁੱਖ ਸੇਵਾਦਾਰ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਦੀ ਅਗਵਾਈ ਹੇਠ 488ਵਾਂ ਮਹਾਨ ਖ਼ੂਨਦਾਨ ਕੈਂਪ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਲਗਾਇਆ ਗਿਆ। ਇਸ ਖ਼ੂਨਦਾਨ ਕੈਂਪ ਵਿਚ ਮੁੱਖ ਮਹਿਮਾਨ ਸਤਵਿੰਦਰ ਕੌਰ ਬਿਟੀ, ਸਿਮਰਨਜੀਤ ਸਿੰਘ ਢਿਲੋਂ, ਪ੍ਰਭਜੋਤ ਸਿੰਘ ਧਾਲੀਵਾਲ, ਪਪੂ ਮਾਛੀਵਾੜਾ, ਇਕਬਾਲ ਸਿੰਘ ਗਰੇਵਾਲ ਅਤੇ ਭਾਈ ਮਨਦੀਪ ਸਿੰਘ ਕੁਬੇ ਨੇ ਸਾਂਝੇ ਤੌਰ ਤੇ ਉਦਘਾਟਨ ਕਰਦਿਆਂ ਕਿਹਾ ਕਿ ਸੰਸਾਰ ਦੇ ਵਿਚ ਬੇਅੰਤ ਪ੍ਰਕਾਰ ਦੇ ਦਾਨ ਹਨ ਸਾਰੇ ਚੰਗੇ ਨੇ ਪਰ ਆਪਣੇ ਸਰੀਰ ਦੇ ਹਿਸੇ ਵਿਚੋ ਇਕ ਯੂਨਿਟ ਖ਼ੂਨਦਾਨ ਕਰਨ ਨਾਲ ਤਿੰਨ ਮਨੁੱਖੀ ਜੀਂਦਗੀਆਂ ਨੂੰ ਬਚਾਇਆ ਜਾ ਸਕਦਾ ਹੈ ਸੰਸਾਰ ਵਿੱਚ ਸੱਭ ਤੋਂ ਵੱਡਾ ਪੁੰਨ ਦਾਨ ਹੈ ਅਤੇ ਖ਼ੂਨਦਾਨੀਆਂ ਨੂੰ ਪ੍ਰਮਾਣ ਪੱਤਰ ਅਤੇ ਸਨਮਾਨ ਚਿੰਨ ਭੇਂਟ ਕਰਕੇ ਸਨਮਾਨਿਤ ਕੀਤਾ।

ਇਸ ਮੌਕੇ ਤੇ ਜੱਥੇ:ਨਿਮਾਣਾ ਨੇ ਦਸਿਆ ਖ਼ੂਨਦਾਨ ਕੈਂਪ ਦੌਰਾਨ 100 ਬਲੱਡ ਯੂਨਿਟ ਪ੍ਰੀਤ ਹਸਪਤਾਲ ਦੇ ਨਿੱਘੇ ਸਹਿਯੋਗ ਨਾਲ ਇਕਤਰ ਕੀਤਾ ਖ਼ੂਨ ਲੋੜਵੰਦ ਮਰੀਜਾਂ ਨੂੰ ਨਿਸਕਾਮ ਰੂਪ ਵਿੱਚ ਲੈਕੇ ਦਿੱਤਾ ਜਾਵੇਗਾ।

# ਪੰਜਾਬ ਦੇ ਰਾਜਪਾਲ ਸ਼੍ਰੀ ਬਨਵਾਰੀ ਲਾਲ ਪੁਰੋਹਿਤ ਨੇ ਪੀ.ਏ.ਯੂ. ਦਾ ਦੌਰਾ ਕੀਤਾ



**ਲੁਧਿਆਣਾ/ਕਰਨ ਅਗਰਵਾਲ**

ਪੰਜਾਬ ਦੇ ਰਾਜਪਾਲ ਸ਼੍ਰੀ ਬਨਵਾਰੀ ਲਾਲ ਪੁਰੋਹਿਤ ਅੱਜ ਪੀ.ਏ.ਯੂ. ਦੇ ਵਿਸ਼ੇਸ਼ ਦੌਰੇ ਤੇ ਸਨ। ਉਨਾਂ ਇਸ ਦੌਰਾਨ ਪੀ.ਏ.ਯੂ. ਦੇ ਉੱਚ ਅਧਿਕਾਰੀਆਂ ਨਾਲ ਮੁਲਾਕਾਤ ਤੋਂ ਇਲਾਵਾ ਨਵੀਂ ਖੇਤੀ ਸੰਬੰਧੀ ਹੋ ਰਹੇ ਤਜਰਬਿਆਂ ਦਾ ਸਰਵੇਖਣ ਵੀ ਕੀਤਾ। ਮਾਣਯੋਗ ਰਾਜਪਾਲ ਨੇ ਵਿਸ਼ੇਸ਼ ਟਿੱਪਣੀ ਵਿਚ ਯੂਨੀਵਰਸਿਟੀ ਵਲੋਂ ਦੇਸ਼ ਨੂੰ ਅੰਨ ਪੱਖੋਂ ਸਵੈ ਨਿਰਭਰ ਬਣਾਉਣ ਲਈ ਕੀਤੇ ਯਤਨਾਂ ਦੀ ਸ਼ਲਾਘਾ ਕੀਤੀ। ਉਹਨਾਂ ਕਿਹਾ ਕਿ ਜਦੋਂ ਭਾਰਤ ਭੁੱਖਮਰੀ ਅਤੇ ਅਕਾਲ ਦਾ ਸ਼ਿਕਾਰ ਸੀ ਤਾਂ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਨੇ ਪੰਜਾਬ ਦੇ ਕਿਸਾਨਾਂ ਨਾਲ ਮਿਲ ਕੇ ਦੇਸ਼ ਲਈ ਵਾਧੂ ਅੰਨ ਪੈਦਾ ਕੀਤਾ ਅਤੇ ਸਨਮਾਨ ਨਾਲ ਸਿਰ ਉੱਚਾ ਚੁੱਕਣ ਦੇ ਮੌਕੇ ਦਿੱਤੇ । ਰਾਜਪਾਲ ਨੇ ਹਾੜੀ ਦੀਆਂ ਫਸਲਾਂ, ਸੁਰੱਖਿਅਤ ਖੇਤੀ, ਫਲਾਂ ਅਤੇ ਸਬਜ਼ੀਆਂ, ਬੀਜ ਉਤਪਾਦਨ, ਜੈਵਿਕ ਖੇਤੀ, ਖੇਤੀ ਬਾਇਓਤਕਨਾਲੋਜੀ, ਖੇਤੀ ਮਸ਼ੀਨਰੀ, ਖੇਤੀ ਸਾਹਿਤ ਅਤੇ ਮੁਹਾਰਤ ਵਿਕਾਸ ਪ੍ਰੋਗਰਾਮ ਤੋਂ ਇਲਾਵਾ ਖੁੰਬ ਉਤਪਾਦਨ ਤੇ ਸ਼ਹਿਦ ਮੱਖੀ ਪਾਲਣ ਸੰਬੰਧੀ ਅਤਿ ਆਧੁਨਿਕ ਤਜਰਬਿਆਂ ਨੂੰ ਵੇਖਿਆ। ਸ਼੍ਰੀ ਪੁਰੋਹਿਤ ਇਨਾਂ ਤਜਰਬਿਆਂ ਤੋਂ ਸੰਤੁਸ਼ਟ ਨਜ਼ਰ ਆਏ। ਉਨਾਂ ਆਸ ਪ੍ਰਗਟਾਈ ਕਿ ਪੀ.ਏ.ਯੂ. ਦੇ ਵਿਗਿਆਨੀ ਦੇਸ਼ ਦੀ ਖੇਤੀ ਨੂੰ ਦੂਜੀ ਹਰੀ ਕ੍ਰਾਂਤੀ ਵੱਲ ਲਿਜਾਣ ਵਿਚ ਸਫ਼ਲ ਹੋਣਗੇ। ਪੀ.ਏ.ਯੂ. ਦੇ ਨਿਰਦੇਸ਼ਕ ਖੋਜ ਡਾ ਅਜਮੇਰ ਸਿੰਘ ਢੱਟ ਨੇ ਰਾਜਪਾਲ ਦਾ ਸਵਾਗਤ ਕੀਤਾ। ਉਨਾਂ ਪੀ.ਏ.ਯੂ. ਵੱਲੋਂ ਖੇਤੀ ਖੋਜ, ਪਸਾਰ ਅਤੇ ਅਕਾਦਮਿਕ ਖੇਤਰ ਵਿਚ ਕੀਤੇ ਜਾ ਰਹੇ ਕੰਮਾਂ ਦੀ ਜਾਣਕਾਰੀ ਦਿੱਤੀ। ਪੀ.ਏ.ਯੂ. ਦੇ ਨਿਰਦੇਸ਼ਕ ਪਸਾਰ ਸਿੱਖਿਆ ਡਾ. ਜਸਕਰਨ ਸਿੰਘ ਮਾਹਲ ਨੇ ਰਾਜਪਾਲ ਦਾ ਪੀ.ਏ.ਯੂ. ਆਉਣ ਤੇ ਧੰਨਵਾਦ ਕੀਤਾ।

ਇਸ ਮੌਕੇ ਪੀ.ਏ.ਯੂ. ਦੇ ਵੱਖ ਵੱਖ ਵਿਭਾਗਾਂ ਵਲੋਂ ਖੇਤੀ ਸਾਹਿਤ ਅਤੇ ਖੇਤੀ ਸੰਬੰਧੀ ਵਿਕਾਸ ਨੂੰ ਦਰਸਾਉਂਦੀਆਂ ਪ੍ਰਦਰਸ਼ਨੀਆਂ ਲਗਾਈਆਂ ਗਈਆਂ ਸਨ। ਰਾਜਪਾਲ ਜੀ ਨੇ ਇਨਾਂ ਪ੍ਰਦਰਸ਼ਨੀਆਂ ਵਿਚ ਵਿਸ਼ੇਸ਼ ਦਿਲਚਸਪੀ ਵਿਖਾਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਪਰ ਨਿਰਦੇਸ਼ਕ ਪਸਾਰ ਸਿੱਖਿਆ ਡਾ ਜੀ ਪੀ ਐੱਸ ਸੋਢੀ, ਅਪਰ ਨਿਰਦੇਸ਼ਕ ਖੋਜ ਡਾ ਗੁਰਸਾਹਬ ਸਿੰਘ ਮਨੇਸ, ਡੀਨ ਖੇਤੀ ਇੰਜਨੀਅਰਿੰਗ ਕਾਲਜ ਡਾ ਅਸ਼ੋਕ ਕੁਮਾਰ, ਅਪਰ ਨਿਰਦੇਸ਼ਕ ਸੰਚਾਰ ਡਾ ਤੇਜਿੰਦਰ ਸਿੰਘ ਰਿਆੜ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਮੁੱਖੀ ਹਾਜ਼ਰ ਸਨ।

# ਕਿਸਾਨੀ ਸੰਘਰਸ਼ ਵਿੱਚ ਯੋਗਦਾਨ ਪਾਉਣ ਬਦਲੇ ਗੀਤਕਾਰ ਦਾਰਾ ਘਵੱਦੀ ਦਾ ਸਨਮਾਨ



**ਚੰਡੀਗੜ/ਪ੍ਰੀਤਮ ਲੁਧਿਆਣਵੀ**

ਲਹਿਰੇ ਟੋਲ ਪਲਾਜੇ 'ਤੇ ਕਿਸਾਨੀ ਸੰਘਰਸ਼ ਦੀ ਜਿੱਤ ਦੀ ਖ਼ੁਸ਼ੀ ਵਿੱਚ ਬੀਤੇ ਕੱਲ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਅਹਿਮਦਗੜ ਵੱਲੋਂ ਤਕਰੀਬਨ ਅੱਸੀ ਪਿੰਡਾਂ ਦੀ ਇਕੱਤਰਤਾ ਕੀਤੀ ਗਈ ਜਿਸ ਵਿੱਚ ਕਿਸਾਨਾਂ ਅਤੇ ਬੀਬੀਆਂ ਨੇ ਵੱਧ ਚੜ ਕੇ ਹਿੱਸਾ ਲਿਆ। ਇਸ ਭਾਰੀ ਇਕੱਠ ਵਿੱਚ ਕਿਸਾਨੀ ਸੰਘਰਸ਼ ਵਿੱਚ ਯੋਗਦਾਨ ਪਾਉਣ ਵਾਲੇ ਕਿਸਾਨਾਂ ਅਤੇ ਬੀਬੀਆਂ ਦਾ ਸਨਮਾਨ ਕੀਤਾ ਗਿਆ। ਇਸੇ ਲੜੀ ਤਹਿਤ ਰੰਗਲਾ ਪੰਜਾਬ ਸੱਭਿਆਚਾਰਕ ਮੰਚ ਡੇਹਲੋਂ ਦੇ ਪਧਾਨ ਗੀਤਕਾਰ ਦਾਰਾ ਘਵੱਦੀ ਜੋ ਕਿ ਸਮੇਂ ਸਮੇਂ 'ਤੇ ਮੰਚ ਦੇ ਉਪ ਚੇਅਰਮੈਨ ਅਵਤਾਰ ਸਿੰਘ ਸੋਹੀਆਂ, ਸਰਪ੍ਰਸਤ ਜਸਵੀਰ ਸਿੰਘ ਢਿਲੋਂ, ਚੇਅਰਮੈਨ ਨਿਰਮਲ ਸਿੰਘ, ਰਣਜੋਧ ਸਿੰਘ, ਜਗਪਾਲ ਸ਼ੇਰਾ, ਗੁਰਜੀਤ ਬੂਟਾ, ਦਰਸ਼ੀ ਬਾਬਰਪੁਰੀਆ, ਨਿਸ਼ੀ ਘਲੋਟੀ, ਬਲਵਿੰਦਰ ਡਾਂਗੋ, ਲਵਲੀ, ਗੁਰਦੀਪ, ਜਗਤਾਰ, ਸਰਿੰਦਰ ਸਿੰਘ, ਡਾਲਰਜੀਤ, ਕੁਲਵੀਰ, ਰੂਪੀ ਤੇ ਕਰਨੈਲ ਆਦਿ ਅਹੁੱਦੇਦਾਰਾਂ ਨਾਲ ਲਹਿਰੇ ਟੋਲ ਪਲਾਜੇ ਧਰਨੇ 'ਤੇ ਹਾਜ਼ਰੀ ਲਗਵਾਉਦੇ ਰਹੇ ਅਤੇ ਕੇਂਦਰ ਸਰਕਾਰ ਵਿਰੁੱਧ ਰੋਸ ਮਾਰਚ ਵੀ ਆਪਣੀ ਪੂਰੀ ਟੀਮ ਨਾਲ ਕਰਦੇ ਸਨ : ਇਸ ਤੋਂ ਇਲਾਵਾ ਦਿੱਲੀ ਕਿਸਾਨ ਮੋਰਚੇ ਵਿੱਚ ਪੂਰੀ ਟੀਮ ਨਾਲ ਹਾਜ਼ਰੀ ਲਗਵਾਉਂਦੇ ਰਹੇ ਅਤੇ ਆਪਣੀ ਕਲਮ ਰਾਹੀਂ ਕਿਸਾਨ ਮੋਰਚੇ ਨੂੰ ਹੌਂਸਲਾ ਦੇਣ ਵਾਲੇ ਗੀਤ ਲਿਖ ਲਿਖ ਕੇ ਕਿਸਾਨੀ ਸੰਘਰਸ਼ ਨੂੰ ਮਜਬੂਤ ਬਣਾਉਣ ਲਈ ਹਰ ਹੀਲਾ ਵਰਤਦੇ ਰਹੇ, ਨੂੰ ਸਨਮਾਨਿਤ ਕੀਤਾ ਗਿਆ।

ਸਨਮਾਨਿਤ ਕੀਤੇ ਜਾਣ ਵਾਰੇ ਜਦੋਂ ਸਾਡੇ ਪੱਤਰਕਾਰ ਨੇ ਦਾਰਾ ਘਵੱਦੀ ਨਾਲ ਗੱਲ ਕੀਤੀ ਤਾਂ ਗੀਤਕਾਰ ਦਾਰਾ ਘਵੱਦੀ ਨੇ ਕਿਹਾ ਕਿ ਕਿਸਾਨੀ ਸੰਘਰਸ਼ ਵਿੱਚ ਪਾਏ ਯੋਗਦਾਨ ਕਰਕੇ ਏਡੀ ਵੱਡੀ ਸਟੇਜ 'ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਅਹਿਮਦਗੜ ਦੇ ਪ੍ਰਧਾਨ ਸ਼ੇਰ ਸਿੰਘ ਮਹੋਲੀ ਅਤੇ ਹੋਰ ਕਮੇਟੀ ਮੈਂਬਰਾਂ ਵੱਲੋਂ ਮੇਰਾ ਸਨਮਾਨ ਹੋਣਾ ਮੇਰੇ ਲਈ ਅਤੇ ਮੇਰੇ ਪਿੰਡ ਘਵੱਦੀ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ। ਦਾਰਾ ਘਵੱਦੀ ਨੇ ਅੱਗੇ ਕਿਹਾ ਇਸ ਕਿਸਾਨੀ ਸੰਘਰਸ਼ ਵਿੱਚ ਜਿਸ ਨੇ ਵੀ ਹਿੱਸਾ ਪਾਇਆ ਉਸਦਾ ਨਾਮ ਰਹਿੰਦੀ ਦੁਨੀਆਂ ਤੱਕ ਲੋਕ ਯਾਦ ਰੱਖਣਗੇ ਅਤੇ ਕਿਸਾਨੀ ਸੰਘਰਸ਼ ਦੇ ਇਤਿਹਾਸ ਵਿੱਚ ਉਨਾਂ ਦਾ ਨਾਮ ਸੁਨਿਹਰੀ ਅੱਖਰਾਂ ਵਿੱਚ ਲਿਖਿਆ ਜਾਵੇਗਾ।

## ਸੰਖੇਪ ਖਬਰਾਂ

### ਟੌਲ ਪਲਾਜ਼ਿਆਂ ਉੱਤੇ ਅਜੇ ਡਟੇ ਰਹਿਣਗੇ ਕਿਸਾਨ

**ਚੰਡੀਗੜ੍ਹ/ਲੋਕ ਬਾਣੀ :** ਪੰਜਾਬ ਵਿੱਚ ਕਾਰਪੋਰੇਟ ਘਰਾਣਿਆਂ ਦੇ ਵਪਾਰਕ ਅਦਾਰਿਆਂ, ਭਾਜਪਾ ਆਗੂਆਂ, ਰੇਲਵੇ ਸਟੇਸ਼ਨਾਂ ਦੇ ਪਾਰਕਾਂ ਆਦਿ 'ਤੇ ਚੱਲ ਰਹੇ ਧਰਨਿਆਂ ਨੂੰ ਸੰਯੁਕਤ ਮੋਰਚੇ ਦੇ ਫੈਸਲੇ ਮੁਤਾਬਕ ਅੱਜ ਸਮਾਪਤ ਕਰ ਦਿੱਤਾ ਗਿਆ ਜਦੋਂਕਿ ਟੌਲ ਪਲਾਜ਼ਿਆਂ 'ਤੇ ਰੇਟ ਵਧਾਉਣ ਕਾਰਨ ਕਿਸਾਨ ਜਥੇਬੰਦੀਆਂ ਨੇ ਧਰਨੇ ਜਾਰੀ ਰੱਖਣ ਦਾ ਐਲਾਨ ਵੀ ਕੀਤਾ ਹੈ। ਸੰਯੁਕਤ ਕਿਸਾਨ ਮੋਰਚੇ ਦੇ ਦਿੱਲੀ ਮੋਰਚੇ ਦੀ ਸਮਾਪਤੀ ਮਗਰੋਂ ਕਿਸਾਨ ਜਥੇਬੰਦੀਆਂ ਨੇ ਪੜਾਅਵਾਰ ਸੰਘਰਸ਼ ਨੂੰ ਖ਼ਤਮ ਕਰਨ ਦਾ ਐਲਾਨ ਕਰਦਿਆਂ 15 ਦਸੰਬਰ ਨੂੰ ਪੰਜਾਬ ਵਿੱਚ ਧਰਨੇ ਚੁੱਕਣ ਦਾ ਐਲਾਨ ਕੀਤਾ ਸੀ। ਪੰਜਾਬ ਦੀਆਂ ਸਾਰੀਆਂ ਕਿਸਾਨ ਜਥੇਬੰਦੀਆਂ ਨੇ ਅੱਜ ਸੰਘਰਸ਼ ਖ਼ਤਮ ਕਰਨ ਦਾ ਐਲਾਨ ਕਰਨ ਮੌਕੇ ਭਰਵੇਂ ਇਕੱਠ ਕੀਤੇ। ਕਿਸਾਨ ਜਥੇਬੰਦੀਆਂ ਦੇ ਬੁਲਾਰਿਆਂ ਨੇ ਕਿਹਾ ਕਿ ਭਵਿੱਖ ਵਿੱਚ ਵੀ ਕਿਰਤੀਆਂ ਅਤੇ ਕਿਸਾਨਾਂ ਦੀਆਂ ਹੱਕੀ ਮੰਗਾਂ 'ਤੇ ਏਕਤਾ ਅਤੇ ਸੰਘਰਸ਼ ਦਾ ਪੱਲਾ ਨਾ ਛੱਡਿਆ ਜਾਵੇ। ਬੁਲਾਰਿਆਂ ਨੇ ਕਿਹਾ ਕਿ ਇਤਿਹਾਸਕ ਜਿੱਤ ਬਾਅਦ ਭਾਵੇਂ ਅੱਜ ਉਹ ਇਹ ਧਰਨੇ ਖਤਮ ਕਰ ਰਹੇ ਹਨ ਪਰ ਖੇਤੀ ਨੂੰ ਲਾਹੇਵੰਦ ਬਣਾਉਣ ਅਤੇ ਸਰਕਾਰ ਦੀਆਂ ਕਾਰਪੋਰੇਟ ਪੱਖੀ ਨੀਤੀਆਂ ਨੂੰ ਪੁੱਠਾ ਗੇੜਾ ਦੇਣ ਦੀ ਜੰਗ ਅਜੇ ਬਾਕੀ ਹੈ। ਇਸ ਜੰਗ ਲਈ ਸਾਨੂੰ ਹੋਰ ਵੀ ਵਧੇਰੇ ਵਿਸ਼ਾਲ ਏਕਾ ਉਸਾਰਨਾ ਪਵੇਗਾ।

### ਪੰਜਾਬ 'ਚ ਸੰਘਣੀ ਧੁੰਦ ਕਾਰਨ ਆਮ ਜਨਜੀਵਨ ਪ੍ਰਭਾਵਿਤ, ਠੰਢ ਨੇ ਜੋਰ ਫੜਿਆ

**ਮੋਗਾ/ਲੋਕ ਬਾਣੀ :** ਪੰਜਾਬ ਦੇ ਮਾਲਵਾ ਪੱਟੀ ਦੇ ਮੋਗਾ, ਫਿਰੋਜਪੁਰ, ਫਾਜਲਿਕਾ, ਫਰੀਦਕੋਟ, ਬਠਿੰਡਾ ਅਤੇ ਹੋਰ ਜਲ੍ਹਿਆਂ ਵਿੱਚ ਅੱਜ ਸਵੇਰੇ ਸੰਘਣੀ ਧੁੰਦ ਕਾਰਨ ਆਮ ਜਨਜੀਵਨ ਪ੍ਰਭਾਵਿਤ ਹੋਇਆ। ਮੌਸਮ ਵਿਭਾਗ ਅਨੁਸਾਰ ਮਾਲਵਾ ਪੱਟੀ ਵਿੱਚ ਤਕਰੀਬਨ ਸਾਰੀਆਂ ਥਾਵਾਂ 'ਤੇ ਘੱਟੋ-ਘੱਟ ਤਾਪਮਾਨ ਆਮ ਨਾਲੋਂ 1 ਤੋਂ 3 ਡਿਗਰੀ ਸੈਲਸੀਅਸ ਹੇਠਾਂ ਰਿਹਾ। ਸਵੇਰੇ 10 ਵਜੇ ਮੋਗਾ ਦਾ ਵੱਧ ਤੋਂ ਵੱਧ ਤਾਪਮਾਨ 13 ਡਿਗਰੀ ਸੈਲਸੀਅਸ, ਫਿਰੋਜਪੁਰ 12, ਫਾਜਲਿਕਾ 12, ਫਰੀਦਕੋਟ 13, ਮੁਕਤਸਰ 12, ਬਠਿੰਡਾ 13, ਮਾਨਸਾ 14, ਲੁਧਿਆਣਾ 13, ਬਰਨਾਲਾ 13 ਅਤੇ ਸੰਗਰੂਰ 14 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਇਸ ਦੌਰਾਨ ਮਾਝ ਤੇ ਦੁਆਬੇ ਵਿੱਚ ਵੀ ਕਈ ਥਾਵਾਂ 'ਤੇ ਸੰਘਣੀ ਧੁੰਦ ਤੇ ਕੜਾਕੇ ਦੀ ਠੰਢ ਪੈਣ ਦੀਆਂ ਰਿਪੋਰਟਾਂ ਹਨ।

### ਨਸ਼ਿਆਂ ਦਾ ਮਾਮਲਾ : ਪੰਜਾਬ ਸਰਕਾਰ ਹੋਰ ਮੁਸ਼ਕਲ 'ਚ, ਚੀਮਾ ਵੀ ਪਿੱਛੇ ਹਟੇ

**ਚੰਡੀਗੜ੍ਹ/ਲੋਕ ਬਾਣੀ :** ਪੰਜਾਬ ਸਰਕਾਰ ਨੂੰ ਨਸ਼ਿਆਂ ਦੇ ਮਾਮਲੇ 'ਤੇ ਵੱਡਾ ਝਟਕਾ ਲੱਗਾ ਹੈ। ਉੱਚ ਪੱਧਰੀ ਸੂਤਰਾਂ ਮੁਤਾਬਕ ਆਈਜੀ ਰੈਂਕ ਦੇ ਪੁਲੀਸ ਅਧਿਕਾਰੀ ਗੌਤਮ ਚੀਮਾ ਨੇ ਵੀ ਚਰਚਿਤ ਅਕਾਲੀ ਨੇਤਾ ਖਲਿਾਫ਼ ਕਾਰਵਾਈ ਕਰਨ ਤੋਂ ਹੱਥ ਖੜ੍ਹੇ ਕਰ ਦਿੱਤੇ ਹਨ। ਇਸ ਅਧਿਕਾਰੀ ਦੀ ਡਾਇਰੈਕਟਰ ਬਿਊਰੋ ਆਫ਼ ਇਨਵੈਸਟੀਗੇਸ਼ਨ (ਬੀਓਆਈ) ਅਹੁਦੇ 'ਤੇ ਨਿਯੁਕਤੀ ਤੋਂ ਪਹਿਲਾਂ ਹੀ ਖੜ੍ਹੇ ਹੋਏ ਇਸ ਸੰਕਟ ਕਾਰਨ ਅੱਜ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਹੇਠ ਮੀਟਿੰਗਾਂ ਦਾ ਦੌਰ ਚੱਲਦਾ ਰਿਹਾ। ਇਸ ਦੌਰਾਨ ਡੀਜੀਪੀ ਰੈਂਕ ਦੇ ਅਧਿਕਾਰੀਆਂ ਦੀ ਵੀ ਰਾਏ ਜਾਣੀ ਗਈ। ਸੂਤਰਾਂ ਨੇ ਕਿਹਾ ਕਿ ਮੀਟਿੰਗਾਂ ਦੌਰਾਨ ਨਸ਼ਿਆਂ ਦੇ ਮਾਮਲੇ 'ਤੇ ਸਰਕਾਰ ਦੀ ਲਗਾਤਾਰ ਹੋ ਰਹੀ ਪਤਲੀ ਹਾਲਤ ਅਤੇ ਪੁਲੀਸ ਅਧਿਕਾਰੀਆਂ ਦੇ ਰਵੱਈਏ ਬਾਰੇ ਵੀ ਚਰਚਾ ਕੀਤੀ ਗਈ। ਸੀਨੀਅਰ ਪੁਲੀਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਚਰਚਿਤ ਅਕਾਲੀ ਨੇਤਾ ਖਲਿਾਫ਼ ਪੁਲੀਸ ਅਫ਼ਸਰ ਤਾਂ ਪਹਿਲਾਂ ਹੀ ਕਾਰਵਾਈ ਕਰਨ ਤੋਂ ਗੁਰੇਜ਼ ਕਰ ਰਹੇ ਸਨ ਪਰ ਹੁਣ ਵਧੀਕ ਡੀਜੀਪੀ ਐੱਸ ਕੇ ਅਸਥਾਨਾ ਵੱਲੋਂ ਲਿਖੀ ਲੰਮੀ ਨੋਟਿੰਗ ਨੇ ਮਾਮਲਾ ਪੇਚੀਦਾ ਬਣਾ ਦਿੱਤਾ ਹੈ।

### ਲਾਡੋਵਾਲ ਟੌਲ ਪਲਾਜ਼ਾ ਖੋਲ੍ਹਣ ਦੀ ਕੋਸ਼ਿਸ਼ ਕਿਸਾਨਾਂ ਨੇ ਕੀਤੀ ਨਾਕਾਮ

**ਲੁਧਿਆਣਾ/ਲੋਕ ਬਾਣੀ :** ਸੂਬੇ ਦੇ ਸਭ ਤੋਂ ਮਹਿੰਗੇ ਟੌਲ ਪਲਾਜਾ ਲਾਡੋਵਾਲ ਨੂੰ ਖੋਲ੍ਹਣ ਦਾ ਅਮਲ ਅੱਜ ਕਿਸਾਨਾਂ ਦੇ ਵਿਰੋਧ ਕਰ ਕੇ ਸਿਰੇ ਨਹੀਂ ਚੜ੍ਹ ਸਕਿਆ। ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਪ੍ਰਧਾਨ ਹਰਮੀਤ ਕਾਦੀਆਂ ਨੇ ਅੱਜ ਲਾਡੋਵਾਲ ਟੌਲ ਪਲਾਜਾ 'ਤੇ ਐਲਾਨ ਕੀਤਾ ਕਿ ਅਗਲੇ ਫੈਸਲੇ ਤੱਕ ਪੰਜਾਬ ਭਰ 'ਚ ਟੌਲ ਪਲਾਜਾ ਬੰਦ ਰਹਿਣਗੇ। ਉਨ੍ਹਾਂ ਕਿਹਾ ਕਿ ਕਈ ਟੌਲ ਪਲਾਜ਼ਿਆਂ 'ਤੇ ਪਰਚੀ ਦੇ ਰੇਟ ਦੁੱਗਣੇ ਕੀਤੇ ਗਏ ਹਨ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਇਸ ਸਬੰਧੀ ਕਿਸਾਨ ਯੂਨੀਅਨਾਂ ਨੇ ਪਹਿਲਾਂ ਵੀ ਚੇਤਾਵਨੀ ਦਿੱਤੀ ਸੀ, ਪਰ ਇਸ 'ਤੇ ਸਰਕਾਰ ਨੇ ਧਿਆਨ ਨਹੀਂ ਦਿੱਤਾ। ਇਸ ਲਈ ਹੁਣ ਟੌਲ ਪਲਾਜ਼ਿਆਂ 'ਤੇ ਲੱਗੇ ਹੋਏ ਪੱਕੇ ਮੋਰਚੇ ਜਾਰੀ ਰਹਿਣਗੇ। ਉਨ੍ਹਾਂ ਕਿਹਾ ਕਿ ਇਸ ਬਾਰੇ ਵਿੱਚ ਅਗਲੇ ਇੱਕ-ਦੋ ਦਿਨ ਵਿੱਚ ਉਹ ਸੰਯੁਕਤ ਕਿਸਾਨ ਮੋਰਚਾ ਦੀ ਮੀਟਿੰਗ ਵਿੱਚ ਭਵਿੱਖ ਦੀ ਰਣਨੀਤੀ ਬਾਰੇ ਫੈਸਲਾ ਲੈਣਗੇ।

### ਪੰਜਾਬ ਦੇ ਡੀਜੀਪੀ ਦੀ ਨਿਯੁਕਤੀ ਲਈ ਯੂਪੀਐੱਸਸੀ ਦੀ ਮੀਟਿੰਗ 21 ਨੂੰ

**ਚੰਡੀਗੜ੍ਹ/ਲੋਕ ਬਾਣੀ :** ਪੰਜਾਬ ਪੁਲੀਸ ਦੇ ਮੁਖੀ ਦੀ ਨਿਯੁਕਤੀ ਲਈ ਸੰਘ ਲੋਕ ਸੇਵਾ ਕਮਿਸ਼ਨ (ਯੂਪੀਐੱਸਸੀ) ਨੇ 21 ਦਸੰਬਰ ਨੂੰ ਮੀਟਿੰਗ ਸੱਦੀ ਹੈ। ਰਾਜ ਸਰਕਾਰ ਵੱਲੋਂ ਡੀਜੀਪੀ ਦੀ ਨਿਯੁਕਤੀ ਲਈ 1987 ਤੋਂ ਲੈ ਕੇ 1991 ਬੈਚ ਤੱਕ ਦੇ ਡੀਜੀਪੀ ਰੈਂਕ ਦੇ ਉਨ੍ਹਾਂ ਪੁਲੀਸ ਅਧਿਕਾਰੀਆਂ ਦੇ ਨਾਵਾਂ 'ਤੇ ਆਧਾਰਿਤ ਪੈਨਲ ਭੇਜਿਆ ਗਿਆ ਹੈ ਜਿਨ੍ਹਾਂ ਦਾ ਸੇਵਾਕਾਲ ਪਹਿਲੀ ਅਕਤੂਬਰ ਤੋਂ ਬਾਅਦ 6 ਮਹੀਨਿਆਂ ਦਾ ਰਹਿੰਦਾ ਹੈ। ਚਰਨਜੀਤ ਸਿੰਘ ਚੰਨੀ ਦੇ ਮੁੱਖ ਮੰਤਰੀ ਬਣਨ ਤੋਂ ਬਾਅਦ 1988 ਬੈਚ ਦੇ ਪੁਲੀਸ ਅਧਿਕਾਰੀ ਇਕਬਾਲਪ੍ਰੀਤ ਸਿੰਘ ਸਹੋਤਾ ਨੂੰ ਡੀਜੀਪੀ ਦੇ ਅਹੁਦੇ ਦਾ ਵਾਧੂ ਚਾਰਜ ਦਿੱਤਾ ਗਿਆ ਸੀ। ਸੁਪਰੀਮ ਕੋਰਟ ਦੇ ਦਿਸ਼ਾ-ਨਿਰਦੇਸ਼ਾਂ ਮੁਤਾਬਕ ਯੂਪੀਐੱਸਸੀ ਵੱਲੋਂ ਡੀਜੀਪੀ ਦੀ ਨਿਯੁਕਤੀ ਲਈ ਤਿੰਨ ਪੁਲੀਸ ਅਧਿਕਾਰੀਆਂ ਦੇ ਨਾਵਾਂ 'ਤੇ ਆਧਾਰਿਤ ਪੈਨਲ ਰਾਜ ਸਰਕਾਰ ਨੂੰ ਭੇਜ ਦਿੱਤਾ ਜਾਂਦਾ ਹੈ ਤੇ ਰਾਜ ਸਰਕਾਰ ਉਨ੍ਹਾਂ ਵਿੱਚੋਂ ਹੀ ਕਿਸੇ ਇੱਕ ਨੂੰ ਦੋ ਸਾਲਾਂ ਲਈ ਡੀਜੀਪੀ ਨਿਯੁਕਤ ਕਰ ਸਕਦੀ ਹੈ। ਇਸ ਤਰ੍ਹਾਂ ਨਾਲ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਦਾ ਐਲਾਨ ਹੋਣ ਤੋਂ ਪਹਿਲਾਂ ਪੰਜਾਬ ਨੂੰ ਪੱਕੇ ਤੌਰ 'ਤੇ ਡੀਜੀਪੀ ਮਿਲਣ ਦੀ ਸੰਭਾਵਨਾ ਹੈ।

### ਪਰਿਵਾਰ ਵਿਛੋੜਾ ਸਾਹਿਬ ਦਾ ਸਹੀਦੀ ਜੋੜ ਮੇਲ ਸਮਾਪਤ

**ਘਨੌਲੀ/ਲੋਕ ਬਾਣੀ :** ਗੁਰਦੁਆਰਾ ਪਰਿਵਾਰ ਵਿਛੋੜਾ ਸਾਹਿਬ ਨੰਗਲ ਸਰਸਾ ਵਿੱਚ ਚੱਲ ਰਿਹਾ ਸਾਲਾਨਾ ਸਹੀਦੀ ਜੋੜ ਮੇਲ ਅੱਜ ਬਾਅਦ ਦੁਪਹਿਰ ਸਮਾਪਤ ਹੋ ਗਿਆ। ਗੁਰਦਆਰੇ ਵਿੱਚ ਵੱਖ-ਵੱਖ ਥਾਵਾਂ 'ਤੇ ਚੱਲ ਰਹੇ ਅਖੰਡ ਪਾਠ ਦੇ ਭੋਗ ਪੈਣ ਤੋਂ ਬਾਅਦ ਭਾਈ ਉਦੈ ਸਿੰਘ ਦੀਵਾਨ ਹਾਲ ਵਿੱਚ ਧਾਰਮਿਕ ਦੀਵਾਨ ਸਜਾਏ ਗਏ, ਜਿਸ ਦੌਰਾਨ ਰਾਗੀ, ਢਾਡੀ ਅਤੇ ਕਵੀਸਰੀ ਜਥਿਆਂ ਨੇ ਗੁਰੂ ਗੋਬਿੰਦ ਸਿੰਘ ਜੀ ਦੇ ਕਿਲ੍ਹਾ ਛੱਡਣ ਤੋਂ ਲੈ ਕੇ ਚਾਰੋਂ ਸਾਹਿਬਜਾਦਿਆਂ ਦੀ ਸਹੀਦੀ ਅਤੇ ਗੁਰੂ ਸਾਹਿਬ ਵੱਲੋਂ ਧਰਮ ਬਚਾਉਣ ਦੀ ਖਾਤਰ ਲੜੇ ਗਏ ਯੁੱਧਾਂ ਦਾ ਬਿਰਤਾਂਤ ਸੁਣਾਉਂਦਿਆਂ ਗੁਰਬਾਣੀ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਸਮਾਗਮ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ, ਜੂਨੀਅਰ ਮੀਤ ਪ੍ਰਧਾਨ ਪ੍ਰਿੰਸੀਪਲ ਸੁਰਿੰਦਰ ਸਿੰਘ ਅਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਗੁਰੂ ਸਾਹਿਬ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਦਿੱਤੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਸਹੀਦੀ ਪੰਦਰਵਾੜੇ ਦੌਰਾਨ ਕੋਈ ਖੁਸੀ ਵਾਲਾ ਸਮਾਗਮ ਨਾ ਕਰਵਾਉਣ ਅਤੇ ਕਿਸੇ ਨੂੰ ਸਿਰੋਪਾ ਭੇਟ ਨਾ ਕਰਨ ਦੀ ਅਪੀਲ ਕੀਤੀ।

# ਸਿਵਲ ਹਸਪਤਾਲ ਤਰਨ ਤਾਰਨ ਵਿਖੇ ਐਨ.ਐਮ.ਕਰਮਚਾਰੀਆਂ ਦੀ ਹੜ੍ਹਤਾਲ ਜਾਰੀ

**ਘਰ-ਘਰ ਜਾਕੇ ਲੋਕਾਂ ਨੂੰ ਕਾਂਗਰਸ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਤੋਂ ਜਾਣੂ ਕਰਵਾਵਾਂਗੇ : ਪ੍ਰਧਾਨ ਮਨਦੀਪ ਸਿੰਘ**

■ ਝੂਠੀਏ ਸਰਕਾਰੇ ਲਾਰੇ ਤੇਰੇ ਨਹੀਂ ਮੁੱਕਦੇ ਜਿੰਦ ਸਾਡੀ ਮੁੱਕਣੇ ਤੇ ਆਈ ਹੋਈ ਏ : ਪ੍ਰਧਾਨ ਜ਼ਸਬੀਰ ਸਿੰਘ ਘਰਿਆਲਾ



**ਤਰਨ ਤਾਰਨ/ਚੋਹਲਾ ਸਾਹਿਬ /ਮਨਜੀਤ ਸੰਧੂ ,ਭਗਤ ਸਿੰਘ ਸੰਧੂ,ਗੁਰਮੀਤ ਸੰਧੂ**

ਨੈਸਨਲ ਹੈਲਥ ਮਿਸਨ ਦੇ ਕਰਮਚਾਰੀਆਂ ਵੱਲੋਂ ਆਪਣੀ ਰੈਗੂਲਰ ਹੋਣ ਦੀ ਮੰਗ ਨੂੰ ਲੈਕੇ ਬੀਤੇ ਕਈ ਦਿਨਾਂ ਤੋਂ ਲਗਾਤਾਰ ਸੰਘਰਸ ਕੀਤਾ ਜਾ ਰਿਹਾ ਹੈ ।ਇਸ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਐਨ.ਐਚ.ਐਮ.ਤਰਨ ਤਾਰਨ ਦੇ ਜਿਲ੍ਹਾ ਪ੍ਰਧਾਨ ਜ਼ਸਬੀਰ ਸਿੰਘ ਘਰਿਆਲਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਦੇ ਸਿਹਤ ਮੰਤਰੀ,ਉੱਪ ਮੁੱਖ ਮੰਤਰੀ ਓ.ਪੀ.ਸੋਨੀ ਅਤੇ ਪੰਜਾਬ ਦੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਨੈਸਨਲ ਹੈਲਥ ਮਿਸਨ ਦੇ ਕਰਮਚਾਰੀਆਂ ਨੂੰ ਰੈਗੂਲਰ ਕਰਨ ਸਬੰਧੀ ਵਾਰ ਵਾਰ ਲਾਰੇ ਲਗਾਏ ਜਾ ਰਹੇ ਹਨ ਪਰ ਵਾਅਦੇ ਵਫਾ ਹੁੰਦੇ ਨਜਰ ਨਹੀਂ ਆ ਰਹੇ ।ਉਹਨਾਂ ਕਿਹਾ ਕਿ ਪ੍ਰਸਾਸਨ ਵੱਲੋਂ 14 ਦਸੰਬਰ ਦੀ ਕੈਬਨਿਟ ਮੀਟਿੰਗ ਵਿੱਚ ਮੁਲਾਜਮਾਂ ਨੂੰ ਰੈਗੂਲਰ ਕਰਨ ਸਬੰਧੀ ਪੱਕਾ ਵਿਸਵਾਸ ਦਿਵਾਇਆ ਗਿਆ ਸੀ ਪਰ ਇਸ ਮੀਟਿੰਗ ਵਿੱਚ ਵੀ ਲਾਰੇ ਲਗਾਕੇ ਮੁਲਾਜਮਾਂ ਨੂੰ ਘਰਾਂ ਨੂੰ ਤੋਰ ਦਿੱਤਾ ਗਿਆ ਹੈ ।ਉਹਨਾਂ ਦੁੱਖੀ ਮਨ ਨਾਲ ਕਿਹਾ ਕਿ ਝੂਠੀਏ ਸਰਕਾਰੇ ਲਾਰੇ ਤੇਰੇ ਨਹੀਂ ਮੁੱਕਦੇ ਜਿੰਦ ਸਾਡੀ ਮੁੱਕਣੇ ਤੇ ਆਈ ਹੋਈ ਹੈ ।ਬਲਾਕ ਪ੍ਰਧਾਨ ਮਨਦੀਪ ਸਿੰਘ ਨੇ ਕਿਹਾ ਕਿ ਅੱਜ ਸਿਵਲ ਸਰਜਨ ਦਫਤਰ ਤਰਨ ਤਾਰਨ ਵਿਖੇ ਜਿਲ੍ਹਾ ਤਰਨ ਤਾਰਨ ਦੇ ਸਮੂਹ ਐਨ.ਐਚ.ਐਮ.ਕਰਚਾਰੀਆਂ ਦਾ ਭਾਰੀ ਇੱਕਠ ਕੀਤਾ ਗਿਆ ਅਤੇ ਫੈਸਲਾ ਕੀਤਾ ਕਿ ਕੱਲ ਮਿਤੀ 17 ਦਸੰਬਰ ਨੂੰ ਘਰ ਘਰ ਜਾਕੇ ਅਤੇ ਸਰਕਾਰੀ ਦਫਤਰਾਂ ਦੇ ਗੇਟਾਂ ਅੱਗੇ ਮੁਲਾਜਮਾਂ ਵੱਲੋਂ ਕਾਂਗਰਸ ਸਰਕਾਰ ਦੀਆਂ ਲੋਕ ਅਤੇ ਮੁਲਾਜਮ ਮਾਰੂ ਨੀਤੀਆਂ ਤੋਂ ਲੋਕਾਂ ਨੂੰ ਜਾਣੂ ਕਰਵਾਉਣ ਸਬੰਧੀ ਪੋਸਟਰ ਵੰਡੇ ਜਾਣਗੇ ।ਇਸ ਸਮੇਂ ਕਨਵੀਨਰ ਲਵਲੀਨ ਕੌਰ ਤਰਨ ਤਾਰਨ,ਸੂਬਾ ਕਮੇਟੀ ਮੈਂਬਰ ਕਵਲਜੀਤ ਸਿੰਘ ਕੰਪਿਊਟਰ ਆਪ੍ਰੇਟਰ,ਅਮਰਜੀਤ ਕੌਰ ਕੈਰੋਂ ਅਕਾਊਟੈਂਟ,ਤੇਜਿੰਦਰ ਸਿੰਘ ਤਰਨ ਤਾਰਨ ਆਈ.ਏ,ਜਗਦੀਪ ਕੌਰ ਬੀ.ਐਸ.ਏ,ਪ੍ਰਭਜੋਤ ਕੌਰ ਸੀ.ਐਚ.ਓ.,ਜੈਸਮੀਨ ਸੀ.ਐਚ.ਓ,ਡਾ:ਵਿਵੇਕ ਸਰਮਾਂ ਆਰ.ਬੀ.ਐਸ.ਕੇ,ਕੁਲਵੰਤ ਕੌਰ ਅਕਾਊਟੈਂਟ,ਪ੍ਰਧਾਨ ਨੀਰੂ ਮੰਨਣ ਸਟਾਫ ਨਰਸ,ਕਵਲਜੀਤ ਕੌਰ ਸਟਾਫ ਨਰਸ ਢੋਟੀਆਂ,ਹਰਪ੍ਰੀਤ ਕੌਰ ਸਟਾਫ ਨਰਸ,ਸੰਦੀਪ ਸਿੰਘ ਆਈ.ਏ,ਜੁਗਰਾਜ ਸਿੰਘ ਆਈ.ਏ,ਅਮਨਦੀਪ ਸਿੰਘ ਬੀ.ਐਸ.ਏ,ਕੁਲਵੰਤ ਸਿੰਘ ਆਈ.ਏ,ਕਰਨਜੀਤ ਸਿੰਘ ਹੋਮਿਓਪੈਥਿਕ ਡਿਸਪੈਂਸਰ,ਡਾ:ਦਿਲਬਾਗ ਸਿੰਘ ਹੋਮਿਓਪੈਥਿਕ ਮੈਡੀਕਲ ਅਫਸਰ,ਰਿਤੇਸ ਵਾਲੀਆ ਕੰਪਿਊਟਰ ਆਪ੍ਰੇਟਰ,ਅਮਨਦੀਪ ਸਿੰਘ ਕੰਪਿਊਟਰ ਆਪ੍ਰੇਟਰ,ਗੁਰਜੀਤ ਸਿੰਘ ਆਈ.ਏ,ਬਲਜੀਤ ਸਿੰਘ ਅਕਾਊਟੈਂਟ ਆਦਿ ਹਾਜਰ ਸਨ।

# ਨਵਾਂਸ਼ਹਿਰ 'ਚ 24 ਘੰਟੇ ਕਾਨੂੰਨ ਵਿਵਸਥਾ 'ਤੇ ਨਜ਼ਰ ਰੱਖਣ ਲਈ 500 ਪੁਲਿਸ ਮੁਲਾਜ਼ਮ ਤਾਇਨਾਤ



■ ਜ਼ਿਲ੍ਹੇ ਦੇ ਐਂਟਰੀ ਪੁਆਇੰਟਾਂ 'ਤੇ ਹਾਈ-ਟੈਕ ਪੁਲਿਸ ਨਾਕੇ

**ਸਹੀਦ ਭਗਤ ਸਿੰਘ ਨਗਰ/ਲੋਕ ਬਾਣੀ**

ਐਸ ਐਸ ਪੀ ਨੇ ਜ਼ਿਲ੍ਹੇ ਵਿੱਚ ਆਗਾਮੀ ਵਿਧਾਨ ਸਭਾ ਚੋਣਾਂ ਲਈ ਅਜ਼ਾਦ, ਨਿਰਪੱਖ ਅਤੇ ਸ਼ਾਂਤੀਪੂਰਨ ਮਾਹੌਲ ਦੀ ਵਚਨਬੱਧਤਾ ਦੁਹਰਾਈਜ਼ਿਲ੍ਹੇ ਵਿਚ ਰਾਤਰੀ ਗਸ਼ਤ ਅਤੇ ਚੈਕਿੰਗ ਨੂੰ ਹੋਰ ਮਜ਼ਬੂਤ ਕਰਨ ਲਈ ਅਤੇ 24 ਘੰਟੇ ਚੌਕਸੀ ਰੱਖਣ ਲਈ ਸ਼ਹੀਦ ਭਗਤ ਸਿੰਘ ਨਗਰ ਪੁਲਿਸ ਨੇ 500 ਦੇ ਕਰੀਬ ਪੁਲਿਸ ਮੁਲਾਜ਼ਮ ਜਿਨ੍ਹਾਂ ਵਿਚ ਐਸ.ਪੀ., ਡੀ.ਐਸ.ਪੀਜ਼, ਐਸ.ਐਚ.ਓਜ਼, ਪੀ.ਸੀ.ਆਰ ਸਟਾਫ਼ ਅਤੇ ਹੋਰ ਸ਼ਾਮਲ ਹਨ, ਨੂੰ ਫੀਲਡ ਵਿਚ ਤਾਇਨਾਤ ਕੀਤਾ ਹੈ ਤਾਂ ਜੋ ਅਮਨ-ਕਾਨੂੰਨ ਵਿਵਸਥਾ ਦੀ ਨਿਗਰਾਨੀ ਨੂੰ ਯਕੀਨੀ ਬਣਾਇਆ ਜਾ ਸਕੇ ।ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਸੀਨੀਅਰ ਕਪਤਾਨ ਪੁਲਿਸ (ਐਸ.ਐਸ.ਪੀ.) ਕੰਵਰਦੀਪ ਕੌਰ ਨੇ ਦੱਸਿਆ ਕਿ ਦਿਨ ਵੇਲੇ ਤਿੰਨ ਡੀ.ਐਸ.ਪੀਜ਼ ਦੀ ਅਗਵਾਈ ਵਿੱਚ 12 ਇੰਸਪੈਕਟਰ, 15 ਪੀ.ਸੀ.ਆਰ ਟੀਮਾਂ, 8 ਰੈਪਿਡ ਰੂਰਲ ਪੁਲਿਸ ਸਿਸਟਮ ਟੀਮਾਂ ਅਤੇ 205 ਪੁਲਿਸ ਕਰਮਚਾਰੀ ਸਮਾਜ ਵਿਰੋਧੀ ਅਨਸਰਾਂ 'ਤੇ ਸਖ਼ਤ ਨਜ਼ਰ ਰੱਖਣਗੇ। ਇਸੇ ਤਰ੍ਹਾਂ ਜ਼ਿਲ੍ਹੇ ਵਿੱਚ ਰਾਤਰੀ ਗਸ਼ਤ ਦੀ ਅਗਵਾਈ ਦੋ ਐਸਪੀ/ਡੀਐਸਪੀ, ਤਿੰਨ ਇੰਸਪੈਕਟਰ/ਸਬ-ਇੰਸਪੈਕਟਰ ਅਤੇ 150 ਹੋਰ ਕਰਮਚਾਰੀ ਕਰਨਗੇ ।ਐਸਐਸਪੀ ਨੇ ਦੱਸਿਆ ਕਿ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕਿਸੇ ਵੀ ਅਣਸੁਖਾਵੀਂ ਘਟਨਾ ਤੋਂ ਬਚਣ ਅਤੇ ਪੈਸੇ ਅਤੇ ਸ਼ਰਾਬ ਦੀ ਦੁਰਵਰਤੋਂ ਨੂੰ ਰੋਕਣ ਲਈ ਜ਼ਿਲ੍ਹੇ ਵਿੱਚ ਸੁਰੱਖਿਆ ਅਤੇ ਚੌਕਸੀ ਵਧਾ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਹ ਟੀਮਾਂ ਜ਼ਿਲ੍ਹੇ ਦੇ ਸਾਰੇ ਨਾਜ਼ੁਕ ਥਾਂਵਾਂ, ਭੀੜ-ਭੜੱਕੇ ਵਾਲੀਆਂ ਥਾਵਾਂ ਅਤੇ ਐਂਟਰੀ ਪੁਆਇੰਟਾਂ 'ਤੇ ਤਾਇਨਾਤ ਕੀਤੀਆਂ ਗਈਆਂ ਹਨ, ਜਿਨ੍ਹਾਂ ਨੂੰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪੂਰੀ ਤਰ੍ਹਾਂ ਸੀਲ ਕਰ ਦਿੱਤਾ ਗਿਆ ਹੈ। ਐਸ.ਐਸ.ਪੀ. ਨੇ ਕਿਹਾ ਕਿ ਸਥਿਤੀ 'ਤੇ ਨੇੜਿਓਂ ਨਜ਼ਰ ਰੱਖਣ ਲਈ ਕੁਝ ਟੀਮਾਂ ਆਪੋ-ਆਪਣੇ ਖੇਤਰਾਂ 'ਚ ਬਾਰੀਕੀ ਨਾਲ ਗਸ਼ਤ ਕਰਨਗੀਆਂ। ਉਨ੍ਹਾਂ ਕਿਹਾ ਕਿ ਤਿੰਨ ਹਾਈ ਟੈਕ ਨਾਕਿਆਂ ਦੀ ਸਥਾਪਨਾ ਨਾਲ ਸੁਰੱਖਿਆ ਨੂੰ ਹੋਰ ਮਜ਼ਬੂਤ ਕਰ ਦਿੱਤਾ ਗਿਆ ਹੈ ।ਐਸ.ਐਸ.ਪੀ. ਕੌਰ ਨੇ ਕਿਹਾ ਕਿ ਜ਼ਿਲ੍ਹਾ ਪੁਲਿਸ ਪੰਜਾਬ ਪੁਲਿਸ ਦੀ ਸ਼ਾਨਾਮੱਤੀ ਪ੍ਰੰਪਰਾ ਨੂੰ ਬਰਕਰਾਰ ਰੱਖਦਿਆਂ ਸੂਬੇ ਵਿੱਚ ਆਜ਼ਾਦ ਅਤੇ ਨਿਰਪੱਖ ਚੋਣਾਂ ਨੂੰ ਯਕੀਨੀ ਬਣਾਏਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪੁਲਿਸ ਅਧੀਨ ਪੂਰੇ ਖੇਤਰ ਨੂੰ ਵੱਖ-ਵੱਖ ਸੈਕਟਰਾਂ ਵਿੱਚ ਵੰਡਿਆ ਗਿਆ ਹੈ ਅਤੇ ਹਰੇਕ ਸੈਕਟਰ ਦੀ ਨਿਗਰਾਨੀ ਪੁਲਿਸ ਸੁਪਰਡੈਂਟ ਰੈਂਕ ਦੇ ਅਧਿਕਾਰੀ ਕਰਨਗੇ।

# ਪੰਜ ਰੋਜ਼ਾ ਗੁਰਮਤਿ ਸਮਾਗਮ ਡੇਰਾ ਸੰਤ ਬਾਬਾ ਹਮੀਰ ਸਿੰਘ ਜੀ ਜਨੇਰ ਵਿਖੇ 23 ਤੋਂ 27 ਦਸੰਬਰ ਤੱਕ

■ ਚਾਰ ਸਾਹਿਬਜ਼ਾਦਿਆਂ ਮਾਤਾ ਗੁਜਰੀ ਜੀ ਦੀ ਸ਼ਹਾਦਤ ਅਤੇ ਕਿਸਾਨ ਅੰਦੋਲਨ ਦੀ ਜਿਤ ਦੇ ਸਮਰਪਿਤ



**ਮੋਗਾ/ਦਵਿੰਦਰ ਸਿੰਘ ਬਿੱਟੂ**

ਪੰਜ ਰੋਜ਼ਾ ਗੁਰਮਤਿ ਸਮਾਗਮ 23 ਦਸੰਬਰ ਤੋਂ 27 ਦਸੰਬਰ ਤੱਕ ਡੇਰਾ ਸੰਤ ਬਾਬਾ ਹਮੀਰ ਸਿੰਘ ਜੀ , ਜਨੇਰ ਟਕਸਾਲ ਵੱਲੋਂ ਬੜੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਹੈ ।ਇਹ ਗੁਰਮਤਿ ਸਮਾਗਮ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ,ਅਤੇ ਕਿਸਾਨੀ ਅੰਦੋਲਨ ਦੀ ਸਫਲਤਾ ਨੂੰ ਸਮਰਪਿਤ ।ਬਾਬਾ ਕੇਹਰ ਸਿੰਘ ਜੀ ਦੀ ਸਾਲਾਨਾ ਬਰਸੀ ਦੇ ਸਬੰਧਤ , ਬੜੀ ਸ਼ਰਧਾ ਅਤੇ ਸੇਵਾ ਭਾਵਨਾ ਨਾਲ ਇਲਾਕੇ ਦੀਆਂ ਸਮੂਹ ਸੰਗਤਾਂ ਅਤੇ ਜਨੇਰ ਟਕਸਾਲ ਦੇ ਸੇਵਾਦਾਰਾਂ ਵੱਲੋਂ ਮਨਾਇਆ ਜਾ ਰਿਹਾ ਹੈ ।ਇਸ ਗੁਰਮਤਿ ਸਮਾਗਮ ਦੀ ਆਰੰਭਤਾ 23 ਦਸੰਬਰ ਨੂੰ ਸ੍ਰੀ ਅਖੰਡ ਪਾਠਾਂ ਦੀ ਲੜੀ ਰੱਖ ਕੇ ਕੀਤੀ ਜਾਵੇਗੀ ।ਜਿਨ੍ਹਾਂ ਦੇ ਭੋਗ 25 ਦਸੰਬਰ ਨੂੰ ਸਵੇਰੇ ਅੱਠ ਵਜੇ ਪਾਏ ਜਾਣਗੇ , ਤੇ 25 ਦਸੰਬਰ ਨੂੰ ਸ੍ਰੀ ਅਖੰਡ ਪਾਠਾਂ ਦੀ ਦੂਜੀ ਲੜੀ ਰੱਖ ਕੇ ਜਿਨ੍ਹਾਂ ਦੇ ਭੋਗ 27 ਦਸੰਬਰ ਦਿਨ ਸੋਮਵਾਰ ਨੂੰ ਸਵੇਰੇ ਅੱਠ ਵਜੇ ਪਾਏ ਜਾਣਗੇ । ਤੇ ਭੋਗ ਤੋਂ ਉਪਰੰਤ ਖੁੱਲ੍ਹੇ ਦੀਵਾਨ ਸ਼ਾਮ ਤੱਕ ਸਜਾਏ ਜਾਣਗੇ ।ਇਸ ਗੁਰਮਤਿ ਸਮਾਗਮ ਵਿੱਚ ਪੰਥਕ ਵਿਦਵਾਨ ਰਾਗੀ ਢਾਡੀ ਕਵੀਸ਼ਰੀ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ ।ਜਿਸ ਵਿੱਚ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਗਿਆਨੀ ਰਾਗੀ ਸੁਖਵਿੰਦਰ ਸਿੰਘ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਗਿਆਨੀ ਸਤਨਾਮ ਸਿੰਘ ਜਨੇਰ ਟਕਸਾਲ ,ਉਸਤਾਦ ਬਲਵੀਰ ਸਿੰਘ ,ਕਵੀਸ਼ਰੀ ਜਥਾ ਮੱਖਣ ਸਿੰਘ ,ਉਸਤਾਦ ਕਾਲੇ ਰਾਮ ਜੀ ।ਹਜ਼ੂਰੀ ਕਵੀਸ਼ਰੀ ਜਥਾ ਜਨੇਰ ਟਕਸਾਲ ਹਜੂਰੀ ਰਾਗੀ ਜਥਾ ਡੇਰਾ ਬਾਬਾ ਮੱਲ ਸਿੰਘ ਜੀ ਮੋਗਾ , ਤੇ ਰਾਗੀ ਜਨੇਰ ਟਕਸਾਲ , ਇਸ ਗੁਰਮਤਿ ਸਮਾਗਮ ਵਿਚ ਬੁੱਧੀਜੀਵੀ ਸਮਾਜਸੇਵੀ ਅਤੇ ਸੰਤ ਮਹੰਤ ਹਾਜ਼ਰੀ ਭਰਨਗੇ। ਇਸ ਮੌਕੇ ਸਮਾਗਮ ਦੀ ਜਾਣਕਾਰੀ ਦਿੰਦਿਆਂ ਜਨੇਰ ਟਕਸਾਲ ਦੇ ਮੁੱਖ ਸੇਵਾਦਾਰ ਬਾਬਾ ਮਹਿੰਦਰ ਸਿੰਘ ਜੀ ਨੇ ਕਿਹਾ , ਕਿ ਦੀਵਾਨਾ ਤੂੰ ਉਪਰੰਤ ਮੀਰੀ ਪੀਰੀ ਗੱਤਕਾ ਅਖਾੜਾ ਮੋਗਾ ਦੀ ਟੀਮ ਗਤਕੇ ਦੇ ਜੌਹਰ ਦਿਖਾਉਣਗੇ ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

# ਡਿਪੂ ਹੋਲਡਰਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਸਰਕਾਰ ਨੂੰ ਇਸਦਾ ਖਮਿਆਜ਼ਾ ਭੁਗਤਣਾ ਪਵੇਗਾ



**ਮੋਗਾ/ਧਰਮਕੋਟ ਦਵਿੰਦਰ ਸਿੰਘ ਬਿੱਟੂ**

ਅੱਜ ਧਰਮਕੋਟ ਵਿਖੇ ਸਮੂਹ ਡੀਪੂ ਹੋਲਡਰਾਂ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਖੋਸਾ ਅਤੇ ਧਰਮਕੋਟ ਦੇ ਪ੍ਰਧਾਨ ਦਵਿੰਦਰ ਸਿੰਘ ਨੂਰਪੁਰ ਅਤੇ ਕਿਸ਼ਨਪੁਰਾ ਸਰਕਲ ਦੇ ਪ੍ਰਧਾਨ ਸੁਖਦੇਵ ਸਿੰਘ ਤਲਵੰਡੀ ਮੱਲੀਆਂ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਡੀਪੂ ਹੋਲਡਰਾਂ ਨੂੰ ਆ ਰਹੀਆਂ ਮੁਸ਼ਕਲਾਂ ਸਬੰਧੀ ਵਿਚਾਰਾਂ ਕੀਤੀਆਂ ਗਈਆਂ ਇਸ ਮੌਕੇ ਯੂਨੀਅਨ ਨੇ ਫੈਸਲਾ ਕੀਤਾ ਹੈ ਕਿ ਜਿੰਨੀ ਦੇਰ ਸਰਕਾਰ ਸਾਡੀਆਂ ਮੰਗਾਂ ਨਹੀਂ ਮੰਨਦੀ ਓਨੀ ਦੇਰ ਅਸੀਂ ਮੁਕੰਮਲ ਹੜਤਾਲ ਰੱਖਾਂਗੇ ਇਸ ਮੌਕੇ ਖੋਸਾ ਸਾਹਿਬ ਨੇ ਕਿਹਾ ਕਿ ਕਾਂਗਰਸ ਸਰਕਾਰ ਬਣਨ ਤੋਂ ਪਹਿਲਾਂ ਮਨਪ੍ਰੀਤ ਬਾਦਲ ਬੀਬੀ ਭੱਠਲ ਅਤੇ ਜਾਖੜ ਸਾਹਿਬ ਨੇ ਸੰਗਰੂਰ ਰੈਲੀ ਵਿਚ ਸਾਡੇ ਨਾਲ ਵਾਅਦਾ ਕੀਤਾ ਸੀ ਕਿ ਕਾਂਗਰਸ ਸਰਕਾਰ ਬਣਨ ਤੇ ਪਹਿਲੇ ਦਿਨ ਹੀ ਡਿਪੂ ਹੋਲਡਰਾਂ ਦੀ ਤਨਖਾਹ ਲਗਾਈ ਜਾਵੇਗੀ ਅਤੇ ਹੋਰ ਵੀ ਜਾਇਜ਼ ਮੰਗਾਂ ਨੂੰ ਪੂਰਾ ਕੀਤਾ ਜਾਵੇਗਾ ਪਰ ਅਫਸੋਸ ਦੀ ਗੱਲ ਇਹ ਹੈ ਕਿ ਤਨਖਾਹ ਤਾਂ ਕੀ ਦੇਣੀ ਸੀ ਫੂਡ ਸਪਲਾਈ ਵੱਲੋਂ ਵਧਾਏ ਗਏ ਵੀਹ ਰੁਪਏ ਕਮਿਸ਼ਨ ਦੀ ਵੀ ਮਨਪ੍ਰੀਤ ਬਾਦਲ ਨੇ ਮਨਜ਼ੂਰੀ ਨਹੀਂ ਦਿੱਤੀ ਸਮੂਹ ਡੀਪੂ ਹੋਲਡਰ ਯੂਨੀਅਨ ਨੇ ਕਿਹਾ ਕਿ ਇਸ ਦਾ ਖਮਿਆਜ਼ਾ ਆਉਣ ਵਾਲੀਆਂ 2022 ਦੀਆਂ ਚੋਣਾਂ ਵਿੱਚ ਕਾਂਗਰਸ ਸਰਕਾਰ ਨੂੰ ਭੁਗਤਣਾ ਪਵੇਗਾ ਆਗੂਆਂ ਨੇ ਇਹ ਵੀ ਕਿਹਾ ਕਿ ਪਹਿਲਾਂ ਅਕਾਲੀ ਸਰਕਾਰ ਸੈਂਟਰ ਸਰਕਾਰ ਵੱਲੋਂ ਭੇਜੇ ਗਏ ਡਿਪੂ ਹੋਲਡਰਾਂ ਦਾ ਕਮਿਸ਼ਨ ਵਿੱਚੋਂ 62 ਰੁਪਏ ਖਾਂਦੀ ਰਹੀ ਤੇ ਹੁਣ ਕਾਂਗਰਸ ਸਰਕਾਰ ਡਿਪੂ ਹੋਲਡਰਾਂ ਦਾ 40 ਰੁਪਏ ਖਾ ਰਹੀ ਹੈ ਕੋਰੋਨਾ ਦੌਰਾਨ ਡਿਪੂ ਹੋਲਡਰਾਂ ਨੇ ਆਪਣੀ ਜਾਨ ਜੋਖ਼ਮ ਵਿੱਚ ਪਾ ਕੇ ਪ੍ਰਧਾਨ ਮੰਤਰੀ ਵੱਲੋਂ ਦਿੱਤੀ ਗਈ ਫਰੀ ਵਾਲੀ ਕਣਕ ਕਾਰਡ ਹੋਲਡਰਾਂ ਨੂੰ ਵੰਡੀ ਜਿਸ ਦਾ ਸਰਕਾਰ ਵੱਲੋਂ ਡਿਪੂ ਹੋਲਡਰਾਂ ਨੂੰ ਅਜੇ ਤੱਕ ਇਕ ਵੀ ਪੈਸਾ ਕਮਿਸ਼ਨ ਨਹੀਂ ਦਿੱਤਾ ਅਤੇ ਨਾ ਹੀ ਵਧਿਆ ਕਮਿਸ਼ਨ ਲਾਗੂ ਕੀਤਾ ਗਿਆ ਹੈ ਇਸੇ ਕਰਕੇ ਸਮੁੱਚੇ ਪੰਜਾਬ ਦੇ ਡਿੱਪੂ ਹੋਲਡਰ ਅਣਮਿੱਥੇ ਸਮੇਂ ਦੀ ਹੜਤਾਲ ਤੇ ਚਲੇ ਗਏ ਹਨ ਜਿੰਨਾ ਚਿਰ ਸਰਕਾਰ ਸਾਡੀ ਤਨਖਾਹ ਅਤੇ ਬਾਕੀ ਮੰਗਾਂ ਪੂਰੀਆਂ ਨਹੀਂ ਕਰਦੀ ਕੋਈ ਵੀ ਡਿਪੂ ਹੋਲਡਰ ਕਣਕ ਦੀ ਵੰਡ ਨਹੀਂ ਕਰੇਗਾ ਇਸ ਮੌਕੇ ਇੰਦਰਜੀਤ ਚੜਿੱਕ ਸ਼ਿੰਦਾ ਸਿੰਘ ਬੁੱਧ ਸਿੰਘ ਵਾਲਾ ਵਿਪਨ ਨਿਹਾਲ ਸਿੰਘ ਵਾਲਾ ਜਗਸੀਰ ਸੈਦੋ ਸੁਖਦੇਵ ਸਿੰਘ ਮਾਛੀਕੇ ਜਗਜੀਤ ਸਿੰਘ ਸ਼ੇਰਪੁਰ ਤਾਇਬਾਂ ਸਿਕੰਦਰ ਸਿੰਘ ਬਾਕਰਵਾਲਾ ਰੋਸ਼ਨ ਲਾਲ ਧਰਮਕੋਟ ਮੰਗਲ ਸਿੰਘ ਇੰਦਗੜ੍ਹ ਜਗਦੇਵ ਸਿੰਘ ਧਰਮਕੋਟ ਮਲਕੀਤ ਸਿੰਘ ਭਿੰਡਰ ਕਲਾਂ ਜੋਗਿੰਦਰ ਸਿੰਘ ਠੂਠਗੜ੍ਹ ਰੇਸ਼ਮ ਸਿੰਘ ਰੇੜਵਾਂ ਵਿੱਕੀ ਬਜਾਜ ਕੈਲਾ ਲਵਪ੍ਰੀਤ ਸਿੰਘ ਬਲਵਿੰਦਰ ਸਿੰਘ ਪੰਡੋਰੀ ਮਨਜੀਤ ਸਿੰਘ ਅੰਮੀਵਾਲਾ ਹਰਮੀਤ ਸਿੰਘ ਸੰਗਲਾ ਕੁਲਵਿੰਦਰ ਸਿੰਘ ਇੱਜ਼ਤ ਵਾਲਾ ਅੰਗਰੇਜ਼ ਸਿੰਘ ਕਿਸ਼ਨਪੁਰਾ ਮਹਿੰਦਰਪਾਲ ਸਿੰਘ ਜਲਾਲਾਬਾਦ ਗੁਰਦੇਵ ਸਿੰਘ ਕਾਵਾਂ ਰਾਜ ਸਿੰਘ ਨੂਰਪੁਰ ਹਕੀਮਾਂ ਅਬਦਲ ਬਾਜੇਕੇ ਰਾਜਿੰਦਰ ਕੁਮਾਰ ਹਰਬੇਲ ਸਿੰਘ ਭੋਇਪੁਰ ਹਰਜਿੰਦਰ ਸਿੰਘ ਭੁੱਟੀਵਾਲਾ ਗੁਰਪ੍ਰੀਤ ਸਿੰਘ ਰੇੜਵਾਂ ਅਸ਼ੋਕ ਪੁਰੀ ਨਿਹਾਲ ਸਿੰਘ ਵਾਲਾ ਗੁਰਮੇਲ ਸਿੰਘ ਫਿਰੋਜਵਾਲਾ ਜਰਨੈਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਡੀਪੂ ਹੋਲਡਰ ਹਾਜ਼ਰ ਸਨ।

# ਕਿਸਾਨ ਮਜਦੂਰ ਏਕਤਾ ਹਸਪਤਾਲ ਦੀ ਪੂਰੀ ਜੱਥੇਬੰਦੀ ਦਾ ਸਿੰਘੂ ਬਾਰਡਰ ਦਿੱਲੀ ਤੋਂ ਨਵਾਂਸ਼ਹਿਰ ਪਹੁੰਚਣ ਤੇ ਕੀਤਾ ਗਿਆ ਨਿੱਘਾ ਸਵਾਗਤ



**ਸਹੀਦ ਭਗਤ ਸਿੰਘ ਨਗਰ/ਲੋਕ ਬਾਣੀ**

ਸਿੰਘੂ ਬਾਰਡਰ ਦਿੱਲੀ ਵਿਖੇ ਮੋਰਚੇ ਦੇ ਪਹਿਲੇ ਦਿਨ ਤੋਂ ਕਿਸਾਨ ਮਜਦੂਰ ਏਕਤਾ ਹਸਪਤਾਲ ਬਣਾਕੇ ਐਮਰਜੰਸੀ ਸੇਵਾਵਾਂ, ਦਵਾਈਆਂ, ਫੀਜੀਓ-ਥੈਰੇਪੀ ਆਦਿ ਹਰ ਤਰ੍ਹਾਂ ਦੀਆਂ ਮੁਫਤ ਮੈਡੀਕਲ ਸਹੂਲਤਾਂ ਦੇਣ ਵਾਲੀ ਜੱਥੇਬੰਦੀ ਲਾਈਫ ਕੇਅਰ ਫਾਉਂਡੇਸ਼ਨ ਜਿੱਥੇ ਸ਼੍ਰੀ ਗੁਰੂ ਰਾਮਦਾਸ ਸੇਵਾ ਸੁਸਾਇਟੀ ਨਵਾਂਸ਼ਹਿਰ ਵੱਲੋਂ ਵੀ ਦਵਾਈਆਂ ਦੀ ਸੇਵਾ ਲਗਾਤਾਰ ਕੀਤੀ ਜਾਂਦੀ ਰਹੀ ਜੱਥੇਬੰਦੀ ਦਾ ਨਵਾਂਸ਼ਹਿਰ ਪਹੁੰਚਣ ਤੇ ਬਾਬਾ ਨਰੰਗ ਸਿੰਘ, ਸ਼੍ਰੀ ਗੁਰੂ ਰਾਮਦਾਸ ਸੇਵਾ ਸੁਸਾਇਟੀ ਨਵਾਂਸ਼ਹਿਰ ਅਤੇ ਮਾਤਾ ਗੁਜਰ ਕੌਰ ਸੁਖਮਨੀ ਸੇਵਾ ਸੁਸਾਇਟੀ ਵੱਲੋਂ ਗੁਰਦੁਆਰਾ ਮੰਜੀ ਸਾਹਿਬ ਵਿਖੇ ਨਿੱਘਾ ਸਵਾਗਤ ਕੀਤਾ ਗਿਆ। ਜੱਥੇਬੰਦੀ ਦੇ ਮੁੱਖ ਮੈਂਬਰ ਸ ਅਵਤਾਰ ਸਿੰਘ ਬੈਨੀਪਾਲ, ਅਮਰਜੀਤ ਸਿੰਘ, ਬਖ਼ਸ਼ੀਸ਼ ਸਿੰਘ, ਸਾਜਿਦ ਖਾਨ ਆਦਿ ਨੂੰ ਸਿਰਪਾਓ ਨਾਲ ਸਨਮਾਨਿਤ ਕੀਤਾ ਗਿਆ ਜੋ ਪੂਰਾ ਸਾਲ ਸਿੰਘੂ ਬਾਰਡਰ ਤੇ ਸੇਵਾਵਾਂ ਨਿਸਨਮਾਨ ਕੀਤਾ ਗਿਆ । ਇਹ ਹਸਪਤਾਲ, ਵੱਡਾ ਆਰ. ਓ. ਸਿਸਟਮ ਅਤੇ ਹੋਰ ਯਾਦਗਾਰ ਹੁਣ ਭੋਗਪੁਰ ਕੋਲ ਚਾਲਾਨ ਪਿੰਡ ਵਿਖੇ ਸਥਾਪਿਤ ਹੋਣਗੀਆਂ। ਉੱਥੇ ਤੋਂ ਇਹ ਸੇਵਾਵਾਂ ਲਗਾਤਾਰ ਜਾਰੀ ਰਹਿਣਗੀਆਂ। ਇਸ ਮੌਕੇ ਬਾਬਾ ਨਰੰਗ ਸਿੰਘ, ਸੁਖਵਿੰਦਰ ਸਿੰਘ ਥਾਂਦੀ, ਅਮਰਜੀਤ ਸਿੰਘ ਖਾਲਸਾ, ਅਵਤਾਰ ਸਿੰਘ, ਬਲਵੀਰ ਸਿੰਘ, ਦਵਿੰਦਰ ਕੌਰ, ਹੰਸਾ ਸਿੰਘ, ਜਸਵਿੰਦਰ ਸਿੰਘ, ਕੁਲਵਿੰਦਰ ਸਿੰਘ, ਬਖਸ਼ੀਸ਼ ਸਿੰਘ, ਸਾਜਿਦ ਖਾਨ, ਡਾ ਨਿਰਮਲ ਸਿੰਘ, ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਚਰਵਾਹਿਆਂ ’ਤੇ ਪਸ਼ੂਆਂ ਨੂੰ ਸੜਕਾਂ ਕਿਨਾਰੇ ਚਰਾਉਣ ’ਤੇ ਰੋਕ

**ਸਹੀਦ ਭਗਤ ਸਿੰਘ ਨਗਰ/ਲੋਕ ਬਾਣੀ :** ਜ਼ਿਲ੍ਹਾ ਮੈਜਿਸਟਰੇਟ, ਸ਼ਹੀਦ ਭਗਤ ਸਿੰਘ ਨਗਰ ਵਿਸ਼ੇਸ਼ ਸਾਰੰਗਲ ਨੇ ਫੌਜਦਾਰੀ ਜ਼ਾਬਤਾ ਸੰਘਤਾ ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਦੇ ਸ਼ਹਿਰੀ ਅਤੇ ਪੇਂਡੂ ਖੇਤਰਾਂ ’ਚ ਚਰਵਾਹਿਆਂ ਵੱਲੋਂ ਪਸ਼ੂਆਂ ਨੂੰ ਸੜਕਾਂ ਕਿਨਾਰੇ ਚਰਾਉਣ ’ਤੇ ਰੋਕ ਲਗਾ ਦਿੱਤੀ ਹੈ।ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਜਾਰੀ ਹੁਕਮਾਂ ’ਚ ਕਿਹਾ ਗਿਆ ਹੈ ਕਿ ਚਰਵਾਹੇ ਵੱਡੀ ਗਿਣਤੀ ’ਚ ਗਾਵਾਂ, ਮੱਝਾਂ ਤੇ ਹੋਰ ਪਸ਼ੂ ਆਦਿ ਲੈ ਕੇ ਜ਼ਿਲ੍ਹੇ ’ਚ ਪੈਂਦੇ ਸ਼ਹਿਰਾਂ/ਕਸਬਿਆਂ ਅਤੇ ਪਿੰਡਾਂ ’ਚ ਘੁੰਮਦੇ ਫਿਰਦੇ ਹਨ ਜੋ ਕਿ ਲੋਕਾਂ ਦੀਆਂ ਫਸਲਾਂ ਅਤੇ ਸੜਕ ਕਿਨਾਰੇ ਲਗਾਏ ਗਏ ਬੂਟਿਆਂ ਨੂੰ ਨੁਕਸਾਨ ਪਹੁੰਚਾਉਂਦੇ ਹਨ।ਇਨਾਂ ਬੂਟਿਆਂ ’ਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਦੇ ਸਬੰਧ ’ਚ ਜ਼ਿਲ੍ਹੇ ਦੇ ਹਰੇਕ ਪਿੰਡ ’ਚ ਸਰਕਾਰ ਦੇ ਹਰਿਆਵਲ ਮਿਸ਼ਨ ਤਹਿਤ ਲਗਾਏ ਗਏ 550 ਬੂਟੇ ਵੀ ਸ਼ਾਮਿਲ ਹਨ।ਇਸ ਲਈ ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਦੇ ਵਸਨੀਕਾਂ ਦੀਆਂ ਮੁਸ਼ਕਿਲਾਂ ਅਤੇ 550ਵੇਂ ਪ੍ਰਕਾਸ਼ ਪੁਰਬ ਸਬੰਧੀ ਲਗਾਏ ਬੂਟਿਆਂ ਨੂੰ ਮੁੱਖ ਰੱਖਦੇ ਹੋਏ ਇਸ ’ਤੇ ਫੌਰੀ ਕਾਰਵਾਈ ਕਰਨ ਦੀ ਲੋੜ ਹੈ।ਇਹ ਹੁਕਮ 25 ਨਵੰਬਰ 2020 ਤੋਂ 24 ਜਨਵਰੀ 2021 ਤੱਕ ਲਾਗੂ ਰਹਿਣਗੇ।

# ਲ.ਫਜ਼ਾਂ ਦੀ ਦੁਨੀਆ ਸਾਹਿਤ ਸਭਾ, ਨਕੋਦਰ ਵੱਲੋਂ ਦਸੰਬਰ ਮਹੀਨੇ ਦੇ ਪਹਿਲੇ ਪੰਜ ਪ੍ਰੋਗਰਾਮ ਸਫ਼ਲ



**ਚੰਡੀਗੜ/ਪ੍ਰੀਤਮ ਲੁਧਿਆਣਵੀ**

ਲ.ਫਜ਼ਾਂ ਦੀ ਦੁਨੀਆ ਸਾਹਿਤ ਸਭਾ, ਨਕੋਦਰ ਵੱਲੋਂ ਸ਼ੁਰੂ ਤੋਂ ਹੀ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਲਈ ਵਚਨਬੱਧ ਹੋ ਕੇ ਕੰਮ ਕੀਤਾ ਗਿਆ ਹੈ। ਇਸੇ ਲੜੀ ਵਿੱਚ ਅਗਲੇ ਕਦਮ ਪੁੱਟਦਿਆਂ, ਸਭਾ ਵੱਲੋਂ ਦਸੰਬਰ ਮਹੀਨੇ ਦੀ 07 ਦਸੰਬਰ ਨੂੰ ਪਹਿਲੀ ਪਾਤਸ਼ਾਹੀ ਨੂੰ ਸਮਰਪਿਤ ਪੰਥਕ ਕਵੀ ਦਰਬਾਰ ਕਰਵਾਇਆ ਗਿਆ। ਜਿਸ ਵਿੱਚ ਮੁਖਵਿੰਦਰ ਸਿੰਘ ਸੰਧੂ, ਹਰਭਜਨ ਸਿੰਘ ਨਾਹਲ, ਨਿਰਮਲ ਕੌਰ ਕੋਟਲਾ ਤੇ ਜਤਿੰਦਰ ਕੌਰ ਅਨੰਦਪੁਰ ਸਾਹਿਬ ਨਾਂ ਦੇ ਪੰਥ ਦੇ ਸ਼੍ਰੋਮਣੀ ਕਵੀਆਂ ਨੇ ਆਪਣੀਆਂ ਕਾਵਿ ਰਚਨਾਵਾਂ ਸੁਣਾਕੇ ਦਰਸ਼ਕਾਂ / ਸ੍ਰੋਤਿਆਂ ਨੂੰ ਨਿਹਾਲ ਕੀਤਾ। ਇਸੇ ਤਰ ਾਂ 08 ਦਸੰਬਰ, 2021 ਨੂੰ ਨੌਵੀਂ ਪਾਤਸ਼ਾਹੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਦੂਜਾ ਪੰਥਕ ਕਵੀ ਦਰਬਾਰ ਕਰਵਾਇਆ ਗਿਆ।ਜਿਸ ਵਿੱਚ ਪੰਥਕ ਕਵੀ ਸੰਤੋਖ ਸਿੰਘ ਗੁਰਾਇਆ, ਗੁਰਮਿੰਦਰ ਕੌਰ ਜਲੰਧਰ, ਮਲਕੀਤ ਸਿੰਘ ਨਿਮਾਣਾ, ਕੁਲਵਿੰਦਰ ਸਿੰਘ ਗਾਖ਼ਲ, ਮਨਦੀਪ ਕੌਰ ਪ੍ਰੀਤ ਅਤੇ ਹਰਜਿੰਦਰ ਸਿੰਘ ਜਿੰਦੀ ਨੇ ਆਪਣੀਆਂ ਕਾਵਿ-ਰਚਨਾਵਾਂ ਸੁਣਾਈਆਂ।ਇਨ ਾਂ ਦੋਹਾਂ ਪੰਥਕ ਕਵੀ-ਦਰਬਾਰਾ ਵਿਚ ਮੰਚ ਸੰਚਾਲਨ ਪ੍ਰੋ. ਦਲਬੀਰ ਸਿੰਘ ਰਿਆੜ ਹੁਰਾਂ ਨੇ ਬੜੀ ਬਾਖ਼ੂਬੀ ਕੀਤਾ। ਇਸ ਮਗਰੋਂ 11 ਦਸੰਬਰ, 2021 ਨੂੰ ‘ਸੁਖ਼ਨਵਰਾਂ ਦੇ ਬੋਲ’ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਕੁਲਵਿੰਦਰ ਕੰਵਲ, ਰੈਪੀ ਰਾਜੀਵ ਫਗਵਾੜਾ, ਸਰਵਣ ਬੀਰ ਸਿੰਘ, ਅਮਨਜੋਤ ਧਾਰੀਵਾਲ, ਸੁਖਬੀਰ ਸਿੱਧੂ ਅਤੇ ਸਿਮਰਨ ਕੌਰ ਧੁੱਗਾ ਨੇ ਆਪਣੀਆਂ ਕਵਿਤਾਵਾਂ ਸੁਣਾਈਆਂ। ਇਸ ਪ੍ਰੋਗਰਾਮ ਦਾ ਮੰਚ ਸੰਚਾਲਨ ਪ੍ਰੀਤ ਲੱਧੜ ਨੇ ਬਾਖ਼ੂਬੀ ਨਿਭਾਇਆ। ਲ.ਫਜ਼ਾਂ ਦੀ ਦੁਨੀਆ ਸਾਹਿਤ ਸਭਾ, ਨਕੋਦਰ ਦੇ ਪ੍ਰਧਾਨ ਨੇ ਸੁਖ਼ਨਵਰਾਂ ਦੇ ਬੋਲ ਪ੍ਰੋਗਰਾਮ ਦੀ ਸਰਪ੍ਰਸਤੀ ਕੀਤੀ। 13 ਦਸੰਬਰ, 2021 ਨੂੰ ‘ਗੁਰੂ ਹਰਿ ਰਾਇ ਜੀ : ਜੀਵਨ ਤੇ ਸਿੱਖਿਆ’ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਭਾਈ ਸੁਖਜੀਤ ਸਿੰਘ ਕਪੂਰਥਲਾ ਹੁਰਾਂ ਸੱਤਵੀਂ ਪਾਤਸ਼ਾਹੀ ਦੇ ਜੀਵਨ ਤੇ ਉਨ ਾਂ ਦੀਆਂ ਦਿੱਤੀਆਂ ਸਿੱਖਿਆਵਾਂ ਬਾਰੇ ਵਿਸਥਾਰ ਵਿੱਚ ਚਾਨਣਾ ਪਾਇਆ। ਉਨ ਾਂ ਤੋਂ ਮਗਰੋਂ ਪੰਥਕ ਕਵੀ ਪ੍ਰੋ. ਦਲਬੀਰ ਸਿੰਘ ਰਿਆੜ ਹੁਰਾਂ ਗੁਰੂ ਹਰਿ ਰਾਇ ਸਾਹਿਬ ਸੰਬੰਧੀ ਲਿਖੀ ਆਪਣੀ ਕਵਿਤਾ ਸੁਣਾ ਕੇ ਦਰਸ਼ਕਾਂ ਨੂੰ ਨਿਹਾਲ ਕੀਤਾ।ਉਪਰੰਤ ਸਭਾ ਵੱਲੋਂ ਦਸੰਬਰ ਮਹੀਨੇ ਦਾ ਪੰਜਵਾਂ ਪ੍ਰੋਗਰਾਮ ਪੇਟ / ਢਿੱਡ ਦੀਆਂ ਬੀਮਾਰੀਆਂ ਅਤੇ ਇਲਾਜ ਵਿਸ਼ੇ ’ਤੇ 14 ਦਸੰਬਰ ਨੂੰ ਕਰਵਾਇਆ ਗਿਆ। ਜਿਸ ਵਿੱਚ ਡਾ. ਸੁਰਿੰਦਰ ਜਗਤ ਹੁਰਾਂ ਆਪਣੇ ਵਿਚਾਰ ਸਾਂਝੇ ਕਰਦਿਆਂ ਲੋਕਾਂ ਨੂੰ ਢਿੱਡ ਦੀਆਂ ਵੱਖ-ਵੱਖ ਬੀਮਾਰੀਆਂ ਤੇ ਉਨ ਾਂ ਦੇ ਇਲਾਜ ਬਾਰੇ ਵਿਸਥਾਰ ਵਿਚ ਜਾਣਕਾਰੀ ਦਿੱਤੀ।ਇਸ ਪ੍ਰੋਗਰਾਮ ਦਾ ਮੰਚ ਸੰਚਾਲਨ ਸ੍ਰੀ ਰਾਜੂ ਸੋਨੀ ਹੁਰਾਂ ਵੱਲੋਂ ਕਮਾਲ-ਮਈ ਢੰਗ ਨਾਲ ਕੀਤਾ ਗਿਆ।

# ਮੁੱਖ ਮੰਤਰੀ ਵੱਲੋਂ ਸੁਪਰ ਸਪੈਸ਼ਲਿਟੀ ਹਸਪਤਾਲ ਦੀ ਉਸਾਰੀ ਲਈ ਦੁਰਗਾ ਮਾਤਾ ਮੰਦਰ ਦੀ ਪ੍ਰਬੰਧਕ ਕਮੇਟੀ ਨੂੰ 11 ਕਨਾਲ ਜ਼ਮੀਨ ਦੇਣ ਦਾ ਐਲਾਨ ਦੁਰਗਾ ਮਾਤਾ ਮੰਦਰ ਵਿਖੇ ਮੱਥਾ ਟੇਕਿਆ





**ਲੁਧਿਆਣਾ/ਕਰਨ ਅਗਰਵਾਲ**

ਪੰਜਾਬ ਦੇ ਮੁੱਖ ਮੰਤਰੀ ਸ੍ਰੀ ਚਰਨਜੀਤ ਸਿੰਘ ਚੰਨੀ ਨੇ ਅੱਜ ਦੁਰਗਾ ਮਾਤਾ ਮੰਦਰ ਦੀ ਪ੍ਰਬੰਧਕ ਕਮੇਟੀ ਨੂੰ ਅਤਿ ਆਧੁਨਿਕ ਸੁਪਰ ਸਪੈਸਲਿਟੀ ਹਸਪਤਾਲ ਦੀ ਉਸਾਰੀ ਲਈ ਵੱਖਰੇ ਤੌਰ 'ਤੇ ਜ਼ਮੀਨ ਅਲਾਟ ਕਰਨ ਦਾ ਐਲਾਨ ਕੀਤਾ ਹੈ।

ਇੱਥੋਂ ਦੇ ਪਵਿੱਤਰ ਦੁਰਗਾ ਮਾਤਾ ਮੰਦਰ ਵਿਖੇ ਮੱਥਾ ਟੇਕਣ ਅਤੇ ਸੂਬੇ ਦੀ ਹੋਰ ਤਨਦੇਹੀ ਅਤੇ ਦ੍ਰਿੜਤਾ ਨਾਲ ਸੇਵਾ ਕਰਨ ਲਈ ਮਾਂ ਦੁਰਗਾ ਤੋਂ ਆਸੀਰਵਾਦ ਲੈਣ ਉਪਰੰਤ ਮੁੱਖ ਮੰਤਰੀ ਨੇ ਕਿਹਾ ਕਿ ਦੁਰਗਾ ਮਾਤਾ ਮੰਦਿਰ ਦੇ ਪ੍ਰਬੰਧਕ, ਮੰਦਿਰ ਦੀ ਥਾਂ 'ਤੇ ਹੀ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਕੇ ਸਮਾਜ ਦੀ ਅਸਲ ਸੇਵਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਸੇਵਾ ਕਾਰਜ ਨੂੰ ਹੋਰ ਹੁਲਾਰਾ ਦੇਣ ਦੀ ਲੋੜ ਹੈ ਜਿਸ ਲਈ ਸੂਬਾ ਸਰਕਾਰ ਵੱਲੋਂ ਮੰਦਰ ਦੀ ਮੌਜੂਦਾ ਥਾਂ ਦੇ ਬਰਾਬਰ 11 ਕਨਾਲ ਥਾਂ ਹਸਪਤਾਲ ਵਾਸਤੇ ਅਲਾਟ ਕੀਤੀ ਜਾਵੇਗੀ। ਮੁੱਖ ਮੰਤਰੀ ਚੰਨੀ ਨੇ ਮੰਦਿਰ ਦੇ ਆਸ-ਪਾਸ ਦੇ ਪੁਲਿਸ ਸਟੇਸਨ ਨੂੰ ਨਵੀਂ ਜਗ੍ਹਾ 'ਤੇ ਤਬਦੀਲ ਕਰਕੇ ਇਹ ਥਾਂ ਮੰਦਰ ਨੂੰ ਅਲਾਟ ਕਰਨ ਦਾ ਵੀ ਐਲਾਨ ਕੀਤਾ।

ਮੁੱਖ ਮੰਤਰੀ ਦੁਪਹਿਰ ਸਮੇਂ ਮੰਦਰ ਕੰਪਲੈਕਸ ਵਿਖੇ ਅਰਦਾਸ ਕਰਨ ਪੁੱਜੇ ਅਤੇ ਉਨ੍ਹਾਂ ਨੇ ਸੂਬੇ ਦੇ ਲੋਕਾਂ ਦੀ ਪੂਰੀ ਨਿਮਰਤਾ ਅਤੇ ਸਮਰਪਣ ਭਾਵਨਾ ਨਾਲ ਸੇਵਾ ਕਰਨ ਲਈ ਬਲ ਬਖਸਣ ਵਾਸਤੇ ਪ੍ਰਮਾਤਮਾ ਤੋਂ ਬਖ਼ਸ਼ਿਸ਼ਾਂ ਮੰਗੀਆਂ। ਮੁੱਖ ਮੰਤਰੀ ਚੰਨੀ ਨੇ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਲਈ ਜਾਤ, ਰੰਗ, ਨਸਲ ਅਤੇ ਧਰਮ ਦੇ ਭੇਦਭਾਵ ਤੋਂ ਉੱਪਰ ਉਠ ਕੇ ਸੂਬੇ ਦੇ ਲੋਕਾਂ ਦੀ ਸੇਵਾ ਕਰਨ ਲਈ ਮਾਤਾ ਰਾਣੀ ਦਾ ਆਸੀਰਵਾਦ ਲੈਣ ਲਈ ਅਰਦਾਸ ਕੀਤੀ।

ਮੁੱਖ ਮੰਤਰੀ ਨੇ ਕਿਹਾ ਕਿ ਸਮਾਜ ਵਿੱਚ ਨੈਤਿਕ ਕਦਰਾਂ-ਕੀਮਤਾਂ,ਭਾਈਚਾਰਕ ਸਾਂਝ ਅਤੇ ਆਪਸੀ ਪਿਆਰ ਨੂੰ ਹਰ ਕੀਮਤ 'ਤੇ ਕਾਇਮ ਰੱਖਿਆ ਜਾਵੇਗਾ ਅਤੇ ਇਸਨੂੰ ਹਮੇਸਾ ਪ੍ਰਮੁੱਖ ਤਰਜੀਹ ਦਿੱਤੀ ਜਾਵੇਗੀ। ਉਨ੍ਹਾਂ ਨੇ ਪੰਜਾਬ ਦੇ ਲੋਕਾਂ ਦੀ ਇਮਾਨਦਾਰੀ, ਲਗਨ ਅਤੇ ਤਨਦੇਹੀ ਨਾਲ ਸੇਵਾ ਕਰਨ ਦੀ ਜਿੰਮੇਵਾਰੀ ਸੌਂਪਣ ਲਈ ਮਾਤਾ ਰਾਣੀ ਦਾ ਧੰਨਵਾਦ ਕੀਤਾ। ਮੁੱਖ ਮੰਤਰੀ ਚੰਨੀ ਨੇ ਕਿਹਾ ਕਿ ਇਸ ਪਵਿੱਤਰ ਅਸਥਾਨ ਦੇ ਦਰਸਨ ਕਰਨਾ ਉਨ੍ਹਾਂ ਲਈ ਬੜਾ ਸੁਭਾਗਾ ਹੈ, ਜਿੱਥੋਂ ਦੁਨੀਆ ਭਰ ਦੇ ਲੱਖਾਂ ਲੋਕਾਂ ਨੂੰ ਪ੍ਰੇਰਨਾ ਅਤੇ ਸੇਧ ਦੇਣ ਮਿਲਦੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਸੂਬੇ ਦੀ ਸਾਂਤੀ ਅਤੇ ਵਿਕਾਸ ਦੀ ਅਰਦਾਸ ਕਰਨ ਲਈ ਇਸ ਅਸਥਾਨ 'ਤੇ ਆਏ ਹਨ, ਜਿਸ ਲਈ ਉਨ੍ਹਾਂ ਦੀ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ। ਮੁੱਖ ਮੰਤਰੀ ਚੰਨੀ ਨੇ ਕਿਹਾ ਕਿ ਪ੍ਰਮਾਤਮਾ ਦੀ ਕਿਰਪਾ ਨਾਲ ਉਹ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੇ ਹਨ ਅਤੇ ਸਰਕਾਰ ਵੱਲੋਂ ਲੋਕ ਪੱਖੀ ਅਤੇ ਵਿਕਾਸ ਪੱਖੀ ਨੀਤੀਆਂ ਨੂੰ ਲਾਗੂ ਕਰਨ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਜਾ ਰਹੀ ਹੈ। ਇਸ ਮੌਕੇ ਮੰਦਰ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍ਰੀ ਪਰਸੋਤਮ ਮਿੱਤਲ, ਸ੍ਰੀ ਸੰਜੇ ਮਹਿੰਦਰੂ ਅਤੇ ਸ੍ਰੀ ਸੰਜੇ ਗੋਇਲ ਨੇ ਮੁੱਖ ਮੰਤਰੀ ਨੂੰ ਮਾਤਾ ਰਾਣੀ ਦੀ ਚੁੰਨੀ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਉਪ ਮੁੱਖ ਮੰਤਰੀ ਸ੍ਰੀ ਸੁਖਜਿੰਦਰ ਸਿੰਘ ਰੰਧਾਵਾ, ਕੈਬਨਿਟ ਮੰਤਰੀ ਸ੍ਰੀ ਭਾਰਤ ਭੂਸਣ ਆਸੂ, ਪੰਜਾਬ ਵੇਅਰਹਾਊਸਿੰਗ ਕਾਰਪੋਰੇਸਨ ਦੇ ਚੇਅਰਮੈਨ ਅਤੇ ਵਿਧਾਇਕ ਸ੍ਰੀ ਕੁਲਦੀਪ ਸਿੰਘ ਵੈਦ, ਵਿਧਾਇਕ ਸ੍ਰੀ ਸੁਰਿੰਦਰ ਡਾਵਰ, ਮੇਅਰ ਸ੍ਰੀ ਬਲਕਾਰ ਸਿੰਘ ਹਾਜਰ ਸਨ।

## ਚੋਣ ਕਮਿਸ਼ਨ ਦੀ ਟੀਮ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਪੰਜਾਬ ਪੁੱਜੀ

**ਚੰਡੀਗੜ੍ਹ/ਲੋਕ ਬਾਣੀ**

ਪੰਜਾਬ ਵਿਧਾਨ ਸਭਾ ਚੋਣਾਂ 2022 ਦੇ ਮੱਦੇਨਜਰ ਸੂਬੇ ਦੀਆਂ ਚੋਣ ਸਬੰਧੀ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਭਾਰਤੀ ਚੋਣ ਕਮਿਸਨ (ਈਸੀਆਈ) ਦੀ ਟੀਮ ਮੁੱਖ ਚੋਣ ਕਮਿਸਨਰ (ਸੀਈਸੀ) ਸੁਸੀਲ ਚੰਦਰਾ ਦੀ ਅਗਵਾਈ ਵਿੱਚ ਚੋਣ ਕਮਿਸਨਰ ਰਾਜੀਵ ਕੁਮਾਰ ਅਤੇ ਚੋਣ ਕਮਿਸਨਰ ਅਨੂਪ ਚੰਦਰ ਪਾਂਡੇ ਨਾਲ ਅੱਜ ਇੱਥੇ ਦੋ ਦਿਨਾਂ ਦੌਰੇ 'ਤੇ ਪੰਜਾਬ ਪੁੱਜੀ। ਕਮਿਸਨ ਦੀ ਟੀਮ ਵਿੱਚ ਤਿੰਨ ਡਿਪਟੀ ਚੋਣ ਕਮਿਸਨਰ, ਚੰਦਰ ਭੂਸਨ ਕੁਮਾਰ, ਨਿਤੇਸ ਵਿਆਸ ਅਤੇ ਟੀ. ਸ੍ਰੀਕਾਂਤ ਅਤੇ ਡਾਇਰੈਕਟਰ ਜਨਰਲ ਸ੍ਰੀਮਤੀ ਸੇਫਾਲੀ ਬੀ. ਸਰਨ ਸਾਮਲ ਹਨ। ਪਹਿਲੇ ਦਿਨ ਸੀਈਸੀ ਸ੍ਰੀ ਚੰਦਰਾ ਦੀ ਅਗਵਾਈ ਵਾਲੀ ਟੀਮ ਨੇ ਰਾਸਟਰੀ ਅਤੇ ਰਾਜ ਪੱਧਰੀ ਮਾਨਤਾਪ੍ਰਾਪਤ ਰਾਜਨੀਤਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਲੜੀਵਾਰ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਆਲ ਇੰਡੀਆ ਤ੍ਰਿਣਮੂਲ ਕਾਂਗਰਸ ਪਾਰਟੀ, ਬਹੁਜਨ ਸਮਾਜ ਪਾਰਟੀ, ਭਾਰਤੀ ਜਨਤਾ ਪਾਰਟੀ, ਭਾਰਤੀ ਕਮਿਊਨਿਸਟ ਪਾਰਟੀ, ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ), ਰਾਸਟਰਵਾਦੀ ਕਾਂਗਰਸ ਪਾਰਟੀ, ਆਮ ਆਦਮੀ ਪਾਰਟੀ ਅਤੇ ਸ੍ਰੋਮਣੀ ਅਕਾਲੀ ਦਲ ਦੇ ਨੁਮਾਇੰਦਿਆਂ ਨੇ ਸਮੂਲੀਅਤ ਕੀਤੀ। ਕਮਿਸਨ ਨੇ ਰਾਜਨੀਤਕ ਪਾਰਟੀਆਂ ਦੇ ਨੁਮਾਇੰਦਿਆਂ ਦੀਆਂ ਮੁਸ਼ਕਲਾਂ ਸੁਣੀਆਂ। ਉਪਰੰਤ ਕਮਿਸਨ ਨੇ ਆਗਾਮੀ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਸੀਈਓ ਪੰਜਾਬ, ਰਾਜ ਪੁਲੀਸ ਨੋਡਲ ਅਫਸਰ ਅਤੇ ਕੇਂਦਰੀ ਹਥਿਆਰਬੰਦ ਪੁਲਸ ਬਲਾਂ (ਸੀਏਪੀਐੱਫ) ਨਾਲ ਮੀਟਿੰਗ ਕੀਤੀ। ਕਮਿਸਨ ਨੇ ਚੋਣਾਂ ਨੂੰ ਸੁਚਾਰੂ ਢੰਗ ਨਾਲ ਕਰਵਾਉਣ ਲਈ ਸੁਰੱਖਿਆ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਲ ਕਰਨ ਵਾਸਤੇ ਵੱਖ-ਵੱਖ ਐਨਫੋਰਸਮੈਂਟ ਏਜੰਸੀਆਂ ਦੇ ਨੁਮਾਇੰਦਿਆਂ ਨਾਲ ਵੀ ਮੀਟਿੰਗ ਕੀਤੀ।

# ਬਾਬਾ ਬਕਾਲਾ ਚੋਣ ਦੰਗਲ ਭੱਖਿਆ

***ਅਸੈਂਬਲੀ ਹਲਕੇ 'ਚ ਸਥਿਤੀ ਬਣੀ ਡਾਂਵਾਂ ਡੋਲ, ਲੋਕ ਭੰਬਲ ਭੂਸੇ 'ਚ !***

**ਬਾਬਾ ਬਕਾਲਾ ਸਾਹਿਬ :** ਅਗਾਮੀਂ ਵਿਧਾਨ ਸਭਾ ਚੋਣਾਂ ਸਿਰ ਤੇ ਹਨ।117 ਵਿਧਾਨ ਸਭਾ ਹਲਕਿਆਂ'ਚ ਸੰਭਾਵੀਂ ਉਮੀਦਵਾਰਾਂ ਨੇ ਕਮਰਕੱਸੇ ਕਰ ਲਏ ਹਨ।ਟਿਕੱਟ ਦੇ ਦਾਅਵੇਦਾਰਾਂ ਨੇ ਰਾਜਸੀ ਪਾਰਟੀਆਂ ਦੁਆਲੇ ਘੇਰਾਬੰਦੀ ਕੀਤੀ ਹੋਈ ਹੈ।

ਕੌਮੀਂ ਤੇ ਖੇਤਰੀ ਪਾਰਟੀਆਂ ਦੀ 'ਲੀਡਰਸ਼ਿਪ' ਨਿੱਜੀ ਭੱਲ੍ਹ ਤਿਆਰ ਕਰਨ ਦੀ ਮਨਸ਼ਾ ਨੂੰ ਲੈ ਕੇ ਵਿਰੋਧਾਭਾਸ਼ ਵਾਲੀ ਸਥਿਤੀ ਬਣੀ ਹੋਈ ਹੈ।

ਹਲਕੇ ਪੱਧਰ ਤੇ ਟਿੱਕਟ ਹੱਥਿਆਉਂਣ ਨੂੰ ਲੈ ਕੇ ਸਾਰੀਆਂ ਹੀ ਪਾਰਟੀਆਂ ਦੇ ਲੀਡਰ ਧੜੇਬੰਦਕ ਲੜਾਈ ਲੜ ਰਹੇ ਹਨ।

ਟਿੱਕਟ ਕਿਸੇ ਨੂੰ ਮਿਲਣੀ ਹੈ ਭਾਵੇਂ ਕਿ ਇਹ ਸਭ ਕੁਝ ਸਿਆਸੀ ਘਰਾਣਿਆਂ ਦੇ 'ਚਾਬੀ' ਬਰਦਾਂਰਾਂ ਨੇ ਆਪਣੇ ਹੱਥ ਰੱਖਿਆ ਹੋਇਆ ਹੈ,ਫਿਰ ਵੀ ਹਰ ਸੰਭਾਵੀਂ ਉਮੀਦਵਾਰ ਟਿੱਕਟ ਜੇਬ 'ਚ ਹੈ ਦੇ ਦਾਅਵੇ ਕਰਕੇ ਲੋਕਾਂ ਨੂੰ ਸ਼ਰੇਆਮ ਗੁੰਮਰਾਹ ਕਰ ਰਹੇ ਹਨ।

ਦੇਖਣ 'ਚ ਆ ਰਿਹਾ ਹੈ ਕਿ ਕਿਸੇ ਵੀ ਰਾਜਨੀਤਕ ਪਾਰਟੀ ਦੇ ਲੀਡਰ ਕੋਲ ਲੋਕਾਂ ਲਈ ਆਪਣੀ ਪਟਾਰੀ 'ਚ ਕੁਝ ਵੀ ਨਹੀਂ ਹੈ।ਸਿਰਫ ਇੱਕ ਦੂਸਰੇ ਨੂੰ ਨੀਵਾਂ ਦਖਾਉਂਣ ਲਈ ਹਰ ਸੰਭਾਵੀਂ ਉਮੀਂਦਵਾਰ ਲੋਕਾਂ 'ਚ ਜਾ ਕੇ ਗੁੰਮਰਾਹ-ਕੁੰਨ ਪ੍ਰਚਾਰ ਕਰਦੇ ਦੇਖੇ ਜਾ ਰਹੇ ਹਨ। ਅੰਮ੍ਰਿਤਸਰ ਜ਼ਿਲ੍ਹੇ ਦੇ ਵਿਧਾਨ ਸਭਾ ਹਲਕਾ ਬਾਬਾ ਬਕਾਲਾ 'ਚ ਇਸ ਵੇਲੇ ਸਿਆਸੀ ਦੰਗਲ ਭੱਖਿਆ ਪਿਆ ਹੈ।ਕਾਂਗਰਸ ਅਤੇ ਅਕਾਲੀ ਦਲ ਬਾਦਲ ਅਤੇ 'ਆਪ' ਦੇ ਸੰਭਾਵੀਂ ਉਮੀਦਵਾਰ ਟਿੱਕਟ ਦੇ ਦਾਅਵੇ ਨੂੰ ਲੈ ਕੇ ਸ਼ਕਤੀ ਪ੍ਰਦਰਸ਼ਨ ਕਰਨ ਦੇ ਰਾਹ ਤੁਰ ਪਏ ਹਨ। ਇਹ ਵੀ ਦੇਖਿਆ ਜਾ ਰਿਹਾ ਹੈ ਕਿ ਕਾਂਗਰਸ ਪਾਰਟੀ ਦੇ ਸੰਭਾਵੀ ਉਮੀਦਵਾਰ ਸਤਿੰਦਰਜੀਤ ਸਿੰਘ ਛੱਜਲਵੱਡੀ ਅਤੇ ਮੌਜੂਦਾ ਵਿਧਾਇਕ ਸੰਤੋਖ ਸਿੰਘ ਭਲਾਈਪੁਰ ਵਿੱਚਕਾਰ ਟਿੱਕਟ ਹੱਥਿਆਉਂਣ ਨੂੰ ਲੈ ਕੇ ਜਬਰਦਸਤ ਪੇਚਾ ਫੱਸ ਚੁੱਕਾ ਹੈ।ਦੋਵੇਂ ਧੜੇ ਹਲਕੇ 'ਚ ਵਿਚਰਦੇ ਹੋਏ, ਲੋਕਾਂ ਨੂੰ ਆਪੋ ਆਪਣੇ ਹੱਕ 'ਚ ਖੜਾ ਕਰਨ ਲਈ ਤੁਫਾਨੀ ਦੌਰਿਆ ਵਾਅਦਿਆਂ ਦਾ ਆਸਰਾ ਲੈ ਰਹੇ ਹਨ।

ਦੇਖਿਆ ਜਾ ਰਿਹਾ ਹੈ ਕਿ ਇੱਕੋ ਪਾਰਟੀ (ਕਾਂਗਰਸ) ਦੋਵਾਂ ਲੀਡਰਾਂ ਕੋਲ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ, ਲੋਕਾਂ ਨੂੰ ਰੁਜ਼ਗਾਰ ਦੇਣ, ਸਿਹਤ ਸਹੂਲਤ ਦੇਣ, ਲੋਕਾਂ ਨੂੰ ਸਵੈ ਰੁਜ਼ਗਾਰ ਦੇਣ ਦੇ ਮੌਕੇ ਪੈਦਾ ਕਰਨ, ਧਾਰਮਿਕ ਸਥਾਨ ਅਤੇ ਧਾਰਮਿਕ ਗ੍ਰੰਥਾਂ ਦੀ ਸੁਰੱਖਿਆ ਬਾਰੇ ਕੋਈ ਠੋਸ ਪ੍ਰੋਗਰਾਮ ਨਹੀਂ ਹੈ।ਮਗਰ ਖੁਦ ਨੂੰ ਲੋਕਾਂ ਦਾ 'ਆਕਾ' ਮੰਨੀ ਬੈਠੇ ਹਨ।

ਇਹੋ ਹੀ ਸਥਿਤੀ ਹੈ ਅਕਾਲੀ ਦਲ ਬਾਦਲ ਦੇ ਸੰਭਾਵੀਂ ਉਮੀਦਵਾਂਰਾਂ ਦੀ ਇਥੋਂ ਜਥੇਦਾਰ ਬਲਜੀਤ ਸਿੰਘ ਜਲਾਲਉਸਮਾ ਸਾਬਕਾ ਵਿਧਾਇਕ ਜੰਡਿਆਲਾ ਗੁਰੂ ਅਤੇ ਸਾਬਕਾ ਵਿਧਾਇਕ ਬਾਬਾ ਬਕਾਲਾ ਮਨਜੀਤ ਸਿੰਘ ਮੰਨਾ ਮੀਆਂਵਿੰਗ ਟਿੱਕਟ ਪ੍ਰਾਪਤ ਕਰਨ ਲਈ ਅੱਡੀ ਚੋਟੀ ਦਾ ਜ਼ੋਰ ਲਗਾ ਰਹੇ ਹਨ।ਪਰ ਦਿਲਚਸਪ ਗੱਲ ਇਹ ਹੈ ਕਿ ਦੋਵਾਂ ਕੋਲ ਲੋਕਾਂ ਨੂੰ ਦੇਣ ਲਈ ਕੋਈ ਸੁੱਖ ਸਹੂਲਤ ਨਹੀਂ ਹੈ,ਨਾਂ ਹੀ ਪਿਛਲੇ ਕਾਰਜਕਾਲ 'ਚ ਇਹ ਹਲਕੇ ਲਈ ਕੋਈ ਵੱਡਾ ਪ੍ਰੋਜੈਕਟ ਹੀ ਲਿਆ ਸਕੇ ਹਨ।ਬਾਬਾ ਬਕਾਲਾ ਨੂੰ ਬਹੁ ਪੱਖ ਤੋਂ ਵਿਕਸਤ ਕਰਨ 'ਚ ਅਸਫਲ ਰਹਿਣ ਵਾਲੇ ਇਹ ਲੀਡਰ ਲੋਕਾਂ ਨੂੰ ਕੁਝ ਦਿੱਤੇ ਬਿਨਾ ਹਵਾਈ ਗੱਲਾਂ ਨਾਲ ਜਿੱਤਣ ਲਈ ਜ਼ੋਰ ਅਜ਼ਮਾਈ ਕਰਦੇ ਨਜ਼ਰ ਆ ਰਹੇ ਹਨ।ਆਮ ਆਦਮੀਂ ਪਾਰਟੀ ਦੀ ਸਥਿਤੀ ਧੜੇਬੰਦਕ ਫੁੱਟ ਵਾਲੀ ਹੀ ਬਣੀ ਹੋਈ ਹੈ।ਇਥੇ ਪਿਛਲੀਆਂ ਚੋਣਾਂ 'ਚ ਸੰਤੋਖ ਸਿੰਘ ਭਲਾਈਪੁਰ ਨੂੰ ਟੱਕਰ ਦੇਣ ਵਾਲੇ ਦਲਬੀਰ ਸਿੰਘ ਟੌਂਗ ਦੇ ਹਿੱਸੇ ਦੀ ਟਿੱਕਟ ਖੋਹਣ ਲਈ ਸੂਬੇਦਾਰ ਹਰਜੀਤ ਸਿੰਘ ਅਤੇ ਅਧਿਆਪਕਾ ਗੁਰਨਾਮ ਕੌਰ ਵੀ ਜ਼ੋਰ ਅਜ਼ਮਾਈ ਕਰਦੇ ਨਜ਼ਰ ਆ ਰਹੇ ਹਨ।ਆਪ ਦੇ 3 ਸੰਭਾਵੀਂ ਉਮੀਦਵਾਰਾਂ ਦੇ ਦਾਅਵਿਆਂ ਨੂੰ ਦੇਖ ਕੇ ਲੋਕ ਵੀ ਹੈਰਾਨ ਹਨ। ਇਸ ਲਈ ਇੱਕ ਦੂਸਰੇ ਨੂੰ ਠਿੱਬੀ ਲਗਾਉਂਣ ਵਾਲੇ ਤਮਾਮ ਲੀਡਰਾਂ ਪ੍ਰਤੀ ਲੋਕਾਂ ਦੀ ਕੋਈ ਦਿਲਚਸਪੀ ਅਜੇ ਤੱਕ ਸਾਹਮਣੇ ਨਹੀਂ ਆਈ ਹੈ। ਇਸ ਹਲਕੇ 'ਚ ਸਮਝੌਤੇ ਅਨੁਸਾਰ ਰਵਾਇਤੀ ਧਿਰਾਂ ਨੂੰ ਜੱਫਾ ਪਾਉਂਣ ਵਾਲੇ ਹੱਥ ਅਜੇ ਕਮਜੋਰ ਨਜ਼ਰ ਆ ਰਹੇ ਹਨ।

# ਪਿੰਡ ਦਾਤੇ ਵਿੱਚ ਲਾਡੀ ਢੋਸ ਦੀ ਜਨ ਸਭਾ ਨੇ ਧਾਰਿਆ ਰੈਲੀ ਦਾ ਰੂਪ

■ **ਆਮ ਆਦਮੀ ਪਾਰਟੀ ਦੀ ਸਰਕਾਰ ਕਰੇਗੀ ਪੰਜਾਬ ਦਾ ਕਾਇਆ ਕਲਪ - ਲਾਡੀ ਢੋਸ**




**ਮੋਗਾ/ਦਵਿੰਦਰ ਸਿੰਘ ਬਿੱਟੂ**

ਆਮ ਆਦਮੀ ਪਾਰਟੀ ਦੀ ਸਰਕਾਰ ਆਉਣ ਲੱਗਭਗ ਤੈਅ ਹੋ ਚੁੱਕਾ ਹੈ ਅਤੇ ਲੋਕਾਂ ਵਿੱਚ ਵੀ ਆਪ ਦੀ ਸਰਕਾਰ ਬਣਾਉਣ ਲਈ ਚਾਅ ਦੇਖਿਆ ਹੀ ਬਣਦਾ ਹੈ।ਆਮ ਆਦਮੀ ਪਾਰਟੀ ਨੇ ਦਿੱਲੀ ਵਿੱਚ ਆਵਦੀਆਂ ਲੋਕ ਪੱਖੀ ਨੀਤੀਆਂ ਨਾਲ ਆਮ ਲੋਕਾਂ ਦਾ ਜੀਵਨ ਸੁਖਾਲਾ ਕੀਤਾ ਹੈ ਅਤੇ ਉਥੋਂ ਦੇ ਲੋਕਾਂ ਨੇ ਦੂਜੀ ਵਾਰ ਵੀ ਆਪ ਤੇ ਭਰੋਸਾ ਕਰ ਕੇ ਉੱਥੇ ਭਾਰੀ ਬਹੁਮਤ ਨਾਲ ਦੂਜੀ ਵਾਰ ਸੱਤਾ ਦੀ ਚਾਬੀ ਦਿੱਤੀ ਸੀ।ਪੰਜਾਬ ਵਿੱਚ ਵੀ ਆਮ ਆਦਮੀ ਪਾਰਟੀ ਇਸ ਵਾਰ ਜਿੱਤ ਦੇ ਦਰਵਾਜੇ ਉਪਰ ਖੜ੍ਹੀ ਹੈ ਅਤੇ ਪਾਰਟੀ ਦੀਆਂ ਸਰਗਰਮੀਆਂ ਲਗਾਤਾਰ ਜਾਰੀ ਹਨ।ਧਰਮਕੋਟ ਤੋਂ ਆਪ ਦੇ ਹਲਕਾ ਇੰਚਾਰਜ ਦਵਿੰਦਰਜੀਤ ਸਿੰਘ ਲਾਡੀ ਢੋਸ ਵੱਲੋਂ ਵੀ ਹਲਕੇ ਦੇ ਪਿੰਡਾਂ ਵਿੱਚ ਜਨ ਸੰਵਾਦ ਕੀਤੇ ਜਾ ਰਹੇ ਹਨ।ਰਵਾਇਤੀ ਪਾਰਟੀਆਂ ਦੇ ਸਤਾਏ ਹੋਏ ਲੋਕ ਇਸ ਵਾਰ ਪਾਸਾ ਪਲਟਣ ਦੀ ਤਿਆਰੀ ਕਰੀ ਬੈਠੇ ਹਨ ।ਲੋਕਾਂ ਨੂੰ ਝੂਠੇ ਵਾਅਦੇ ਕਰ ਕੇ ਸੱਤਾ ਵਿੱਚ ਆਈ ਕਾਂਗਰਸ ਸਰਕਾਰ ਨੇ ਲੋਕਾਂ ਦੇ ਜੀਵਨ ਨੂੰ ਬਦ ਤੋਂ ਬੱਤਰ ਕੇ ਦਿੱਤਾ ਹੈ।ਹਲਕੇ ਦੇ ਪਿੰਡ ਦਾਤਾ ਵਿੱਚ ਆਪ ਦੇ ਹਲਕਾ ਇੰਚਾਰਜ ਲਾਡੀ ਢੋਸ ਵੱਲੋਂ ਜਨ ਸਭਾ ਕੀਤੀ ਗਈ ।ਇਸ ਜਨ ਸਭਾ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਸਮੂਲੀਅਤ ਕੀਤੀ ਅਤੇ ਆਵਦੇ ਦੁੱਖ ਦਰਦ ਹਲਕਾ ਇੰਚਾਰਜ ਅੱਗੇ ਰੱਖੇ ।ਇਥੇ ਗੱਲਬਾਤ ਦੌਰਾਨ ਲਾਡੀ ਢੋਸ ਨੇ ਕਿਹਾ ਕੇ ਸੱਤਾਧਾਰੀ ਧਿਰ ਆਵਦੇ ਕੀਤੇ ਹੋਏ ਵਾਅਦੇ ਭੁਲਾ ਚੁੱਕੀ ਹੈ ਅਤੇ ਸੱਤਾ ਦੇ ਨਸੇ ਵਿੱਚ ਆਵਦਾ ਢਿੱਡ ਭਰਨ ਤੇ ਲੱਗੀ ਹੋਈ ਹੈ ।ਪੰਜਾਬ ਦੀ ਜਵਾਨੀ ਨਸੇ ਵਿੱਚ ਗਰਕ ਰਹੀ ਹੈ ਅਤੇ ਪੜ੍ਹੇ ਲਿਖੇ ਨੌਜਵਾਨ ਆਵਦੇ ਹੱਕਾਂ ਖਾਤਰ ਪੁਲਿਸ ਦੀਆਂ ਡਾਂਗਾਂ ਖਾ ਰਹੇ ਹਨ ।ਓਹਨਾ ਕਿਹਾ ਕਿ ਆਪ ਦੀ ਸਰਕਾਰ ਆਉਣ ਤੇ ਪੰਜਾਬ ਨੂੰ ਮੁੜ ਤੋਂ ਸੋਨੇ ਦੀ ਚਿੜੀ ਬਣਾਇਆ ਜਾਵੇਗਾ ਅਤੇ ਪੰਜਾਬ ਪਹਿਲਾਂ ਵਾਂਗੂੰ ਇਕ ਖੁਸਹਾਲ ਸੂਬਾ ਬਣਾਇਆ ਜਾਏਗਾ।

# ਕੱਚੇ ਮੁਲਜਮਾਂ ਵਲੋਂ ਮਾਤਾ ਕੁਸ਼ਲਿਆ ਹਸਪਤਾਲ ਕੰਪਲੈਕਸ ਵਿਖੇ ਗੇਟ ਰੈਲੀ ਕੀਤੀ



**ਪਟਿਆਲਾ/ਜਗਦੀਸ ਰਾਈਕਾ**

ਸਰਕਾਰੀ ਤੇ ਅਰਧ ਸਰਕਾਰੀ ਵਿਭਾਗਾਂ ਦੇ ਚੋਥਾ ਦਰਜਾ ਮੁਲਾਜਮਾਂ ਅਤੇ ਕੱਚੇ ਮੁਲਜਮਾਂ ਵਲੋਂ ਮਾਤਾ ਕੁਸ਼ਲਿਆ ਹਸਪਤਾਲ ਕੰਪਲੈਕਸ ਵਿਖੇ ਗੇਟ ਰੈਲੀ ਕੀਤੀ ਅਤੇ ਮੈਡੀਕਲ ਸੁਪਰਡੰਟ ਦਾ ਜੋਰਦਾਰ ਪਿੱਟ ਸਿਆਪਾ ਕੀਤਾ, ਕਿ ਇਨ੍ਹਾਂ ਦੇ ਦਫਤਰ ਵਲੋਂ ਚੋਥਾ ਦਰਜਾ ਮੁਲਾਜਮਾਂ ਦੀਆਂ ਮੰਗਾਂ ਜਿਵੇਂ ਕਿ ਨਵੇਂ ਤਨਖਾਹ ਸਕੇਲਾਂ ਵਿੱਚ ਤਨਖਾਹਾਂ ਫਿਕਸ ਕਰਨ ਵਿੱਚ ਬੇਲੋੜੀਂਦੀ ਦੇਰੀ ਕਰਨ, ਕੰਟਰੈਕਟ / ਆਊਟ ਸੋਰਸ ਕਰਮਚਾਰੀਆਂ ਨੂੰ ਘੱਟੋਘੱਟ ਉਜਰਤਾ ਠੇਕੇਦਾਰ ਦੁਆਰਾ ਨਾ ਦੇਣਾ "ਪੰਜ ਪੰਜ ਸੋ ਰੁਪਏ" ਦੀ ਨਜਾਇਜ ਕਟੌਤੀ ਕਰਨੀ, ਬਣਦਿਆ ਸਾਰੀਆਂ ਸਹੂਲਤਾਂ ਨਾ ਦੇਣ ਹਸਪਤਾਲ "ਮੇਟਰਨ" ਵਲੋਂ ਗੈਰ ਹਾਜਰੀਆਂ ਲਗਾ ਕੇ ਤਨਖਾਹਾਂ ਦੀ ਕਟੋਤੀ ਕਰਵਾਉਣੀ, ਕਰਮੀਆਂ ਨੂੰ ਨਜਾਇਜ ਤੰਗ ਪ੍ਰੇਸ਼ਾਨ ਕਰਨਾ, ਡਿਊਟੀ ਰੁਟੇਸ਼ਨ ਨਾ ਲੈਣੀ ਵਰਗੇ ਇਸ਼ੂ ਸ਼ਾਮਲ ਸਨ, ਇਸ ਤਰ੍ਹਾਂ ਸਿਵਲ ਸਰਕਲ ਵਲੋਂ ਤਿੰਨ ਮਹੀਨੇ ਪਹਿਲਾ ਮੀਟਿੰਗ ਕਰਕੇ ਮੁਲਾਜਮਾਂ ਦੀਆਂ ਮੰਗਾਂ ਨੂੰ ਲਾਗੂ ਕਰਨ ਤੋਂ ਅੱਖੋ ਓਹਲੇ ਕਰਨ ਵਿਰੁੱਧ ਵੀ ਰੋਸ ਪ੍ਰਗਟ ਕੀਤਾ ਗਿਆ ਅਤੇ ਟੀਕਾਕਰਨ ਫਾਰਮਿਟ ਵਲੋਂ ਮੁਲਾਜਮਾਂਮੁਲਾਜਮ ਆਗੂਆਂ ਤੇ ਆਮ ਲੋਕਾਂ ਦਾ ਦਰ ਵਿਵਹਾਰ ਕਰਨ ਵਿਰੁੱਧ ਜਮਕੇ ਉਸ ਵਿਰੁੱਧ ਨਾਹਰੇਬਾਜੀ ਕੀਤੀ ਗਈ।

ਮੁਲਾਜਮਾਂ ਨੇ ਸੀਨੀਅਰ ਪੱਤਰਕਾਰ ਸ੍ਰੀ ਸਰਬਜੀਤ ਸਿੰਘ ਭੰਗੂ ਜੀ ਦੇ ਪਿਤਾ ਜੀ ਦੇ ਅਕਾਲ ਚਲਾਣਾ ਕਰਨ ਅੱਜ ਭੋਗ ਤੇ ਵਿਸ਼ੇਸ਼, ਇਕੱਤਰਤਾ ਵੀ ਕੀਤੀ। ਜਿੱਥੇ ਇਨ੍ਹਾਂ ਦੇ ਪਿਤਾ ਜੀ ਸ਼ਰਧਾਂਜਲੀ ਭੇਂਟ ਕੀਤੀ ਉੱਥੇ ਹੀ ਆਗੂਆਂ ਨੇ ਸ੍ਰੀ ਭੰਗੂ ਦੀ ਨਿਸ਼ਕਾਮ ਪੱਤਰਕਾਰੀ ਨੂੰ ਸਲਾਮ ਵੀ ਕੀਤਾ। ਇਸ ਮੌਕੇ ਤੇ ਮੁਲਾਜਮਾਂ ਦੇ ਪ੍ਰਮੁੱਖ ਆਗੂ ਦਰਸ਼ਨ ਸਿੰਘ ਲੁਬਾਣਾ, ਜਗਮੋਹਨ ਨੋਲੱਖਾ, ਰਾਮ ਕਿਸ਼ਨ, ਰਾਮ ਲਾਲ ਰਾਮਾ, ਸੁਖਦੇਵ ਸਿੰਘ ਝੰਡੀ, ਕਾਕਾ ਸਿੰਘ, ਪ੍ਰਕਾਸ਼ ਸਿੰਘ ਲੁਬਾਣਾ, ਅਨਿਲ ਕੁਮਾਰ, ਜਸਵੰਤ ਸਿੰਘ, ਸ਼ਾਮ ਸਿੰਘ, ਇੰਦਰ ਪਾਲ ਵਾਲਿਆ, ਪ੍ਰਵੀਨ ਕੁਮਾਰ, ਬੁੱਧੀ ਸਿੰਘ, ਰਾਜੇਸ਼ ਕੁਮਾਰ, ਰਾਜੀਵ ਕੁਮਾਰ, ਜਗਤਾਰ ਸਿੰਘ, ਦਿੱਪੂ, ਰਾਕੇਸ਼ ਸਿੰਘ, ਆਦਿ ਹਾਜਰ ਸਨ। ਦਰਸ਼ਨ ਸਿੰਘ ਲੁਬਾਣਾ ਨੇ ਐਲਾਨ ਕੀਤਾ ਕਿ ਮੰਡੀ ਬੋਰਡ ਦੇ ਕਾਮਿਆਂ ਦੀਆਂ ਮੰਗਾਂ ਜੋ ਪਿਛਲੇ ਚਾਰ ਸਾਲਾਂ ਤੋਂ ਲਮਕਾ ਅਵਸਥਾ ਵਿੱਚ ਹਨ ਸਬੰਧੀ ਮਿਤੀ 17 ਦਸੰਬਰ ਨੂੰ ਮੰਡੀ ਬੋਰਡ ਦੇ ਚੇਅਰਮੈਨ ਸ੍. ਲਾਲ ਸਿੰਘ ਦੀ ਰਿਹਾਇਸ਼ੀ ਵਿਖੇ ਰੈਲੀ ਕੀਤੀ ਜਾ ਰਹੀ ਹੈ ਅਤੇ ਮਿਤੀ 20 ਦਸੰਬਰ ਨੂੰ ਰਜਿੰਦਰਾ ਹਸਪਤਾਲ ਤੇ ਮੈਡੀਕਲ ਕਾਲਜ, ਮਿਤੀ 21 ਦਸੰਬਰ ਨੂੰ ਸਿਵਲ ਸਰਜਨ ਦਫਤਰ ਅਤੇ ਮੈਡੀਕਲ ਸੁਪਰਡੈਂਟ ਦਫਤਰ ਅੱਗੇ ਰੋਸ ਰੈਲੀ ਹੋਵੇਗੀ।

# ਨੋਜਵਾਨ ਸਭਾ ਨੇ ਕੋਂਸਲਰ ਦਾ ਕੀਤਾ ਵਿਸ਼ੇਸ਼ ਸਨਮਾਨ



**ਭੁਲੱਥ/ਧਵਨ**

ਨਗਰ ਪੰਚਾਇਤ ਭੁਲੱਥ ਵਿਚ ਸੇਵਾ ਨਿਭਾਉਦੀ ਕੌਂਸਲਰ ਸ੍ਰੀਮਤੀ ਜਨਕ ਰਾਣੀ ਦੇ ਪਤੀ ਸ੍ਰੀ ਨਰੇਸ ਸਹਿਗਲ ਨੂੰ ਮਿਹਨਤੀ ਕੌਂਸਲਰ ਵਜੋਂ ਨੋਜਵਾਨ ਸਭਾ ਟੀਮ ਆਪਣਾ ਪਿੰਡ ਭੁਲੱਥ ਦੇ ਮੁਫਤ ਜਿੰਮ ਵਿੱਚ ਵਿਸੇਸ ਤੌਰ ਤੇ ਸਨਮਾਨਿਤ ਕੀਤਾ ਗਿਆ। ਨੋਜਵਾਨਾਂ ਨੇ ਨਰੇਸ ਸਹਿਗਲ ਦੀ ਤਾਰੀਫ ਕੀਤੀ ਕਿ ਭੁਲੱਥ ਵਿੱਚ ਸਫਾਈ ਕਾਰਜਾ ਤੇ ਵਿਕਾਸ ਕਾਰਜਾ ਵਿੱਚ ਚੰਗੀ ਦੇਖ-ਰੇਖ ਕਰ ਆਪਣੀ ਭੂਮਿਕਾ ਨਿਭਾਉਦੇ ਹਨ ਅਤੇ ਨਗਰ ਦੀ ਸਾਫ-ਸਫਾਈ, ਹਰਿਆ-ਭਰਿਆ ਰੱਖਣ ਵਿੱਚ ਮੁੱਢਲਾ ਯੋਗਦਾਨ ਹੈ, ਇਸ ਤੋ ਇਲਾਵਾ ਪਿੰਡ ਦੇ ਕਾਰਜਾ ਲਈ ਹਮੇਸਾ ਤੱਤਪਰ ਰਹਿੰਦੇ ਹਨ।ਅਜਿਹੀ ਸੇਵਾ ਤੋ ਖੁਸ ਹੋ ਨਰੇਸ ਸਹਿਗਲ ਨੂੰ ਨੋਜਵਾਨ ਸਭਾ ਨੇ ਸਿਰਪਾਓ ਨਾਲ ਸਨਮਾਨਿਤ ਕੀਤਾ ਗਿਆ ਤੇ ਸੇਵਾ ਦੀ ਖੂਬ ਸਲਾਘਾ ਕੀਤੀ। ਇਸ ਮੋਕੇ ਸਹਿਗਲ ਨੇ ਨੋਜਵਾਨਾਂ ਦਾ ਧੰਨਵਾਦ ਕਰਦੇ ਕਿਹਾ ਕਿ ਮੈ ਆਪਣੇ ਪਿੰਡ ਦੀ ਸੇਵਾ ਕਰਨ ਲਈ ਵਚਨਬੰਧ ਹਾਂ, ਜਿੱਥੇ ਤੱਕ ਮੇਰਾ ਵੱਸ ਚੱਲਦਾ ਮੈ ਆਪਣੀ ਭੂਮਿਕਾ ਸੁਚੱਜੇ ਢੰਗ ਨਾਲ ਨਿਭਾਉਂਦਾ ਹਾਂ। ਇਸ ਮੋਕੇ ਸਨਮਾਨ ਕਰਦੇ ਨੋਜਵਾਨ ਸੰਦੀਪ ਸਹਿਗਲ, ਲਵ ਧਵਨ, ਤ੍ਰਿਪਤ ਕੱਕੜ, ਸਚਿਨ ਘਈ, ਈਸ਼ੂ ਨੰਦਾ, ਮੁਨੀਸ, ਮਨੀ, ਜੋਨ, ਹੈਰੀ, ਸੋਰਵ ਤੇ ਹੋਰ ਨੋਜਵਾਨ ਹਾਜਰ ਸਨ।

# ਪੋਹ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਸ਼ਰਧਾ ਨਾਲ ਮਨਾਇਆ

**ਲੁਧਿਆਣਾ/ਕਰਨੈਲ ਸਿੰਘ ਐੱਮ.ਏ.**

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਗੁਰੂ ਤੇਗ਼ ਬਹਾਦਰ ਗਲੀ ਨੰਬਰ 2, ਚੰਡੀਗੜ੍ਹ ਰੋਡ ਵਿਖੇ ਪੋਹ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਗਿਆ। ਭਾਈ ਦਿਲਪ੍ਰੀਤ ਸਿੰਘ ਨੇ ਗੁਰਬਾਣੀ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਉਹਨਾਂ ਪੋਹ ਮਹੀਨੇ ਦਾ ਪਾਠ ਸੰਗਤਾਂ ਨੂੰ ਸਰਵਣ ਕਰਵਾਇਆ ਤੇ ਪੋਹ ਮਹੀਨੇ ਦੀ ਮਹੱਤਤਾ ਬਾਰੇ ਸੰਗਤਾਂ ਨਾਲ ਵਿਚਾਰ ਸਾਂਝੇ ਕੀਤੇ। ਇਸ ਮੌਕੇ ਕਰਨੈਲ ਸਿੰਘ ਪ੍ਰਧਾਨ, ਗੁਰਮੀਤ ਸਿੰਘ ਸੀਨੀਅਰ ਮੀਤ ਪ੍ਰਧਾਨ, ਸੁਰਜੀਤ ਸਿੰਘ ਖੁਰਾਣਾ ਖਜਾਨਚੀ, ਮਨਜੀਤ ਸਿੰਘ, ਸਵਰਨ ਸਿੰਘ, ਪਲਵਿੰਦਰ ਸਿੰਘ, ਸੁਰਿੰਦਰ ਸਿੰਘ ਹਾਜ਼ਰ ਸਨ।

# ਫੋਜੀ ਜਵਾਨਾਂ ਦੀ ਬਹਾਦਰੀ ਕੁਰਬਾਨੀਆਂ ਸਹੀਦੀਆਂ ਰਾਸ਼ਟਰ ਪ੍ਰੇਮ ਨੂੰ ਸਲਾਮ ਕਰਕੇ ਵਿਦਵ ਦਿਵਸ ਮਨਾਇਆ



**ਪਟਿਆਲਾ/ਜਗਦੀਸ ਰਾਈਕਾ**

1971 ਦੇ ਭਾਰਤ ਪਾਕਿਸਤਾਨ ਦੀ ਜਿੱਤ ਦੇ ਗੋਲਡਨ ਜੁਬਲੀ ਮੋਕੇ ਭਾਰਤੀ ਫੌਜੀਆਂ ਦੀਆਂ ਰਾਸ਼ਟਰ ਪ੍ਰੇਮ ਬਹਾਦਰੀ ਕੁਰਬਾਨੀਆਂ ਵਫਾਦਾਰੀਆ ਅਤੇ ਅਨੁਸ਼ਾਸਨ ਦੇ ਇਤਿਹਾਸਕ ਜੰਗੀ ਜਿੱਤ ਦਿਵਸ ਨੂੰ ਗਰੀਨ ਵੈਲ ਹਾਈ ਸਕੂਲ ਅਰਜਨ ਨਗਰ ਪਟਿਆਲਾ ਨੇ ਨਵੇਕਲੇ ਢੰਗ ਤਰੀਕੇ ਨਾਲ ਸਕੂਲ ਪ੍ਰਿੰਸੀਪਲ ਕਮ ਡਾਇਰੈਕਟਰ ਸ੍ਰੀਮਤੀ ਮੰਜੂ ਦੀ ਅਗਵਾਈ ਹੇਠ ਮਨਾਇਆ। ਇਸ ਮੋਕੇ ਸੇਵਾਮੁਕਤ ਕਰਨਲ ਬਿਸਨ ਦਾਸ, ਸ੍ਰੀ ਰਾਕੇਸ਼ ਕੁਮਾਰ ਸਰਮਾ, ਸਾਬਕਾ ਐਸ ਐਸ ਪੀ ਪੰਜਾਬ ਜੇਲਾਂ ਰਾਸਟਰਪਤੀ ਮੈਡਲਾਂ ਨਾਲ ਦੋ ਵਾਰ ਸਨਮਾਨਿਤ, ਕਾਕਾ ਰਾਮ ਵਰਮਾ, ਏ ਐਸ ਆਈ ਗੁਰਜਾਪ ਸਿੰਘ, ਉਪਕਾਰ ਸਿੰਘ, ਐਡਵੋਕੇਟ ਐਸ ਐਸ ਜੇਜੀ, ਪਵਨ ਗੋਇਲ ਮਿਸਜ ਮਸਤ ਜੀ ਅਤੇ ਆਏ ਮਹਿਮਾਨਾਂ ਅਤੇ ਮਾਪਿਆਂ ਨੇ ਸਕੂਲ ਦੇ ਉੱਦਮ ਸਾਨਦਾਰ ਪ੍ਰਦਰਸ਼ਨ ਦੀ ਪ੍ਰਸੰਸਾ ਕਰਦੇ ਹੋਏ ਕਿਹਾ ਕਿ ਸਾਇਦ ਕਿਸੇ ਸਿੱਖਿਆ ਸੰਸਥਾ ਵਿਖੇ ਇਸ ਤਰਾਂ ਦੇ ਸਾਨਦਾਰ ਦੇਸ ਭਗਤੀ ਦੇ ਗੀਤ ਸੰਗੀਤ ਕਵਿਤਾਵਾਂ ਪਹਿਰਾਵੇ ਸਕਿੱਟਾਂ ਵਿਜੇ ਦਿਵਸ ਮੌਕੇ ਪ੍ਰਦਸਿਤ ਕੀਤੀਆਂ ਗਈਆਂ ਹੋਣ। ਸਕੂਲ ਦੇ ਛੋਟੇ-ਛੋਟੇ ਬੱਚੇ ਅਤੇ ਦੂਸਰੇ ਵਿਦਿਆਰਥੀ ਵਿਜੇ ਦਿਵਸ ਨੂੰ ਸਮਰਪਿਤ ਪ੍ਰੋਗਰਾਮ ਮਨਾਉਣ ਲਈ ਜੋਸ ਹਿੰਮਤ ਅਨੰਦ ਸਰੂਰ ਵਿਚ ਆਪਣੇ ਜਜਬਾਤ ਪ੍ਰਗਟ ਕਰਦੇ ਰਹੇ। ਮਿਸਜ ਮੰਜੂ ਜੀ ਨੇ ਕਿਹਾ ਕਿ ਬੱਚਿਆਂ ਨੂੰ ਰਾਸ਼ਟਰ ਵਾਤਾਵਰਣ ਸੰਸਕਾਰਾਂ ਗੁਣਕਾਰੀ ਆਦਤਾਂ ਕਾਰਜਾਂ ਚੰਗੇ ਆਚਰਨ ਅਤੇ ਫਰਜਾਂ ਜੁਮੇਵਾਰੀਆ ਵਫਾਦਾਰੀਆ ਅਗਿਆਪਾਲਣ ਅਨੁਸ਼ਾਸਨ ਨਾਲ ਸਿੱਖਿਅਕ ਕਰਕੇ ਹੀ ਆਪਣੇ ਦੇਸ ਸਮਾਜ ਪਰਿਵਾਰਾਂ ਨੂੰ ਖੁਸ਼ਹਾਲ ਉੱਨਤ ਸੁਰੱਖਿਅਤ ਸਕਤੀਸਾਲੀ ਬਣਾਇਆ ਜਾ ਸਕਦਾ ਹੈ, ਦੋ ਮਿੰਟਾਂ ਦਾ ਮੋਨ ਧਾਰਕੇ ਸਹੀਦ ਹੋਏ ਜਵਾਨਾਂ ਨੂੰ ਸਰਧਾਂਜਲੀ ਵੀ ਦਿੱਤੀ ਗਈ।

# ਕਿਸਾਨੀ ਸੰਘਰਸ਼ 'ਚ ਯੋਗਦਾਨ ਦੇਣ ਲਈ ਟਿੱਲੂ ਨੇ ਉਘੇ ਲੋਕ ਗਾਇਕ ਸਵ: ਜਨਾਬ ਸਰਦੂਲ ਸਿਕੰਦਰ, ਉਹਨਾਂ ਦੀ ਪਤਨੀ ਉੱਘੀ ਗਾਇਕਾ ਅਮਰ ਨੂਰੀ ਨੂੰ ਕੀਤਾ ਸਨਮਾਨਿਤ

**ਖੰਨਾ/ਤੇਜਿੰਦਰ ਸਿੰਘ ਆਰਟਿਸਟ**

ਸ਼੍ਰੋਮਣੀ ਅਕਾਲੀ ਦਲ ਸੰਯੁਕਤ ਦੇ ਸੂਬਾ ਮੀਤ ਪ੍ਰਧਾਨ ਤੇ ਹਲਕਾ ਖੰਨਾ ਇੰਚਾਰਜ ਸੁਖਵੰਤ ਸਿੰਘ ਟਿੱਲੂ ਨੇ ਕੇਂਦਰ ਸਰਕਾਰ ਵੱਲੋਂ ਪਾਸ ਕੀਤੇ ਤਿੰਨ ਕਿਸਾਨ ਵਿਰੋਧੀ ਖੇਤੀ ਕਾਨੂੰਨਾਂ ਨੂੰ ਰੱਦ ਕਰਾਉਣ ਲਈ ਲੜੇ ਕਿਸਾਨੀ ਸੰਘਰਸ਼ 'ਚ ਯੋਗਦਾਨ ਪਾਉਣ ਵਾਲੀ ਬੀਬੀ ਅਮਰ ਨੂਰੀ ਨੂੰ ਸਨਮਾਨਿਤ ਕੀਤਾ। ਸ੍. ਟਿੱਲੂ ਨੇ ਬੀਤੇ ਪਲਾਂ ਨੂੰ ਯਾਦ ਕਰਦਿਆਂ ਕਿਹਾ ਕਿ ਮੈਨੂੰ ਯਾਦ ਹੈ ਜਦੋਂ ਸ਼ੁਰੂਆਤੀ ਦਿਨਾਂ 'ਚ ਸੰਯੁਕਤ ਕਿਸਾਨ ਮੋਰਚਾ ਦੇ ਦੇਸ਼ ਵਿਆਪੀ ਬੰਦ ਦੇ ਸੱਦੇ 'ਤੇ ਖੰਨੇ 'ਚੋਂ ਲੰਘਦੇ ਨੈਸ਼ਨਲ ਫਲਾਈਓਵਰ 'ਤੇ ਕਿਸਾਨਾਂ ਦੇ ਧਰਨੇ 'ਚ ਸ਼ਮੂਲੀਅਤ ਕਰਨ ਲਈ ਉਚੇਚੇ ਤੌਰ 'ਤੇ ਪੰਜਾਬੀ ਗਾਇਕੀ ਦੇ ਸਿਰਤਾਜ ਵਜੋਂ ਜਾਣੇ ਜਾਂਦੇ ਮਰਹੂਮ ਗਾਇਕ ਜਨਾਬ ਸਰਦੂਲ ਸਿਕੰਦਰ ਅਤੇ ਬੀਬੀ ਅਮਰ ਨੂਰੀ ਜੀ ਤੋਂ ਇਲਾਵਾ ਵੱਡੀ ਗਿਣਤੀ 'ਚ ਗਾਇਕ ਤੇ ਗੀਤਕਾਰ ਵੀ ਧਰਨੇ 'ਚ ਪੁੱਜੇ ਅਤੇ ਕਿਸਾਨਾਂ, ਮਜ਼ਦੂਰਾਂ ਦੀ ਹੌਂਸਲਾ ਅਫ਼ਜ਼ਾਈ ਕੀਤੀ। ਇਸ ਮੌਕੇ ਕਮਲਜੀਤ ਸਿੰਘ ਅਤੇ ਬੀਬੀ ਸੁਖਵਿੰਦਰ ਕੌਰ ਵੀ ਹਾਜਰ ਸਨ।



# ਗੁਰਮੀਤ ਨਾਗਪਾਲ ਨੂੰ ਆਲ ਇੰਡੀਆ ਯੂਥ ਕਾਂਗਰਸ ਦੇ ਕੌਮੀ ਬੁਲਾਰੇ ਦੀ ਅਹਿਮ ਜਿੰਮੇਵਾਰੀ ਸੌਂਪੀ ਗਈ



**ਖੰਨਾ/ਤੇਜਿੰਦਰ ਸਿੰਘ ਆਰਟਿਸਟ :** ਖੰਨਾ ਦੇ ਕੌਂਸਲਰ ਗੁਰਮੀਤ ਨਾਗਪਾਲ ਨੂੰ ਆਲ ਇੰਡੀਆ ਯੂਥ ਕਾਂਗਰਸ ਦੀ ਤਰਫੋਂ ਕੌਮੀ ਬੁਲਾਰੇ ਦੀ ਅਹਿਮ ਜੰਮਿਵਾਰੀ ਸੌਂਪੀ ਗਈ ਹੈ। ਪਾਰਟੀ ਵੱਲੋਂ 27 ਬੁਲਾਰਿਆਂ ਦੀ ਨਵੀਂ ਸੂਚੀ ਜਾਰੀ ਕੀਤੀ ਗਈ ਹੈ, ਜਿਸ ਨਾਲ ਦੇਸ ਦੇ ਨੌਜਵਾਨਾਂ ਨੂੰ ਕੌਮੀ ਪੱਧਰ 'ਤੇ ਮੌਕਾ ਮਿਲਦਾ ਹੈ। ਇਸ ਲਈ ਇਹ ਜੰਮਿਵਾਰੀ ਸੌਂਪੀ ਗਈ ਹੈ। ਇਸ ਜੰਮਿਵਾਰੀ ਤੋਂ ਬਾਅਦ ਹੁਣ ਗੁਰਮੀਤ ਨਾਗਪਾਲ ਉਨ੍ਹਾਂ ਨੂੰ ਪੰਜਾਬ ਅਤੇ ਪੰਜ ਸੂਬਿਆਂ 'ਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਪ੍ਰਚਾਰ ਲਈ ਵਰਤਣਗੇ। ਯੂਥ ਕਾਂਗਰਸ ਦੇ ਕੌਮੀ ਪ੍ਰਧਾਨ ਸ੍ਰੀਨਿਵਾਸ ਬੀਵੀ ਵੱਲੋਂ ਨਵੇਂ ਯੂਥ ਬੁਲਾਰਿਆਂ ਦੀ ਸੂਚੀ ਸਮੇਤ ਜਾਰੀ ਪੱਤਰ ਵਿੱਚ ਆਸ ਪ੍ਰਗਟਾਈ ਗਈ ਹੈ ਕਿ ਉਹ ਪਾਰਟੀ ਦੀ ਮਜਬੂਤੀ ਲਈ ਕੰਮ ਕਰਨਗੇ ਅਤੇ ਇਸ ਲਈ ਆਪਣਾ ਪੂਰਾ ਸਮਾਂ ਦੇਣਗੇ। ਨਾਗਪਾਲ ਨੇ ਇਸ ਜੰਮਿਵਾਰੀ ਲਈ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਉਹ ਪਾਰਟੀ ਨੂੰ ਮਜਬੂਤ ਕਰਨ ਅਤੇ ਇਸ ਦੀਆਂ ਨੀਤੀਆਂ ਦੇ ਪ੍ਰਚਾਰ ਤੇ ਪ੍ਰਸਾਰ ਲਈ ਸਖਤ ਮਿਹਨਤ ਕਰਨਗੇ। ਕਾਂਗਰਸ ਦੀ ਤਾਕਤ ਨਾਲ ਹੀ ਦੇਸ ਮਜਬੂਤ ਹੋ ਸਕਦਾ ਹੈ। ਪਾਰਟੀ ਵੱਲੋਂ ਦੇਸ ਦੀ ਏਕਤਾ ਅਤੇ ਅਖੰਡਤਾ ਲਈ ਕੀਤੇ ਕੰਮਾਂ ਅਤੇ ਵਿਕਾਸ ਨੂੰ ਲੋਕਾਂ ਦੇ ਸਾਹਮਣੇ ਰੱਖਣਗੇ।

ਦੇਸ਼-ਵਿਦੇਸ਼ ਤੋਂ ਅਖ਼ਬਾਰ ਨੂੰ ਪੱਤਰਕਾਰ, ਲੇਖਕਾਂ ਦੀ ਲੋੜ ਹੈ ਚਾਹਵਾਨ ਸੰਪਰਕ ਕਰਨ ਪਤਾ-ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 0181-2211009, 99155-94111

# ਮੁੱਖ ਮੰਤਰੀ ਵੱਲੋਂ ਲੁਧਿਆਣਾ ਵਿਖੇ ਬਾਬਾ ਸਾਹਿਬ ਅੰਬੇਡਕਰ ਦੇ ਨਾਂ 'ਤੇ ਅਤਿ ਆਧੁਨਿਕ ਟਰੌਮਾ ਸੈਂਟਰ ਬਣਾਉਣ ਦਾ ਕੀਤਾ ਐਲਾਨ



**ਲੁਧਿਆਣਾ/ਕਰਨ ਅਗਰਵਾਲ**

ਪੰਜਾਬ ਦੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਅੱਜ ਲੁਧਿਆਣਾ ਵਿਖੇ ਭਾਰਤ ਰਤਨ ਬਾਬਾ ਸਾਹਿਬ ਡਾ. ਬੀ.ਆਰ.ਅੰਬੇਦਕਰ ਦੇ ਨਾਂ 'ਤੇ ਅਤਿ ਆਧੁਨਿਕ ਟਰੌਮਾ ਸੈਂਟਰ ਬਣਾਉਣ ਦਾ ਐਲਾਨ ਕੀਤਾ ਹੈ।ਅੱਜ ਇੱਥੇ ਅੰਬੇਡਕਰ ਭਵਨ ਲੋਕਾਂ ਨੂੰ ਸਮਰਪਿਤ ਕਰਨ ਉਪਰੰਤ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਜਲ੍ਹਿ ਦੇ ਵੱਕਾਰੀ ਅੰਬੇਡਕਰ ਭਵਨ ਵਿਖੇ ਚੱਲ ਰਹੇ ਕਾਰਜਾਂ ਨੂੰ ਨੇਪਰੇ ਚਾੜ੍ਹਨ ਲਈ ਨਗਰ ਨਿਗਮ ਲੁਧਿਆਣਾ ਨੂੰ 4.14 ਕਰੋੜ ਰੁਪਏ ਦਾ ਚੈੱਕ ਸੌਂਪਿਆ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਟਰੌਮਾ ਸੈਂਟਰ ਬਾਬਾ ਸਾਹਿਬ ਡਾ. ਅੰਬੇਡਕਰ ਨੂੰ ਸੱਚੀ ਸਰਧਾਂਜਲੀ ਹੋਵੇਗਾ ਅਤੇ ਇਹ ਸੈਂਟਰ 10 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਅੰਬੇਡਕਰ ਭਵਨ 'ਤੇ ਹੁਣ ਤੱਕ 10 ਕਰੋੜ ਰੁਪਏ ਖਰਚ ਕੀਤੇ ਜਾ ਚੁੱਕੇ ਹਨ ਜਿਸ ਵਿੱਚੋਂ 4 ਕਰੋੜ ਰੁਪਏ ਗਲਾਡਾ ਵੱਲੋਂ, 1.65 ਕਰੋੜ ਰੁਪਏ ਲੁਧਿਆਣਾ ਇੰਪਰੂਵਮੈਂਟ ਟਰੱਸਟ ਵੱਲੋਂ ਅਤੇ ਬਾਕੀ ਨਗਰ ਨਿਗਮ ਲੁਧਿਆਣਾ ਵੱਲੋਂ ਖਰਚ ਕੀਤੇ ਗਏ ਹਨ। ਮੁੱਖ ਮੰਤਰੀ ਚੰਨੀ ਨੇ ਕਿਹਾ ਕਿ ਵਾਹਨਾਂ ਲਈ ਬੇਸਮੈਂਟ ਪਾਰਕਿੰਗ ਸਮੇਤ 500 ਲੋਕਾਂ ਦੀ ਸਮਰੱਥਾ ਵਾਲਾ ਗਰਾਊਂਡ ਫਲੋਰ ਹਾਲ ਪਹਿਲਾਂ ਹੀ ਮੁਕੰਮਲ ਕੀਤਾ ਜਾ ਚੁੱਕਾ ਹੈ। ਉਹਨਾਂ ਅੱਗੇ ਕਿਹਾ ਕਿ ਇਨਡੋਰ ਦੀ ਪਹਿਲੀ ਮੰਜਲਿ ਦੀ ਉਸਾਰੀ ਦਾ ਸਾਰਾ ਖਰਚਾ ਸੂਬਾ ਸਰਕਾਰ ਵੱਲੋਂ ਚੁੱਕਿਆ ਜਾਵੇਗਾ ਅਤੇ ਇਹ ਅਤਿ ਆਧੁਨਿਕ ਹਾਲ ਪੂਰੀ ਤਰ੍ਹਾਂ ਸਾਊਂਡ ਪਰੂਫ ਹੋਵੇਗਾ।

> ■ ਵੱਕਾਰੀ ਅੰਬੇਡਕਰ ਭਵਨ ਵਿਖੇ ਚੱਲ ਰਹੇ ਕਾਰਜਾਂ ਨੂੰ ਪੂਰਾ ਕਰਨ ਲਈ 4.14 ਕਰੋੜ ਰੁਪਏ ਦਾ ਚੈੱਕ ਸੌਂਪਿਆ
>
> ■ ਲੁਧਿਆਣਾ ਉੱਤਰੀ ਵਿਧਾਨ ਸਭਾ ਹਲਕੇ ਵਿੱਚ 35 ਕਰੋੜ ਰੁਪਏ ਤੋਂ ਵੱਧ ਦੀਆਂ ਵਿਕਾਸ ਗ੍ਰਾਂਟਾਂ ਦਾ ਐਲਾਨ

ਇਸ ਦੌਰਾਨ ਮੁੱਖ ਮੰਤਰੀ ਨੇ ਲੋਕਾਂ ਨੂੰ ਭਾਰਤ ਰਤਨ ਬਾਬਾ ਸਾਹਿਬ ਡਾ. ਬੀ.ਆਰ. ਅੰਬੇਦਕਰ ਵੱਲੋਂ ਦਰਸਾਏ ਸਮਾਨਤਾ ਅਤੇ ਆਜਾਦੀ ਦੇ ਸਿਧਾਂਤਾਂ ਦੀ ਪਾਲਣਾ ਕਰਕੇ ਇੱਕ ਆਦਰਸ ਸਮਾਜ ਸਿਰਜਣ ਲਈ ਯੋਗਦਾਨ ਪਾਉਣ ਦਾ ਸੱਦਾ ਦਿੱਤਾ। ਡਾ. ਅੰਬੇਡਕਰ ਨੂੰ ਇੱਕ ਮਹਾਨ ਵਿਦਵਾਨ, ਨਿਆਂ ਸਾਸਤਰੀ, ਅਰਥ ਸਾਸਤਰੀ, ਸਮਾਜ ਸੁਧਾਰਕ ਅਤੇ ਇੱਕ ਰਾਜਨੇਤਾ ਦੱਸਦਿਆਂ ਉਹਨਾਂ ਕਿਹਾ ਕਿ ਡਾ. ਅੰਬੇਡਕਰ ਸਮੁੱਚੇ ਵਿਸਵ ਇਤਿਹਾਸ ਵਿੱਚ ਸਭ ਤੋਂ ਉੱਚੀਆਂ ਸਖਸੀਅਤਾਂ ਵਿੱਚੋਂ ਇੱਕ ਸਨ।ਮੁੱਖ ਮੰਤਰੀ ਚੰਨੀ ਨੇ ਕਿਹਾ ਕਿ ਭਾਵੇਂ ਡਾ. ਅੰਬੇਡਕਰ ਇੱਕ ਨਿਮਾਣੇ ਪਰਿਵਾਰ ਨਾਲ ਸਬੰਧਤ ਸਨ ਪਰ ਸਮਾਜ ਪ੍ਰਤੀ ਉਨ੍ਹਾਂ ਦੇ ਬੇਮਿਸਾਲ ਯੋਗਦਾਨ ਨੇ ਉਨ੍ਹਾਂ ਨੂੰ ਵਿਸਵ ਆਗੂਆ ਦੀ ਲੀਗ ਵਿੱਚ ਖੜ੍ਹਾ ਕਰ ਦਿੱਤਾ ਹੈ।

ਰੇਹੜੀ/ਫੜੀ ਵਾਲਿਆਂ ਨੂੰ ਵੱਡੀ ਰਾਹਤ ਦਿੰਦਿਆਂ ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਇਨ੍ਹਾਂ ਮਿਹਨਤਕਸਾਂ ਨੂੰ ਪੁਲਿਸ ਜਾਂ ਪ੍ਰਸਾਸਨ ਵੱਲੋਂ ਬੇਲੋੜਾ ਪ੍ਰੇਸਾਨ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਰੇਹੜੀ-ਫੜ੍ਹੀ ਵਾਲਿਆਂ ਨੂੰ ਨਿਡਰ ਹੋ ਕੇ ਕੰਮ ਕਰਨਾ ਚਾਹੀਦਾ ਹੈ ਕਿਉਂਕਿ ਹੁਣ ਤੋਂ ਮੁੱਖ ਮੰਤਰੀ ਉਨ੍ਹਾਂ ਦੀ ਭਲਾਈ ਲਈ ਵਚਨਬੱਧ ਹਨ। ਮੁੱਖ ਮੰਤਰੀ ਚੰਨੀ ਨੇ ਅੱਗੇ ਦੱਸਿਆ ਕਿ ਸੂਬਾ ਸਰਕਾਰ ਦੀ ਨੀਤੀ ਅਨੁਸਾਰ ਅੱਜ ਨਗਰ ਨਿਗਮ ਲੁਧਿਆਣਾ ਵੱਲੋਂ 2480 ਸਫ਼ਾਈ ਕਰਮਚਾਰੀਆਂ/ਸੀਵਰੇਜ ਮੈਨਾਂ ਅਤੇ ਹੋਰ ਸਟਾਫ ਦੀਆਂ ਸੇਵਾਵਾਂ ਨੂੰ ਸਥਾਨਕ ਇਕਾਈਆਂ ਵਿੱਚ ਰੈਗੂਲਰ ਕਰਨ ਲਈ ਪੱਤਰ ਸੌਂਪਿਆ ਜਾਵੇਗਾ।

ਮੁੱਖ ਮੰਤਰੀ ਵੱਲੋਂ ਚੰਦ ਸਿਨੇਮਾ ਰੋਡ 'ਤੇ 10 ਕਰੋੜ ਰੁਪਏ ਦੀ ਲਾਗਤ ਨਾਲ ਪੁਲ ਅਤੇ ਜੱਸੀਆਂ ਰੋਡ 'ਤੇ 6 ਕਰੋੜ ਰੁਪਏ ਦੀ ਲਾਗਤ ਨਾਲ ਅੰਡਰ ਬ੍ਰਿਜ ਬਣਾਉਣ ਤੋਂ ਇਲਾਵਾ 7 ਕਰੋੜ ਰੁਪਏ ਦੀ ਲਾਗਤ ਨਾਲ ਲੁਧਿਆਣਾ ਉੱਤਰੀ ਹਲਕੇ ਦਾ ਸਰਵਪੱਖੀ ਵਿਕਾਸ ਕੀਤਾ ਜਾਵੇਗਾ। ਇਸ ਤੋਂ ਪਹਿਲਾਂ ਵਿਧਾਇਕ ਸ੍ਰੀ ਰਾਕੇਸ ਪਾਂਡੇ ਨੇ ਮੁੱਖ ਮੰਤਰੀ ਦਾ ਸਵਾਗਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਉਪ ਮੁੱਖ ਮੰਤਰੀ ਸ੍ਰੀ ਸੁਖਜਿੰਦਰ ਸਿੰਘ ਰੰਧਾਵਾ, ਕੈਬਨਿਟ ਮੰਤਰੀ ਸ੍ਰੀ ਭਾਰਤ ਭੂਸਣ ਆਸੂ, ਪੰਜਾਬ ਵੇਅਰਹਾਊਸਿੰਗ ਕਾਰਪੋਰੇਸਨ ਦੇ ਚੇਅਰਮੈਨ ਅਤੇ ਵਿਧਾਇਕ ਸ੍ਰੀ ਕੁਲਦੀਪ ਸਿੰਘ ਵੈਦ, ਵਿਧਾਇਕ ਸ੍ਰੀ ਸੁਰਿੰਦਰ ਡਾਵਰ ਅਤੇ ਮੇਅਰ ਸ੍ਰੀ ਬਲਕਾਰ ਸਿੰਘ, ਸਰਪੰਚ ਗੁਰਦੀਪ ਸਿੰਘ ਚੱਕ ਸਰਵਣ ਨਾਥ ਮੌਜੂਦ ਸਨ।





# ਉਮੀਦਵਾਰ ਕਮਲਜੀਤ ਚਾਵਲਾ ਦੇ ਹੱਕ 'ਚ ਰੈਲੀ ਨੂੰ ਸੰਬੋਧਨ ਕਰਨ ਦੀਨਾਨਗਰ ਪਹੁੰਚੇ ਸੁਖਬੀਰ ਬਾਦਲ

**ਦੀਨਾਨਗਰ/ਡਾ.ਰਮੇਸ਼ ਸਰੰਗਲ**

ਵਿਧਾਨਸਭਾ ਚੋਣਾਂ ਦੇ ਮੱਦੇਨਜ਼ਰ ਵੱਖ ਵੱਖ ਪਾਰਟੀਆਂ ਵਲੋਂ ਚੋਣ ਪ੍ਰਚਾਰ ਕੀਤਾ ਜਾ ਰਿਹਾ ਹੈ ਜਿਸਦੇ ਚਲਦੇ ਦੀਨਾਨਗਰ ਤੋਂ ਸ੍ਰੋਮਣੀ ਅਕਾਲੀ ਦਲ ਅਤੇ ਬਹੁਜਨ ਸਮਾਜ ਪਾਰਟੀ ਦੇ ਸਾਂਝੇ ਉਮੀਦਵਾਰ ਕਮਲਜੀਤ ਚਾਵਲਾ ਦੇ ਹੱਕ ਚ ਸੁਖਬੀਰ ਸਿੰਘ ਬਾਦਲ ਨੇ ਦੀਨਾਨਗਰ ਦੇ ਬੱਸ ਸਟੈਂਡ ਤੇ ਵਰਕਰਾਂ ਨੂੰ ਸੰਬੋਧਨ ਕੀਤਾ। ਇਸ ਮੌਕੇ ਤੇ ਆਪਣੇ ਸੰਬੋਧਨ ਚ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਸ੍ਰੋਮਣੀ ਅਕਾਲੀ ਦਲ ਅਤੇ ਬਹੁਜਨ ਸਮਾਜ ਪਾਰਟੀ ਦੇ ਵਰਕਰਾਂ ਨੂੰ ਉਮੀਦਵਾਰ ਕਮਲਜੀਤ ਚਾਵਲਾ ਦੇ ਹੱਕ ਚ ਵੋਟਾਂ ਪਾਉਣ ਦੀ ਅਪੀਲ ਕੀਤੀ।

ਓਧਰ ਅਕਾਲੀ ਦਲ ਅਤੇ ਬਹੁਜਨ ਸਮਾਜ ਪਾਰਟੀ ਦੇ ਸਾਂਝੇ ਉਮੀਦਵਾਰ ਕਮਲਜੀਤ ਚਾਵਲਾ ਨੇ ਪੱਤਰਕਾਰਾਂ ਵੱਲੋਂ ਪੁੱਛੇ ਗਏ ਸਵਾਲਾਂ ਦੇ ਜਵਾਬ ਚ ਕਿਹਾ ਕਿ ਉਹ ਭਾਜਪਾ ਨੂੰ ਅਲਵਿਦਾ ਕਹਿ ਕੇ ਅਕਾਲੀ ਦਲ ਚ ਇਸ ਕਰਕੇ ਸ਼ਾਮਲ ਹੋਏ ਸਨ ਕਿਉਂਕਿ ਕੇਂਦਰ ਸਰਕਾਰ ਨੇ ਤਿੰਨੇ ਕਾਲੇ ਕਨੂੰਨ ਪਾਸ ਕੀਤੇ ਸਨ ਜਿਨ੍ਹਾਂ ਤੋਂ ਦੁੱਖੀ ਹੋ ਕੇ ਉਹ ਭਾਜਪਾ ਨੂੰ ਅਲਵਿਦਾ ਕਹਿ ਗਏ ਸਨ । ਉਨਾਂ ਕਿਹਾ ਕਿ ਦੀਨਾਨਗਰ ਚ ਬਹੁਜਨ ਸਮਾਜ ਪਾਰਟੀ ਦੀ ਟਿਕਟ ਦੀ ਘੋਸ਼ਣਾ ਹੋਣ ਨਾਲ ਬਹੁਜਨ ਸਮਾਜ ਪਾਰਟੀ ਦੀ ਲੀਡਰਸ਼ਿਪ ਨੇ ਮੈਨੂੰ ਚੋਣ ਲਈ ਪ੍ਰੇਰਿਤ ਕੀਤਾ ਜਿਸ ਕਰਕੇ ਮੈ ਫਿਰ ਤੋਂ ਅਕਾਲੀ ਦਲ ਨੂੰ ਅਲਵਿਦਾ ਕਹਿ ਕੇ ਬਹੁਜਨ ਸਮਾਜ ਪਾਰਟੀ ਚ ਸ਼ਾਮਿਲ ਹੋਇਆ ਹਾਂ। ਇਸ ਮੌਕੇ ਤੇ ਸ੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਗੁਰਬਚਨ ਸਿੰਘ ਬੱਬੇਹਾਲੀ, ਸਾਬਕਾ ਮੰਤਰੀ ਅਨਿਲ ਜੋਸ਼ੀ, ਸਾਬਕਾ ਨਗਰ ਕੌਂਸਲ ਪ੍ਰਧਾਨ ਵਿਜੇ ਮਹਾਜਨ, ਸੁਖਬੀਰ ਸਿੰਘ ਵਾਹਲਾ, ਮਹਿੰਦਰ ਸਿੰਘ ਕੌਂਟਾ, ਦਲਬੀਰ ਸਿੰਘ ਬਿੱਲਾ, ਪਰਮਵੀਰ ਸਿੰਘ ਲਾਡੀ, ਭਗਵਾਨ ਸਿੰਘ, ਜੇਪੀ ਭਗਤ, ਕੇਵਲ ਸਰੰਗਲ, ਅਮਰਜੋਤ ਸਿੰਘ ਬੱਬੇਹਾਲੀ, ਪ੍ਰਵੀਨ ਚੌਧਰੀ, ਸਰਬਜੀਤ ਸਿੰਘ ਤੋਂ ਇਲਾਵਾ ਸ੍ਰੋਮਣੀ ਅਕਾਲੀ ਦਲ ਅਤੇ ਬਹੁਜਨ ਸਮਾਜ ਪਾਰਟੀ ਦੇ ਵਰਕਰ ਹਾਜ਼ਰ ਸਨ।

## ਅਫਸਰਸ਼ਾਹੀ ਸਿਆਸੀ ਹੱਥਾਂ 'ਚ ਖੇਡਣ ਬਾਰੇ ਕੀਤੀ ਪੁਸ਼ਟੀ

# ਲੋਕਾਂ ਨੂੰ ਘਰਾਂ ਦੇ ਮਾਲਕੀ ਹੱਕ ਦੇਣ 'ਚ ਪ੍ਰਸਾਸ਼ਨ ਬਦਨੀਤ : ਗਿੱਲ

**ਜਲੰਧਰ/ਰਾਕੇਸ਼ ਵਰਮਾ**




" ਘਰਾਂ ਵਾਲੀਆਂ ਥਾਂਵਾਂ ਤੇ ਕਾਬਜਕਾਰ ਪ੍ਰੀਵਾਰਾਂ ਨੂੰ ਮਾਲਕੀ ਹੱਕ ਦੇਣ 'ਚ ਪ੍ਰਸਾਸ਼ਨ ਹੋਇਆ ਬਦਨੀਤ " ਉਕਤਾਂ ਅਲੋਚਨਾਮਕ ਸ਼ਬਦਾਂ ਦਾ ਪ੍ਰਗਟਾਵਾਂ ਘੱਟ ਗਿਣਤੀਆਂ ਲੋਕ ਭਲਾਈ ਸੰਸਥਾ (ਰਜਿ) ਦੇ ਪ੍ਰਧਾਨ ਸ੍ਰ ਸਤਨਾਮ ਸਿੰਘ ਗਿੱਲ ਨੇ ਕੀਤਾ। ਓਨ੍ਹਾ ਨੇ ਇਥੇਂ ਚੋਣਵੇਂ ਪੱਤਰਕਾਂਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਨੋਟੀਫੀਕੇਸ਼ਨ ਜਾਰੀ ਹੋ ਚੁੱਕਾ ਹੈ। ਇੱਕ ਸਵਾਲ ਦੇ ਜਵਾਬ 'ਚ ਉਨ੍ਹਾ ਨੇ ਕਿਹਾ ਕਿ ਸਿਆਸੀ ਹੱਥਾਂ 'ਚ ਖੇਡਣ ਵਾਲੀ ਅਫਸਰਸ਼ਾਹੀ ਨਹੀਂ ਚਾਹੁੰਦੀ ਕਿ ਮੌਜੂਦਾ ਦੌਰ 'ਚ ਲੋਕ ਰਿਹਾਈਸ਼ੀ ਘਰਾਂ ਦੇ ਮਾਲਕੀ ਹੱਕ ਪ੍ਰਾਪਤ ਕਰ ਸਕਣ।'ਸੰਸਥਾ' ਦੇ ਪ੍ਰਧਾਨ ਸ੍ਰ ਗਿੱਲ ਨੇ ਕਿਹਾ ਕਿ ਸਾਡੇ ਕੋਲ ਇਸ ਗੱਲ ਦਾ ਪ੍ਰਮਾਣ ਹੈ ਕਿ ਰਾਜ ਸਰਕਾਰ ਨੇ ਲਾਲ ਲਕੀਰ ਸੂਬੇ ਚੋਂ ਖਤਮ ਕਰ ਦਿੱਤੀ ਹੈ ਉਨ੍ਹਾ ਨੇ ਕਿਹਾ ਕਿ ਰਾਜ ਦੇ 24 ਜ਼ਿਲ੍ਹਿਆਂ 'ਚ ਲੋਕਾਂ ਨੂੰ ਸੰਨਦ ਦੇਣ ਦਾ ਕੰਮ ਜੇਕਰ ਅਜੇ ਸ਼ੁਰੂ ਨਹੀਂ ਕੀਤਾ ਗਿਆ ਹੈ ਤਾਂ ਇਸ ਪਿੱਛੇ ਅਫਸਰਸ਼ਾਹੀ ਦੀ ਬਦਨੀਤ ਹੀ ਹੋ ਸਕਦੀ ਹੈ।

ਉਨ੍ਹਾ ਨੇ ਕਿਹਾ ਕਿ ਜੇਕਰ ਰਾਜ ਸਰਕਾਰ ਨਿਰਦੇਸ਼ ਦੇਵੇ ਤਾਂ ਘੱਟ ਗਿਣਤੀਆਂ ਲੋਕ ਭਲਾਈ ਸੰਸਥਾ (ਰਜਿ) ਦੀ ਬਲਾਕ ਪੱਧਰ ਤੇ ਕੈਂਪਾਂ ਦਾ ਆਯੋਜਨ ਕਰਕੇ ਮਾਲ ਮਹਿਕਮੇਂ ਦਾ ਸਹਿਯੋਗ ਕਰਕੇ ਲੋੜਵੰਦ ਪ੍ਰੀਵਾਂਰਾਂ ਨੂੰ ਮਾਲਕੀ ਹੱਲ ਦਵਾਓਂਣ 'ਚ ਬਣਦਾ ਫਰਜ਼ ਨਿਭਾ ਸਕਦੀ ਹੈ। ਇਸ ਮੌਕੇ ਪੀਏ ਗੁਰਪ੍ਰੀਤ ਸਿੰਘ ਖਾਲਸਾ, ਚੇਅਰਮੈਨ ਜਸਪਾਲ ਸਿੰਘ ਬੱਲ,ਲਖਵਿੰਦਰ ਸਿੰਘ,ਅਵਤਾਰ ਸਿੰਘ,ਹਰਪ੍ਰੀਤ ਕੌਰ ਬੱਲ,ਜਸਬੀਰ ਕੌਰ ਬਿੰਦਰ,ਬਲਜੀਤ ਸਿੰਘ,ਸਤਨਾਮ ਸਿੰਘ ਸਭਰਵਾਲ ਆਦਿ ਹਾਜਰ ਸਨ।

# ਗੁਰਮੀਤ ਮੁਖੀਜਾ ਦੇ ਜ਼ਿਲ੍ਹਾ ਮੋਗਾ ਦੇ ਕਾਰਜਕਾਰੀ ਪ੍ਰਧਾਨ ਬਣਨ ਤੇ ਕਾਂਗਰਸੀ ਵਰਕਰਾਂ ਵਿੱਚ ਖ਼ੁਸ਼ੀ ਦੀ ਲਹਿਰ

**ਮੋਗਾ/ਦਵਿੰਦਰ ਸਿੰਘ ਬਿੱਟੂ**




ਵੋਟਾਂ ਨੇੜੇ ਆਉਂਦੀਆਂ ਦੇਖ ਜਿੱਥੇ ਹਰੇਕ ਪਾਰਟੀ ਵੱਲੋਂ ਆਪੋ ਆਪਣੇ ਲੀਡਰਾਂ ਨੂੰ ਖੁਸ਼ ਕੀਤਾ ਜਾ ਰਿਹਾ ਹੈ ਉਥੇ ਹੀ ਕਾਂਗਰਸ ਹਾਈ ਕਮਾਂਡ ਸੋਨੀਆ ਗਾਂਧੀ ਰਾਹੁਲ ਗਾਂਧੀ ਅਤੇ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਨਵਜੋਤ ਸਿੰਘ ਸਿੱਧੂ ਵੱਲੋਂ ਕਾਂਗਰਸ ਦੇ ਜਥੇਬੰਦਕ ਢਾਂਚੇ ਦਾ ਐਲਾਨ ਕਰਦਿਆਂ ਹਲਕਾ ਧਰਮਕੋਟ ਦੇ ਟਕਸਾਲੀ ਕਾਂਗਰਸੀ ਪਰਿਵਾਰ ਸ੍ਰੀ ਹਰਮੇਸ਼ ਕੁਮਾਰ ਮਖੀਜਾ ਜੀ ਦੇ ਭਤੀਜੇ ਗੁਰਮੀਤ ਮੁਖੀਜਾ ਨੂੰ ਜ਼ਿਲ੍ਹਾ ਮੋਗਾ ਦੇ ਕਾਰਜਕਾਰੀ ਪ੍ਰਧਾਨ ਨਿਯੁਕਤ ਕੀਤੇ ਜਾਣ ਤੇ ਹਲਕਾ ਧਰਮਕੋਟ ਦੇ ਕਾਂਗਰਸੀ ਵਰਕਰਾਂ ਵਿਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ ਇਸ ਨਿਯੁਕਤੀ ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਮਦਨ ਲਾਲ ਸੀਕਰੀ ਪਿੱਪਲ ਸਿੰਘ ਕੰਡਾ ਤੇ ਡਾ ਅਨਿਲਜੀਤ ਕੰਬੋਜ ਅਮਰਜੀਤ ਸਿੰਘ ਬੀਰਾ ਐਮ ਸੀ ਕਿਸ਼ਨ ਹਾਂਸ ਐਮ ਸੀ ਪਿੰਦਰ ਧਰਮਕੋਟ ਨੇ ਕਿਹਾ ਕਿ ਸ੍ਰੀ ਹਰਮੇਸ਼ ਕੁਮਾਰ ਮਖੀਜਾ ਜੋ ਕੇ ਗਰੀਬਾਂ ਦੇ ਮਸੀਹਾ ਸਨ ਹਰ ਵਕਤ ਗਰੀਬਾਂ ਅਤੇ ਕਾਂਗਰਸੀ ਵਰਕਰਾਂ ਨਾਲ ਡਟ ਕੇ ਖੜਦੇ ਸਨ ਉਨ੍ਹਾਂ ਦਾ ਭਤੀਜਾ ਗੁਰਮੀਤ ਮੁਖੀਜਾ ਵੀ ਕਾਂਗਰਸ ਪਾਰਟੀ ਦੀ ਸੇਵਾ ਵਿਚ ਦਿਨ ਰਾਤ ਜੁਟੇ ਰਹਿੰਦੇ ਹਨ ਗੁਰਮੀਤ ਮੁਖੀਜਾ ਦੀਆਂ ਪਾਰਟੀ ਪ੍ਰਤੀ ਵਧੀਆਂ ਸੇਵਾਵਾਂ ਨੂੰ ਦੇਖਦੇ ਹੋਏ ਕਾਂਗਰਸ ਹਾਈਕਮਾਂਡ ਨੇ ਸ੍ਰੀ ਗੁਰਮੀਤ ਮੁਖੀਜਾ ਨੂੰ ਮੋਗਾ ਜ਼ਿਲ੍ਹੇ ਦੇ ਕਾਰਜਕਾਰੀ ਪ੍ਰਧਾਨ ਥਾਪ ਕੇ ਵੱਡੀ ਜੰਿਮੇਵਾਰੀ ਸੌਂਪੀ ਹੈ ਗੁਰਮੀਤ ਮੁਖੀਜਾ ਦੀ ਇਸ ਨਿਯੁਕਤੀ ਨਾਲ ਕਾਂਗਰਸ ਪਾਰਟੀ ਹੋਰ ਮਜ਼ਬੂਤ ਹੋਵੇਗੀ ਅਤੇ ਆਉਣ ਵਾਲੀਆਂ ਵੋਟਾਂ ਵਿੱਚ ਕਾਂਗਰਸ ਪਾਰਟੀ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰੇਗੀ।

# ਸ: ਬੇਅੰਤ ਸਿੰਘ ਸਟੇਟ ਯੂਨੀਵਰਸਿਟੀ ਅਤੇ ਚੀਮਾ ਬੁਆਇਲਰਜ਼ ਵਿਚਕਾਰ ਐਮ.ਓ.ਯੂ ਹਸਤਾਖਰ ਬੱਧ

**ਗੁਰਦਾਸਪੁਰ/ਨਵਨੀਤ ਕੁਮਾਰ**



ਡਾ: ਸਰਬਜੀਤ ਸਿੰਘ ਸਿੱਧੂ ਸਿਖਲਾਈ ਅਤੇ ਪਲੇਸਮੈਂਟ ਅਫਸਰ ਸ: ਬੇਅੰਤ ਸਿੰਘ ਸਟੇਟ ਯੂਨੀਵਰਸਿਟੀ ਨੇ ਦੱਸਿਆ ਕਿ 1 ਦਸੰਬਰ 2021 ਨੂੰ ਸ: ਬੇਅੰਤ ਸਿੰਘ ਸਟੇਟ ਯੂਨੀਵਰਸਿਟੀ ਗੁਰਦਾਸਪੁਰ ਅਤੇ ਚੀਮਾ ਬੁਆਇਲਰਜ਼ ਲਿਮਟਿਡ-188 ਫੇਜ 8 ਬੀ ਇੰਡਸਟਰੀਅਲ ਫ਼ੋਕਲ ਪੁਆਇੰਟ ਸੈਕਟਰ 74 ਸਾਹਿਬਜ਼ਾਦਾ ਅਜੀਤ ਸਿੰਘ ਨਗਰ ਨਾਲ ਸਾਈਨ ਹੋਇਆ ਜਿਸ ਵਿੱਚ ਆਪਸੀ ਅਕਾਦਮਿਕ ਅਤੇ ਇੰਡਸਟਰੀਅਲ ਸਬੰਧਾਂ ਨੂੰ ਪ੍ਰਫੁੱਲਤ ਕੀਤਾ ਜਾਵੇਗਾ।

ਉਹਨਾ ਦੱਸਿਆ ਕਿ ਇਸ ਵਿੱਚ ਫੈਕਲਟੀ ਅਤੇ ਤਜ਼ਰਬੇਕਾਰ ਵਿਸ਼ਾ ਮਾਹਿਰ ਮਿਆਰੀ ਟ੍ਰੇਨਿੰਗ ਸਿੱਖਿਆਰਥੀਆਂ ਨੂੰ ਮੁਹੱਈਆ ਕਰਵਾਉਣਗੇ। ਇਸ ਵਿੱਚ ਸਾਂਝੇ ਯਤਨਾਂ ਸਦਕਾ ਫੈਕਲਟੀ ਅਤੇ ਵਿਸ਼ਾ ਮਾਹਿਰ ਵਿਸ਼ੇਸ਼ ਅਕਾਦਮਿਕ ਅਤੇ ਇੰਡਸਟਰੀਅਲ ਮੁਸ਼ਕਲਾਂ ਨੂੰ ਸਾਂਝੇ ਤੌਰ ਤੇ ਹੱਲ ਕਰਨਗੇ। ਆਧੁਨਿਕ ਰੁਝਾਨਾਂ(ਨਵੇਂ-ਨਵੇ) ਉੱਪਰ ਸਾਂਝੇ ਤੌਰ ਤੇ ਵਰਕਸ਼ਾਪ ਅਤੇ ਸੈਮੀਨਾਰ ਕਰਵਾਏ ਜਾਣਗੇ, ਇਸ ਦੇ ਨਾਲ-ਨਾਲ ਅਕਾਦਮਿਕ ਅਤੇ ਇੰਡਸਟ੍ਰੀਜ ਦੇ ਸਬੰਧਾਂ ਨੂੰ ਉਤਸਾਹਿਤ ਕੀਤਾ ਜਾਵੇਗਾ। ਇਹ ਐਮ.ਓ.ਯੂ ਪੰਜ ਸਾਲ ਲਈ ਹੋਵੇਗਾ ਅਤੇ ਇਸ ਦਾ ਸਮਾਂ ਸਾਇਨ ਹੋਣ ਵਾਲੀ ਮਿਤੀ ਤੋਂ ਲਿਆ ਜਾਵੇਗਾ। ਉਹਨਾ ਅੱਗੇ ਦੱਸਿਆ ਕਿ ਚੀਮਾ ਬੁਆਇਲਰਜ਼ ਲਿਮਟਿਡ ਹਰੇਕ ਸਾਲ ਯੂਨੀਵਰਸਿਟੀ ਦੇ ਸਿੱਖਿਆਰਥੀਆਂ ਨੂੰ ਟ੍ਰੇਨਿੰਗ ਕਰਵਾਏਗਾ ਸਿੱਖਿਆਰਥੀਆਂ ਨੂੰ ਰੁਜ਼ਗਾਰ ਮੁਹੱਈਆ ਕਰਵਾਏਗਾ।

ਉਕਤ ਨੂੰ ਹਸਤਾਖਰ ਬੱਧ ਕਰਦੇ ਹੋਏ ਮਾਨਯੋਗ ਡਾ: ਸੁਸ਼ੀਲ ਮਿੱਤਲ ਵਾਈਸ ਚਾਂਸਲਰ ਸ: ਬੇਅੰਤ ਸਿੰਘ ਸਟੇਟ ਯੂਨੀਵਰਸਿਟੀ ਗੁਰਦਾਸਪੁਰ ਅਤੇ ਮਾਨਯੋਗ ਹਰਜਿੰਦਰ ਸਿੰਘ ਚੀਮਾ ਚੇਅਰਮੈਨ ਚੀਮਾ ਬੁਆਇਲਰਜ਼ ਲਿਮਟਿਡ ਵੱਲੋਂ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ ਅਤੇ ਕਿਹਾ ਕਿ ਇਸ ਨਾਲ ਅਸੀਂ ਵਿਦਿਰਥੀਆਂ ਨੂੰ ਵਿਸ਼ਵ ਪੱਧਰੀ ਪਹੁੰਚ ਦਿਆਂਗੇ ਤਾਂ ਜੋ ਸਾਡੇ ਵਿਦਿਆਰਥੀ ਨੌਕਰੀਆਂ ਭਾਲਣ ਵਾਲੇ ਹੀ ਨਾ ਬਣਨ ਸਗੋਂ ਨੌਕਰੀਆਂ ਦੇਣ ਵਾਲੇ ਅਤੇ ਸਵੈਰੋਜ਼ਗਾਰ ਨੂੰ ਉਤਸਾਹਿਤ ਕਰਨ ਵਾਲੇ ਬਣਨ।

# ਵਿਧਾਇਕ ਡਾ: ਹਰਜੋਤ ਕਮਲ ਨੇ, ਕਰਜ਼ਾ ਧਾਰਕ ਦਲਿਤਾਂ ਨੂੰ ਵੰਡੇ ਕਰਜ਼ਾ ਮੁਆਫ਼ੀ ਦੇ ਸਰਟੀਫਿਕੇਟ

■ ਮੋਗਾ ਜ਼ਿਲੇ ਵਿਚ ਕੁੱਲ 345 ਦਲਿਤ ਵਿਅਕਤੀਆਂ ਦੇ 1 ਕਰੋੜ 35 ਲੱਖ ਰੁਪਏ ਦੇ ਕਰਜ਼ੇ ਹੋਏ ਮੁਆਫ : ਵਿਧਾਇਕ ਡਾ: ਹਰਜੋਤ ਕਮਲ



**ਮੋਗਾ/ਦਵਿੰਦਰ ਸਿੰਘ**

ਮੁੱਖ ਮੰਤਰੀ ਸ. ਚਰਨਜੀਤ ਸਿੰਘ ਚੰਨੀ ਦੀ ਅਗਵਾਈ ਵਿਚ ਸੂਬੇ ਦੀ ਕਾਂਗਰਸ ਸਰਕਾਰ ਵੱਲੋਂ ਕਿਸਾਨਾਂ , ਮਜ਼ਦੂਰਾਂ ਅਤੇ ਦਲਿਤਾਂ ਲਈ ਕਰਜ਼ਾ ਮੁਆਫ਼ੀ ਦੀ ਲੜੀ ਤਹਿਤ ਅੱਜ ਮੋਗਾ ਹਲਕੇ ਦੇ ਦਲਿਤ ਵਰਗ ਦੇ ਕਰਜ਼ੇ ਮੁਆਫ਼ ਕਰਦਿਆਂ ਉਹਨਾਂ ਨੂੰ ਪ੍ਰਮਾਣ ਪੱਤਰ ਵੰਡੇ ਗਏ। ਜ਼ਿਕਰਯੋਗ ਹੈ ਕਿ ਐੱਸ ਸੀ ਕਾਰਪੋਰੇਸ਼ਨ ਵੱਲੋਂ ਇਹਨਾਂ ਵਿਅਕਤੀਆਂ ਨੂੰ ਸਵੈ ਰੋਜ਼ਗਾਰ ਲਈ ਕਰਜ਼ੇ ਮੁਹਈਆ ਕਰਵਾਏ ਗਏ ਸਨ ।

ਇਸ ਮੌਕੇ ਵਿਧਾਇਕ ਡਾ: ਹਰਜੋਤ ਕਮਲ ਦੇ ਨਾਲ ਟਰੱਕ ਯੂਨੀਅਨ ਦੇ ਪ੍ਰਧਾਨ ਦਵਿੰਦਰ ਸਿੰਘ ਰਣੀਆ, ਵਾਈਸ ਚੇਅਰਮੈਨ ਸੀਰਾ ਲੰਢੇਕੇ ,ਪ੍ਰਧਾਨ ਨਿਰਮਲ ਮੀਨੀਆ ਅਤੇ ਜ਼ਿਲਾ ਮੈਨੇਜਰ ਐਸ ਸੀ ਕਾਰਪੋਰੇਸ਼ਨ ਹੁਕਮ ਚੰਦ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਵਿਧਾਇਕ ਡਾ: ਹਰਜੋਤ ਕਮਲ ਨੇ ਸੰਬੋਧਨ ਕਰਦਿਆਂ ਆਖਿਆ ਕਿ ਕਿਸਾਨੀ ਹਿਤਾਂ ਨੂੰ ਲੈ ਕੇ ਹਮੇਸ਼ਾ ਸੰਜੀਦਾ ਰਹੀ ਕਾਂਗਰਸ ਪਾਰਟੀ ਨੇ ਵਿਧਾਨ ਸਭਾ ਚੋਣਾ ਤੋਂ ਪਹਿਲਾਂ ਜਾਰੀ ਕੀਤੇ ਚੋਣ ਮਨੋਰਥ ਪੱਤਰ 'ਚ ਵਾਅਦਾ ਕੀਤਾ ਸੀ ਕਿ ਉਹ ਕਿਸਾਨਾਂ , ਖੇਤ ਮਜ਼ਦੂਰਾਂ ਅਤੇ ਦਲਿਤਾਂ ਦੇ ਕਰਜ਼ਿਆਂ ਨੂੰ ਮੁਆਫ਼ ਕਰੇਗੀ । ਉਹਨਾਂ ਆਖਿਆ ਕਿ ਆਪਣੇ ਵਾਅਦੇ ਮੁਤਾਬਕ ਵੱਖ ਵੱਖ ਪੜ ਾਵਾਂ ਵਿਚ ਪੰਜਾਬ ਸਰਕਾਰ ਨੇ ਕਿਸਾਨਾਂ ਅਤੇ ਮਜ਼ਦੂਰਾਂ ਦੇ ਕਰਜ਼ੇ ਮੁਆਫ਼ ਕਰਕੇ ਉਹਨਾਂ ਦਾ ਆਰਥਿਕ ਬੋਝ ਘਟਾਇਆ ਹੈ। ਉਹਨਾਂ ਆਖਿਆ ਕਿ ਅੱਜ ਐੱਸ ਸੀ ਫਾਇਨੈਂਸ ਕਾਰਪੋਰੇਸ਼ਨ ਵੱਲੋਂ ਦਿੱਤੇ ਗਏ ਕਰਜ਼ਿਆਂ ਵਿਚੋਂ ਹਰ ਦਲਿਤ ਕਰਜ਼ਾਧਾਰਕ ਦੀ 50 ਹਜ਼ਾਰ ਤੱਕ ਦੀ ਰਾਸ਼ੀ ਦੇ ਕਰਜ਼ੇ ਮੁਆਫ਼ ਕੀਤੇ ਗਏ ਹਨ । ਉਹਨਾਂ ਦੱਸਿਆ ਕਿ ਮੋਗਾ ਜ਼ਿਲੇ ਵਿਚ ਕੁੱਲ 345 ਦਲਿਤਾਂ ਦੇ ਇਕ ਕਰੋੜ 35 ਲੱਖ ਰੁਪਏ ਦੇ ਕਰਜ਼ੇ ਮੁਆਫ ਕੀਤੇ ਗਏ ਹਨ। ਇਸ ਮੌਕੇ ਕਰਜ਼ਾ ਮੁਆਫ਼ੀ ਦੇ ਸਰਟੀਫਿਕੇਟ ਪ੍ਰਾਪਤ ਕਰਨ ਵਾਲੇ ਦਲਿਤ ਵਰਗ ਦੇ ਵਿਅਕਤੀਆਂ ਨੇ ਵਿਧਾਇਕ ਡਾ: ਹਰਜੋਤ ਕਮਲ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਆਖਿਆ ਕਿ ਉਹਨਾਂ ਦੇ ਸਿਰ ਤੋਂ ਅੱਜ ਵੱਡਾ ਬੋਝ ਉੱਤਰ ਗਿਆ ਹੈ ਅਤੇ ਸੱਚਮੁੱਚ ਚਰਨਜੀਤ ਸਿੰਘ ਚੰਨੀ ਮੁੱਖ ਮੰਤਰੀ ਪੰਜਾਬ ਉਹਨਾਂ ਲਈ ਮਸੀਹਾ ਬਣੇ ਕੇ ਬਹੁੜੇ ਹਨ।

# ਐਨ.ਐਚ.ਐਮ ਕਰਮਚਾਰੀਆਂ ਵੱਲੋਂ ਮੰਗਾ ਨਾ ਮੰਨਣ ਦੀ ਸੂਰਤ ਵਿੱਚ ਸਰਕਾਰ ਖ਼ਿਲਾਫ਼ ਭਾਰੀ ਰੋਸ਼




**ਪਠਾਨਕੋਟ/ਰਜਨੀਸ਼ ਕਾਲੂ**

ਅੱਜ ਐਨ.ਐਚ.ਐਮ ਮੁਲਾਜ਼ਮਾਂ ਵੱਲੋਂ ਪੰਜਾਬ ਸਰਕਾਰ ਖਿਲਾਫ ਹਲਾ ਬੋਲ ਹੜਤਾਲ 31ਵੇਂ ਦਿਨ ਵੀ ਜਾਰੀ ਰਹੀ। ਇਸ ਮੌਕੇ ਤੇ ਪੰਕਜ ਕੁਮਾਰ ਜ਼ਿਲਾ ਪ੍ਰਧਾਨ ਐਨ.ਐਚ.ਐਮ ਵੱਲੋਂ ਕਿਹਾ ਗਿਆ ਕਿ ਸਰਕਾਰ ਵੱਲੋਂ ਰੋਜ਼ਾਨਾ ਐਨ.ਐਚ.ਐਮ ਮੁਲਾਜ਼ਮਾਂ ਨੂੰ ਟਾਲ ਮਟੋਲ ਕਰਕੇ ਖੱਜਲ ਖਵਾਰ ਕੀਤਾ ਜਾ ਰਿਹਾ ਹੈ। ਸਰਕਾਰ ਵੱਲੋਂ 14 ਦਿਸੰਬਰ ਨੂੰ ਹੋਈ ਕੈਬਿਨੇਟ ਮੀਟਿੰਗ ਵਿੱਚ ਐਨ.ਐਚ.ਐਮ ਮੁਲਾਜ਼ਮ ਦਾ ਮਸਲਾ ਹੱਲ ਨਹੀਂ ਕੀਤਾ ਗਿਆ। ਜਿਸ ਕਰਕੇ ਮੁਲਾਜ਼ਮਾਂ ਵਿੱਚ ਭਾਰੀ ਰੋਸ਼ ਪਾਇਆ ਜਾ ਰਿਹਾ ਹੈ । ਇਸ ਲਈ ਐਨ ਐਚ ਐਮ ਮੁਲਾਜ਼ਮਾਂ ਵੱਲੋਂ ਸਰਕਾਰ ਨੂੰ ਸਖ਼ਤ ਚੇਤਾਵਨੀ ਦਿੱਤੀ ਗਈ ਹੈ ਜੇਕਰ ਸਰਕਾਰ ਨੇ ਜਲਦੀ ਸਾਡੀਆਂ ਮੰਗਾ ਨੂੰ ਨਹੀਂ ਮੰਨਿਆ ਤਾਂ ਉਪ ਮੁੱਖ ਮੰਤਰੀ (ਸਿਹਤ ਮੰਤਰੀ) ਦੀ ਰਿਹਾਇਸ਼ ਵਿੱਖੇ ਵੱਡੀ ਰੈਲੀ ਕਰਕੇ ਪੱਕਾ ਮੋਰਚਾ ਲਗਾਇਆ ਜਾਵੇਗਾ । ਇਸ ਮੌਕੇ ਤੇ ਇੰਫੋਰਮੇਸ਼ਨ ਅਸਿਸਟੈਂਟ ਨਵਨੀਤ ਕੌਰ ਵਲੋਂ ਕਿਹਾ ਗਿਆ ਜੇਕਰ ਸਰਕਾਰ ਸਾਡੀਆਂ ਮੰਗਾ ਨੂੰ ਅਜੇ ਵੀ ਲਾਰੇ ਲਗਾਉਂਦੇ ਰਹੀ ਤਾਂ ਇਸ ਸੰਘਰਸ਼ ਨੂੰ ਹੋਰ ਵੀ ਤੇਜ਼ ਕਰਕੇ ਸਰਕਾਰ ਦੇ ਝੂਠੇ ਐਲਾਨਾਂ ਪ੍ਰਤੀ ਪਿੰਡ ਪਿੰਡ ਜਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ। ਮੁਲਾਜ਼ਮਾਂ ਵੱਲੋਂ ਦੱਸਿਆ ਕਿ ਅਸੀਂ ਆਪਣੇ ਕੰਮ ਤੇ ਜਾ ਕੇ ਲੋਕਾਂ ਦੀ ਸੇਵਾ ਕਰਨਾ ਚਾਹੁੰਦੇ ਹਾਂ ,ਪਰ ਵਾਰ ਵਾਰ ਸਰਕਾਰ ਵੱਲੋਂ ਮੰਗਾ ਨਾ ਮੰਨਣ ਕਾਰਨ ਧਰਨਾ ਲਗਾਉਣ ਲਈ ਮਜਬੂਰ ਹਾਂ । ਜੇਕਰ ਅਜੇ ਵੀ ਸਰਕਾਰ ਵਲੋਂ ਕੋਈ ਪੋਜ਼ਿਟਿਵ ਜਵਾਬ ਮਿਲਦਾ ਹੈ ਤਾਂ ਅਸੀਂ ਆਪਣੀ ਯੂਨੀਅਨ ਦੇ ਨਿਰਦੇਸਾ ਅਨੁਸਾਰ ਕੰਮ ਤੇ ਜਾਣ ਲਈ ਤਿਆਰ ਹਾਂ। ਇਸ ਮੌਕੇ ਤੇ ਡੀ. ਪੀ.ਐਮ ਅਮਨਦੀਪ ਸਿੰਘ, ਡਾ ਦੀਪਾਲੀ ਮਿਨਹਾਸ, ਡਾ ਵਿਮੁਕਤ ਸ਼ਰਮਾ, ਡਾ ਰੂਬੀ ,ਡਾ ਭਾਵਨਾ ,ਸਟਾਫ਼ ਨਰਸ ਨੀਤੂ ਸਿੰਘ, ਜੀਵਨ ਜੋਤੀ, ਦੀਪਿਕਾ ,ਦੁਪਿੰਦਰਜੀਤ ਕੌਰ, ਸ਼ਵੇਤਾ ,ਸੁਮਨ, ਸੀਐਚ ਉ ਬਲਜਿੰਦਰ ਕੌਰ ,ਪਰਮਜੀਤ ਕੌਰ ,ਮਨਿੰਦਰ ਸਿੰਘ ਘਰੋਟਾ, ਡਾ ਮਨਜੀਤ ਕੌਰ ,ਪ੍ਰਿਆ ਮਹਾਜਨ, ਚੰਦਰ ਮਹਾਜਨ, ਦੀਪਿਕਾ ਸ਼ਰਮਾ, ਅੰਕਿਤਾ, ਪਾਰਸ ਸੈਣੀ, ਜਤਿਨ ਕੁਮਾਰ ,ਰਵੀ ਕੁਮਾਰ ,ਹਰਜਿੰਦਰ ਸਿੰਘ ਬੀ. ਐਸ.ਏ ਆਦਿ ਹਾਜਰ ਸਨ ।

# 62ਵੇਂ ਪੰਜਾਬ ਯੂਨੀਵਰਸਿਟੀ ਇੰਟਰ ਜ਼ੋਨਲ ਯੂਥ ਹੇਰਿਟੇਜ ਫੈਸਟੀਵਲ ਵਿੱਚ ਮੰਤਰੀ ਕੋਟਲੀ ਸ਼ਾਮਿਲ ਹੋਏ

**ਖੰਨਾ/ਤੇਜਿੰਦਰ ਸਿੰਘ ਆਰਟਿਸਟ**

ਅੱਜ ਏ.ਐਸ. ਕਾਲਜ ਵਿੱਚ 62ਵੇਂ ਪੰਜਾਬ ਯੂਨੀਵਰਗਿਸਟੀ ਇੰਟਰ ਜ਼ੋਨਲ ਯੂਥ ਹੇਰਿਟੇਜ ਫੈਸਟੀਵਲ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਕੇਬੇਨਿਟ ਮੰਤਰੀ ਗੁਰਕੀਰਤ ਸਿੰਘ ਕੋਟਲੀ ਸ਼ਾਮਿਲ ਹੋਏ ਉਹਨਾਂ ਕਿਹਾ ਕਿ ਇਹ ਜਿਹੜਾ ਯੂਥ ਫੈਸਟੀਵਲ ਕਰਵਾਇਆ ਜਾ ਰਿਹਾ ਹੈ ਸਾਨੂੰ ਇਸਦੀ ਬਹੁਤ ਖੁਸ਼ੀ ਅਤੇ ਇਸ ਵਿੱਚ ਆਉਣ ਤੇ ਬਹੁਤ ਮਾਣ ਮਹਿਸੂਸ ਹੋ ਰਿਹਾ ਹੈ। ਇਸ ਫੈਸਟੀਵਲ ਦੇ ਵਿੱਚ ਬਹੁਤ ਦੂਰ ਦੂਰ ਤੋਂ ਟੀਮਾਂ ਆ ਕੇ ਹਿੱਸਾ ਲੈ ਰਹੀਆਂ ਹਨ। ਇਸ ਨਾਲ ਸਾਡੇ ਇੰਸਟੀਚਿਊਟ ਦੇ ਬੱਚਿਆਂ 'ਚ ਬਹੁਤ ਆਤਮ ਵਿਸ਼ਵਾਸ ਪੈਦਾ ਹੋਵੇਗਾ। ਇਸ ਇੰਸਟੀਚਿਊਟ ਵਿੱਚ ਬੱਚਿਆਂ ਦੇ ਭਵਿੱਖ ਲਈ ਬਹੁਤ ਕੰਮ ਕੀਤੇ ਜਾ ਰਹੇ ਹਾਂ। ਪੰਜਾਬ ਸਰਕਾਰ ਵੱਲੋਂ ਵੀ ਸਮੇਂ ਸਮੇਂ ਤੇ ਇਸਦੀ ਮਦਦ ਕੀਤੀ ਜਾ ਰਹੀ ਹੈ ਤੇ ਇਸ ਕਾਲਜ ਨੂੰ ਪਹਿਲਾਂ ਵੀ 18 ਲੱਖ ਦੀ ਗ੍ਰਾਂਟ ਦਿੱਤੀ ਗਈ ਸੀ ਤੇ ਅੱਜ ਇੱਕ ਵਾਰ ਫੇਰ ਇਸਨੂੰ ਪੰਜਾਬ ਸਰਕਾਰ ਵੱਲੋਂ ਪੰਜ ਲੱਖ ਰੁਪਏ ਦਿੱਤੀ ਜਾ ਰਹੀ ਹੈ। ਇੱਕ ਸਿੱਖਿਆ ਹੀ ਹੈ ਜੋ ਸਾਨੂੰ ਅੱਗੇ ਵਧਣ ਲਈ ਪ੍ਰੇਰਨਾ ਦਿੰਦੀ ਹੈ।




ਅਦਾਰਾ 'ਲੋਕ ਬਾਣੀ' ਵਿੱਚ ਛਾਪੀਆਂ ਜਾਂਦੀਆਂ ਖ਼ਬਰਾਂ, ਰਿਪੋਰਟਾਂ, ਲੇਖ, ਕਹਾਣੀਆਂ, ਕਵਿਤਾਵਾਂ ਅਤੇ ਹਰ ਕਿਸਮ ਦੇ ਇਸ਼ਤਿਹਾਰਾਂ ਵਿੱਚ ਦਿੱਤੀ ਗਈ ਸੂਚਨਾ, ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ। ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜ਼ਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁੱਭ ਚਿੰਤਕਾਂ ਨੂੰ ਬੇਨਤੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ 'ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਤੱਥਾਂ ਦੀ ਪੜਤਾਲ/ਪੁਸ਼ਟੀ ਕਰ ਲੈਣ। -ਸੰਪਾਦਕ

Daily Lok Bani (Punjabi) R.N.I. Punpun 29016/2008 Edior, Owner, Printer, Publisher, Amandeep Mehra Printed at Rachna Printers, Railway Road Jalandhar Place of Publication : 308 Sangam complex Milap Chowk, Jalandhar (India) / Contect No. : 0181-2211009, Fax : 2211009 / Email Id : lokbani08@gmail.com / Webside : lokbani.com

# ਐਕਸ ਸੈਂਟਰਲ ਆਰਮਡ ਪੁਲੀਸ ਫੋਰਸ ਪ੍ਰਸੋਨਲ ਵੈਲਫੇਅਰ ਅਸੋਸ਼ੀਏਸ਼ਨ ਵਲੋਂ ਲੋਕਾਂ ਵਿੱਚ ਜਾਗਰੂਕਤਾ ਫੈਲਾਉਣ ਲਈ ਮੀਟਿੰਗ ਕੀਤੀ ਗਈ

**ਧਾਰੀਵਾਲ/ਰਾਜਨ ਬੱਬਰ**

ਅੱਜ ਐਕਸ ਸੈਂਟਰਲ ਆਰਮਡ ਪੁਲੀਸ ਫੋਰਸ ਪ੍ਰਸੋਨਲ ਵੈਲਫੇਅਰ ਅਸੋਸ਼ੀਏਸ਼ਨ ਵਲੋਂ ਧਾਰੀਵਾਲ ਨੇੜੇ ਬੁਰਜ ਸਾਹਿਬ ਦੇ ਕੋਲ ਮੀਟਿੰਗ ਰੱਖੀ ਗਈ, ਜਿਸ ਅਸੋਸ਼ੀਏਸ਼ਨ ਵਲੋਂ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਸੁਣਿਆ ਗਿਆ ਅਤੇ ਉਹਨਾਂ ਕਿਹਾ ਕਿ ਜੇ ਕਰ ਬੀ.ਐਸ.ਐਫ, ਸੀ.ਆਰ.ਪੀ.ਐਫ, ਸੀ.ਆਈ. ਐਫ, ਆਈ.ਟੀ.ਬੀ.ਪੀ, ਐਸ.ਐਸ.ਬੀ ਆਦਿ ਦੇ ਰਿਟਾਇਰਡ ਜਵਾਨਾਂ, ਵਿਧਵਾਵਾਂ ਜਾਂ ਓਹਨਾਂ ਦੇ ਬੱਚਿਆਂ ਨੂੰ ਪੈਨਸ਼ਨ, ਫੈਮਲੀ ਪੈਨਸ਼ਨ ਜਾਂ ਹੋਰ ਸਰਕਾਰੀ ਸਹੂਲਤਾਂ ਬਾਰੇ ਕੋਈ ਪਰੇਸ਼ਾਨੀ ਆਉਂਦੀ ਹੋਵੇ ਤਾਂ ਉਹ ਸਾਡੀ ਐਕਸ ਸੈਂਟਰਲ ਆਰਮਡ ਪੁਲੀਸ ਫੋਰਸ ਪ੍ਰਸੋਨਲ ਵੈਲਫੇਅਰ ਅਸੋਸ਼ੀਏਸ਼ਨ ਨਾਲ ਸੰਪਰਕ ਕਰ ਸਕਦੇ ਹਨ, ਉਹਨਾਂ ਕਿਹਾ ਕਿ ਅਸੀਂ ਉਸ ਮਸਲੇ ਦਾ ਹਰ ਹੱਲ ਕਰ ਕੇ ਉਹਨਾਂ ਦਾ ਬਣਦਾ ਹੱਕ ਦਵਾ ਕੇ ਦੇਵਾਂਗੇ, ਇਸ ਵੱਖ ਵੱਖ ਏਰੀਏ ਤੋਂ ਬਹੁਤ ਲੋਕ ਆਏ ਜੋ ਕਿ ਵੱਖ ਵੱਖ ਅਹੁਦਿਆਂ ਤੋਂ ਰਿਟਾਇਰਡ ਹਨ ਅਤੇ ਇਸ ਅਸੋਸ਼ੀਏਸ਼ਨ ਨਾਲ ਜੁੜ ਕੇ ਲੋਕਾਂ ਤੱਕ ਜਾਗਰੁਕਤਾ ਪਹੁੰਚਾ ਰਹੇ ਹਨ ਇਸ ਮੋਕੇ ਤੇ ਚੈਅਰਮੈਨ ਸ. ਐਨ. ਐਸ. ਮਾਨ, ਪ੍ਰੇਸੀਡੈਂਟ ਸ. ਸੀ. ਐਸ. ਚਾਹਲ, ਸੇਕਟਰੀ ਸ. ਹਰਬੰਸ ਸਿੰਘ, ਕੈਸ਼ੀਅਰ ਸ. ਦਰਸ਼ਨ ਕੁਮਾਰ ਆਦਿ ਹਾਜ਼ਿਰ ਸਨ ।




# ਸ਼੍ਰੋਮਣੀ ਅਕਾਲੀ ਦਲ-ਬਸਪਾ ਗੱਠਜੋੜ ਨੇ 2022 ਮੋਰਚਾ ਫਤਿਹ ਕਰਨ ਲਈ ਕਮਰਕੱਸੇ ਕੱਸੇ



**ਜਗਰਾਉਂ/ ਅਰਜੁਨ ਸਹਿਜਪਾਲ**

ਕਿਲੀ ਚਹਿਲਾਂ ਰੈਲੀ ਦੀ ਸਫਲਤਾ ਤੋਂ ਬਾਅਦ ਸ੍ਰੋਮਣੀ ਅਕਾਲੀ ਦਲ ਨੇ 2022 ਦਾ ਮੋਰਚਾ ਫਤਿਹ ਕਰਨ ਲਈ ਕਮਰਕੱਸੇ ਕਸ ਲਏ ਹਨ। ਦੱਸਣਯੋਗ ਹੈ ਕਿ ਸ੍ਰੋਮਣੀ ਅਕਾਲੀ ਦਲ ਦੇ ਸਤਾਬਦੀ ਸਮਾਗਮਾਂ ਦੀ ਸਫਲਤਾ ਤੋਂ ਬਾਅਦ ਸ੍ਰੋਮਣੀ ਅਕਾਲੀ ਦਲ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਆਮਦ ਨੂੰ ਲੈ ਕੇ 24 ਦਸੰਬਰ ਨੂੰ ਵਿਧਾਨ ਸਭਾ ਹਲਕਾ ਜਗਰਾਉਂ ਤੋਂ ਵਿਸਾਲ ਰੈਲੀ ਆਯੋਜਿਤ ਕਰਨ ਦਾ ਐਲਾਨ ਕਰ ਦਿੱਤਾ ਹੈ।ਸ੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਅਤੇ ਸ੍ਰੋਮਣੀ ਅਕਾਲੀ ਦਲ ਤੇ ਬਸਪਾ ਦੇ ਸਾਂਝੇ ਉਮੀਦਵਾਰ ਸ੍ਰੀ ਐਸ ਆਰ ਕਲੇਰ ਨੇ ਸਥਾਨਕ ਪਾਰਟੀ ਦਫਤਰ ਸ਼੍ਰੋਮਣੀ ਅਕਾਲੀ ਦਲ-ਬਸਪਾ ਦੇ ਵਰਕਰਾਂ ਦੀ ਬੈਠਕ ਦੌਰਾਨ 24 ਦਸੰਬਰ ਸੁਖਬੀਰ ਸਿੰਘ ਬਾਦਲ ਦੀ ਆਮਦ ਨੂੰ ਇਤਿਹਾਸਕ ਬਣਾਉਣ ਲਈ ਸਰਗਰਮ ਹੋਣ ਦਾ ਸੱਦਾ ਦਿੱਤਾ ਹੈ।ਇਸ ਮੌਕੇ ਸ੍ਰੀ ਐਸ ਆਰ ਕਲੇਰ ਨੇ ਕਿਹਾ ਕਿ ਸ੍ਰੋਮਣੀ ਅਕਾਲੀ ਦਲ ਦੇ ਸਤਾਬਦੀ ਸਮਾਗਮਾਂ ਦੌਰਾਨ ਅਵਾਮ ਦੇ ਵੱਡੇ ਹਜੂਮ ਨੇ ਵਿਰੋਧੀ ਪਾਰਟੀਆਂ ਵਲੋਂ ਕੀਤੇ ਜਾਂਦੇ ਝੂਠੇ ਪ੍ਰਚਾਰ ਨੂੰ ਮੁੱਢੋਂ ਹੀ ਖਾਰਿਜ ਕਰ ਦਿੱਤਾ ਹੈ।ਸ੍ਰੀ ਕਲੇਰ ਨੇ ਕਿਹਾ ਸਤਾਬਦੀ ਸਮਾਗਮਾਂ ਦੀ ਸਫਲਤਾ ਨੇ ਵਰਕਰਾਂ ਦੇ ਹੌਸਲੇ ਪ੍ਰਬਲ ਕੀਤੇ ਹਨ।ਉਨ੍ਹਾਂ ਦਾਅਵਾ ਕਰਦਿਆਂ ਕਿਹਾ ਕਿ ਸ: ਸੁਖਬੀਰ ਸਿੰਘ ਬਾਦਲ ਦੀ 24 ਦਸੰਬਰ ਫੇਰੀ ਜਗਰਾਉਂ ਹਲਕੇ ਦੀ ਰਾਜਨੀਤਕ ਦਿਸਾ ਬਦਲੇਗੀ। ਉਨ੍ਹਾਂ ਕਿਹਾ ਕਿ ਇਸ ਫੇਰੀ ਦੌਰਾਨ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਸੰਗਤਾਂ ਦੇ ਰੂਬਰੂ ਹੋ ਕੇ ਲੋਕਾਂ ਨਾਲ ਨਿੱਜੀ ਤਾਲਮੇਲ ਬਣਾਉਣਗੇ।ਉਨ੍ਹਾਂ ਕਿਹਾ ਕਿ ਇਸ ਸਬੰਧੀ ਵਰਕਰਾਂ ਨਾਲ ਮੀਟਿੰਗ ਕਰਕੇ ਅਗਲੇਰੀਆਂ ਤਿਆਰੀਆਂ ਸੁਰੂ ਕਰ ਦਿੱਤੀਆਂ ਹਨ। ਇਸ ਮੌਕੇ ਜਿਲਾ ਪ੍ਰਧਾਨ ਭਾਈ ਗੁਰਚਰਨ ਸਿੰਘ ਗਰੇਵਾਲ,ਪ੍ਰਧਾਨ ਬਿੰਦਰ ਸਿੰਘ ਮਨੀਲਾ, ਸਾਬਕਾ ਚੇਅਰਮੈਨ ਸ.ਚੰਦ ਸਿੰਘ ਡੱਲਾ,ਸੰਤ ਰਾਮ ਸਿੰਘ ਮੱਲੀ ਬਸਪਾ ਸਕੱਤਰ ਪੰਜਾਬ, ਹਰਜੀਤ ਸਿੰਘ ਸਿੱਧੂ ਹਲਕਾ ਇੰਚਾਰਜ ਬਸਪਾ, ਜਸਵਿੰਦਰ ਸਿੰਘ ਬਰਸਾਲ ਬਸਪਾ ਸਕੱਤਰ ਲੁਧਿਆਣਾ, ਬਲਵੰਤ ਸਿੰਘ ਭੱਟੀ ਮਲਕ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਸਰਕਲ ਪ੍ਰਧਾਨ ਦੀਦਾਰ ਸਿੰਘ ਮਲਕ, ਸਰਕਲ ਪ੍ਰਧਾਨ ਸਿਵਰਾਜ ਸਿੰਘ, ਸਰਕਲ ਪ੍ਰਧਾਨ ਸੁਖਦੇਵ ਸਿੰਘ ਗਿੱਦੜਵਿੰਡੀ, ਸਰਕਲ ਪ੍ਰਧਾਨ ਮਨਦੀਪ ਸਿੰਘ ਬਿੱਟੂ ਗਾਲਿਬ ਕਲਾ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ ਕਲਾ,ਆਤਮਾ ਸਿੰਘ ਬਸਪਾ, ਹਰੀ ਸਿੰਘ ਕਾਉਂਕੇ, ਬਬਲਾ ਸਿੰਘ ਯੂਥ ਪ੍ਰਧਾਨ ਬਸਪਾ,ਕੌਂਸਲਰ ਸਤੀਸ਼ ਕੁਮਾਰ ਦੋਧਰੀਆ, ਪੰਜਾਬ ਜਨਰਲ ਸਕੱਤਰ ਵਰਿੰਦਰਪਾਲ ਸਿੰਘ ਪਾਲੀ, ਸਤਨਾਮ ਸਿੰਘ ਬੱਸੂਵਾਲ, ਦੀਪਇੰਦਰ ਸਿੰਘ ਭੰਡਾਰੀ ,ਅਪਾਰ ਸਿੰਘ, ਯੂਥ ਸਰਕਲ ਪ੍ਰਧਾਨ ਗੁਰਸ਼ਰਨ ਸਿੰਘ ਗਿੱਦੜਵਿੰਡੀ, ਯੂਥ ਸਰਕਲ ਪ੍ਰਧਾਨ ਜਗਦੀਸ਼ ਸਿੰਘ ਦੀਸ਼ਾ ਮਾਣੂੰਕੇ, ਯੂਥ ਸਰਕਲ ਪ੍ਰਧਾਨ ਦਲਜੀਤ ਸਿੰਘ ਪੋਨਾ, ਐਸ ਸੀ ਸਰਕਲ ਪ੍ਰਧਾਨ ਗੁਰਬਚਨ ਸਿੰਘ ਬਾਘੀਆ ,ਸਾਬਕਾ ਸਰਪੰਚ ਸੁਰਿੰਦਰ ਸਿੰਘ ਪਰਜੀਆ ਬਿਹਾਰੀਪੁਰ, ਹਰਦੇਵ ਸਿੰਘ ਬੋਬੀ, ਪ੍ਰਧਾਨ ਪ੍ਰਦੀਪ ਸਿੰਘ ਅਖਾੜਾ, ਸਾਬਕਾ ਸਰਪੰਚ ਜੋਰਾ ਸਿੰਘ ਸਵੱਦੀ ਖੁਰਦ, ਗੁਰਪ੍ਰੀਤ ਸਿੰਘ ਕਾਲਾ ਬੋਦਲਵਾਲਾ, ਦਰਸ਼ਨ ਸਿੰਘ ਗਿੱਲ, ਦੇਵ ਸਿੰਘ ਬੇਦੂ, ਬਾਦਲ ਹਠੂਰ, ਵਿੱਕੀ ਗਾਲਿਬ, ਰੂਬੀ ਠੇਕੇਦਾਰ, ਮਨਜੀਤ ਫੌਜੀ, ਸਾਬਕਾ ਸਰਪੰਚ ਪਰਮਿੰਦਰ ਸਿੰਘ ਤੇ ਹੋਰ।

### ■ ਸੁਖਬੀਰ ਸਿੰਘ ਬਾਦਲ ਦੀ ਫੇਰੀ ਜਗਰਾਉਂ ਦੀ ਸਿਆਸੀ ਦਿਸਾ ਬਦਲੇਗੀ: ਕਲੇਰ

# 'ਜੋਗੀ ਚਿਮਟੇ ਵਾਲਾ', ਭੇਂਟ ਲੈਕੇ ਹਾਜ਼ਰ ਹੈ ਗਾਇਕ ਬਿੰਟਾ ਸੁਖਵਿੰਦਰ

**ਚੰਡੀਗੜ/ਪ੍ਰੀਤਮ ਲੁਧਿਆਣਵੀ**

ਸੁਪਰ ਹਿੱਟ ਭੇਟਾਂ ਦੇ ਰਚੇਤਾ ਗੀਤਕਾਰ ਰਾਜੂ ਨਾਹਰ ਤੇ ਲੱਖੀ ਬਨੂੰੜ ਵਾਲੇ ਦੀ ਸ਼ਾਨਦਾਰ ਪੇਸ਼ਕਸ਼, 'ਜੋਗੀ ਚਿਮਟੇ ਵਾਲਾ' ਨੇ ਕਲਾ-ਪ੍ਰੇਮੀਆਂ ਦੀ ਕਚਹਿਰੀ ਵਿਚ ਦਸਤਕ ਦਿੱਤੀ ਹੈ। ਇਸ ਨੂੰ ਆਪਣੀ ਬੁਲੰਦ ਆਵਾਜ ਵਿੱਚ ਰਿਕਾਰਡ ਕੀਤਾ ਹੈ, ਪ੍ਰਸਿੱਧ ਗਾਇਕ ਬਿੰਟਾ ਸੁਖਵਿੰਦਰ ਨੇ ਅਤੇ ਇਸ ਭੇਂਟ ਨੂੰ ਸੰਗੀਤਕ ਸੁਰਾਂ 'ਚ ਪ੍ਰੋਇਆ ਹੈ ਨਾਮਵਰ ਸੰਗੀਤਕਾਰ ਸਤਵਿੰਦਰ ਸਿੰਘ ਨੇ। ਇਸ ਦਾ ਪੋਸਟਰ ਡਿਜਾਇਨ ਤਿਆਰ ਕਰਦਿਆਂ ਬਿੱਟੂ ਆਰਟ ਬਨੂੰੜ ਵਾਲੇ ਨੇ ਜਰਾ ਜਿੰਨੀ ਵੀ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ। ਜਸ਼ਨ ਐਨ ਰਿਕਾਰਡਜ ਕੰਪਨੀ ਵੱਲੋਂ ਰਿਲੀਜ਼ ਕੀਤੀ ਗਈ ਇਸ ਭੇਂਟ ਵਿਚ ਸਮੁੱਚੀ ਟੀਮ ਵੱਲੋਂ ਟਿੰਕੂ ਧਾਨੀਆ, ਜੱਸੀ ਧਮੋਲੀ ਤੇ ਕੇਸਰ ਸਿੱਲ ਵਾਲੇ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ ਹੈ। ਵਾਹਿਗੁਰੂ ਸਾਰੀ ਟੀਮ ਨੂੰ ਤਰੱਕੀਆਂ ਬਖਸ਼ੇ।




# ਜਿਲਾ ਪ੍ਰਧਾਨ ਬਨਣ ਤੇ ਮਿੱਠਾ ਤੇ ਵਰਨਾਲਾ ਦਾ ਵਰਕਰਾਂ ਵਲੋਂ ਸਵਾਗਤ



**ਅਮਰਕੋਟ/ਹਰਜੀਤ ਸਿੰਘ ਵਲਟੋਹਾ**

ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਨਵਜੋਤ ਸਿੰਘ ਸਿੱਧੂ ਤੇ ਐਮ ਪੀ ਜਸਬੀਰ ਸਿੰਘ ਡਿੰਪਾ ਅਤੇ ਵਿਧਾਇਕ ਸੁਖਪਾਲ ਸਿੰਘ ਭੁੱਲਰ ਵੱਲੋਂ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਕਿਰਨਜੀਤ ਸਿੰਘ ਮਿੱਠਾ ਮਾੜੀਮੇਘਾ ਨੂੰ ਜਿਲਾ ਪ੍ਰਧਾਨ ਤੇ ਰਾਜਬੀਰ ਸਿੰਘ ਭੁੱਲਰ ਵਰਨਾਲਾ ਨੂੰ ਵਰਕਿੰਗ ਪ੍ਰਧਾਨ ਬਨਾਉਣ ਤੇ ਕਾਂਗਰਸੀ ਵਰਕਰਾਂ ਅੰਦਰ ਅਥਾਹ ਖੁਸ਼ੀ ਪਾਈ ਜਾ ਰਹੀ ਹੈ। ਇਹਨਾਂ ਨਿਯੁਕਤੀਆਂ ਨਾਲ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਚ ਪਾਰਟੀ ਨੂੰ ਮਜ਼ਬੂਤੀ ਮਿਲੇਗੀ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸਰਪੰਚ ਸਾਰਜ ਸਿੰਘ ਦਾਸੂਵਾਲ, ਸਰਪੰਚ ਹਰਜੀਤ ਸਿੰਘ ਕਾਲੀਆ ਵਲੋਂ ਮਿੱਠਾ ਤੇ ਵਰਨਾਲਾ ਦੀ ਨਿਯੁਕਤੀ ਦਾ ਸਵਾਗਤ ਕਰਦਿਆਂ ਉਨ੍ਹਾਂ ਵਧਾਈ ਦਿੰਦਿਆਂ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ। ਇਸ ਮੌਕੇ ਸਰਪੰਚ ਅਵਤਾਰ ਸਿੰਘ ਜੰਡ, ਸੁੱਖ ਮਹਿਮੂਦਪੁਰ ਮੈਂਬਰ ਬਲਾਕ ਸੰਮਤੀ, ਸਰਪੰਚ ਰਛਪਾਲ ਸਿੰਘ ਚਾਣਚੱਕ, ਭੁਪਿੰਦਰ ਸਿੰਘ, ਬਾਊ ਜਸਵਿੰਦਰ ਸਿੰਘ, ਵਰਿੰਦਰ ਸਿੰਘ ਦਾਸੂਵਾਲ, ਸਰਪੰਚ ਕੇ ਪੀ ਦਾਸੂਵਾਲ, ਸਰਪੰਚ ਸਤਨਾਮ ਸਿੰਘ ਮਹਿਮੂਦਪੁਰ ਆਦਿ ਵਲੋਂ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਤੇ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਨਵਜੋਤ ਸਿੰਘ ਸਿੱਧੂ ਦਾ ਧੰਨਵਾਦ ਕੀਤਾ ਗਿਆ।

# ਮਾਡਲ ਸਕੂਲ ਵਿਜੇ ਦਿਵਸ 'ਤੇ ਸੈਨਿਕਾਂ ਨੂੰ ਸਰਧਾਂਜਲੀ ਭੇਟ ਕਰਦਾ ਹੈ

**ਪਟਿਆਲਾ/ਜਗਦੀਸ ਰਾਈਕਾ**

ਸੀਨੀਅਰ ਸੈਕੰਡਰੀ ਮਾਡਲ ਸਕੂਲ ਪੰਜਾਬੀ ਯੂਨੀਵਰਸਿਟੀ ਨੇ ਵੀਰਵਾਰ ਨੂੰ 1971 ਦੀ ਜੰਗ ਵਿੱਚ ਪਾਕਿਸਤਾਨ ਉੱਤੇ ਭਾਰਤ ਦੀ ਜਿੱਤ ਦੀ ਯਾਦ ਵਿੱਚ ਵਿਜੇ ਦਿਵਸ ਮਨਾਇਆ। ਐਨਸੀਸੀ ਕੈਡਿਟ ਜਤਿਨ ਨੇ ਵਿਦਿਆਰਥੀਆਂ ਨੂੰ ਇਸ ਦਿਨ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਜਿਸ ਕਾਰਨ ਬੰਗਲਾਦੇਸ ਦੀ ਸਿਰਜਣਾ ਹੋਈ। ਇਕ ਹੋਰ ਕੈਡੇਟ ਮਹਿਕ ਨੇ ਵਿਦਿਆਰਥੀਆਂ ਨੂੰ ਜੰਗ ਦੀਆਂ ਯਾਦਗਾਰੀ ਲੜਾਈਆਂ ਅਤੇ ਭਾਰਤੀ ਹਥਿਆਰਬੰਦ ਸੈਨਾਵਾਂ ਦੀ ਬਹਾਦਰੀ ਦੀਆਂ ਕਹਾਣੀਆਂ ਤੋਂ ਜਾਣੂ ਕਰਵਾਇਆ। ਏਐਨਓ ਸਤਵੀਰ ਸਿੰਘ ਨੇ ਕਿਹਾ ਕਿ ਹਰ ਭਾਰਤੀ ਨੂੰ ਆਪਣੇ ਦੇਸ ਦੇ ਬਹਾਦਰ ਸੈਨਿਕਾਂ ਨੂੰ ਸਰਧਾਂਜਲੀ ਭੇਟ ਕਰਨੀ ਚਾਹੀਦੀ ਹੈ। ਮੈਡਮ ਬਲਵਿੰਦਰ ਕੌਰ ਨੇ ਕਿਹਾ ਕਿ 16 ਦਸੰਬਰ 1971 ਉਪ ਮਹਾਂਦੀਪ ਦੇ ਇਤਿਹਾਸ ਦਾ ਪਰਿਭਾ ਪਲ ਸੀ ਅਤੇ ਸਾਨੂੰ ਸਾਰਿਆਂ ਨੂੰ ਇਸ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ। ਇਸ ਮੌਕੇ ਗਗਨਦੀਪ ਸਿੰਘ, ਪਰਵਿੰਦਰ ਸਿੰਘ ਅਤੇ ਹੋਰ ਅਧਿਆਪਕ ਵੀ ਹਾਜਰ ਸਨ।



# ਬਲਾਕ ਪੱਧਰੀ ਖੇਡ ਮੁਕਾਬਲੇ ਕਰਵਾਏ




**ਪਟਿਆਲਾ/ਜਗਦੀਸ਼ ਰਾਈਕਾ**

ਬਲਾਕ ਪ੍ਰਾਇਮਰੀ ਸਿੱਖਿਆ ਦਫਤਰ ਪਟਿਆਲਾ 3 ਵਿੱਚ ਮਾਣਯੋਗ ਬੀ ਪੀ ਈ ਓ ਸ. ਜਸਵਿੰਦਰ ਸਿੰਘ ਜੀ ਅਤੇ ਬੀ ਪੀ ਐਸ ਓ ਸ੍ਰੀਮਤੀ ਬਲਵਿੰਦਰ ਕੌਰ ਜੀ ਦੀ ਰਹਿਨੁਮਾਈ ਵਿੱਚ ਬਲਾਕ ਪੱਧਰੀ ਐਥਲੈਟਿਕ ਮੀਟ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮਾਨਯੋਗ ਡੀ ਈ ਓ ਇੰਜ: ਸ: ਅਮਰਜੀਤ ਸਿੰਘ ਮੁੱਖ ਮਹਿਮਾਨ ਵੱਜੋਂ ਸਾਮਿਲ ਹੋਏ ਅਤੇ ਬੱਚਿਆਂ ਦੀ ਹੌਸਲਾ ਅਫਜਾਈ ਕੀਤੀ ।ਇਸ ਮੌਕੇ ਬਲਾਕ ਅਧੀਨ ਪੈਂਦੇ ਵੱਖ ਵੱਖ ਕਲੱਸਟਰ ਦੇ ਵੱਖ ਵੱਖ ਸਕੂਲਾਂ ਵਿੱਚੋਂ ਆਏ ਖਿਡਾਰੀਆਂ ਵੱਲੋਂ ਖੇਡਾਂ ਵਿਚ ਭਾਗ ਲਿਆ ਗਿਆ। ਇਹਨਾਂ ਖੇਡਾਂ ਦਾ ਰਸਮੀ ਉਦਘਾਟਨ ਸ. ਜਸਵਿੰਦਰ ਸਿੰਘ ਨੇ ਕੀਤਾ ।ਇਸ ਵਿਚ ਬੱਚਿਆਂ ਨੇ ਵੱਖ ਵੱਖ ਕਿਸਮ ਦੀਆਂ ਖੇਡਾਂ ਜਿਵੇਂ ਦੌੜਾਂ,ਰੱਸੀ ਕੁੱਦਣਾ, ਗੋਲਾ ਸੁੱਟਣਾ,ਲੰਬੀ ਛਾਲ, ਰਿਲੇਅ ਦੌੜਾਂ ਆਦਿ ਦੇ ਲੜਕੇ ਅਤੇ ਲੜਕੀਆਂ ਦੇ ਮੁਕਾਬਲੇ ਕਰਵਾਏ ਗਏ। ਆਪਣੇ ਸੰਬੋਧਨ ਵਿੱਚ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸ. ਜਸਵਿੰਦਰ ਸਿੰਘ ਜੀ ਨੇ ਕਿਹਾ ਕਿ ਖੇਡਾਂ ਨਾਲ ਬੱਚਿਆਂ ਦਾ ਸਰਵਪੱਖੀ ਵਿਕਾਸ ਹੁੰਦਾ ਹੈ।ਇਸ ਲਈ ਬੱਚਿਆਂ ਦੇ ਮਾਨਸਿਕ ਅਤੇ ਸਰੀਰਕ ਵਿਕਾਸ ਨੂੰ ਸੰਤੁਲਿਤ ਰੱਖਣ ਲਈ ਬੱਚਿਆਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨਾ ਚਾਹੀਦਾ ਹੈ।ਇਸ ਮੌਕੇ ਜੇਤੂ ਖਿਡਾਰੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਬੱਚਿਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਵੀ ਪੇਸ ਕੀਤਾ ਗਿਆ। ਇਸ ਦੌਰਾਨ ਸੈਂਟਰ ਅਬਲੋਵਾਲ ਅਤੇ ਸੈਂਟਰ ਕਲਿਆਣ ਨੇ ਬਰਾਬਰ ਅੰਕ ਪ੍ਰਾਪਤ ਕਰਕੇ ਓਵਰ ਆਲ ਟਰੌਫੀ ਪ੍ਰਾਪਤ ਕੀਤੀ। ਇਸ ਮੌਕੇ ਅਮਰਜੀਤ ਸਿੰਘ ਰੌਂਗਲਾ, ਹਰਵਿੰਦਰ ਸਿੰਘ ਬਖਸ਼ੀਵਾਲਾ,ਮੀਨਾ ਕੁਮਾਰੀ ਕਲਿਆਣ,ਗੁਰਸਰਨ ਕੌਰ ਅਬਲੋਵਾਲ,ਜਸਪ੍ਰੀਤ ਕੌਰ ਵਜੀਦਪੁਰ,ਇੰਦਰਪਾਲ ਸਿੰਘ ਭੇਡਪੁਰਾ,ਸੀਤਲ ਰਾਣੀ ਪਰਤਾਪ ਨਗਰ ਹਾਜਰ ਸਨ।



# ਪੰਜਾਬ ਵਿੱਚ ਨਵਾਂ ਇਤਿਹਾਸ ਸਿਰਜੇਗੀ ਅਕਾਲੀ ਦਲ ਬਸਪਾ ਦੀ ਜਿੱਤਅਵੀ ਰਾਜਪੂਤ

## ਮੋਗਾ ਰੈਲੀ ਵਿਚ ਹਿੱਸਾ ਲੈਣ ਲਈ ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਦਾ ਜੱਥਾ ਅਵੀ ਰਾਜਪੂਤ ਦੀ ਪ੍ਰਧਾਨਗੀ ਹੇਠ ਰਵਾਨਾ ਹੋਇਆ

**ਕਪੂਰਥਲਾ/ਲੋਕ ਬਾਣੀ**

ਸ਼੍ਰੋਮਣੀ ਅਕਾਲੀ ਦਲ ਵਲੋਂ ਮੋਗਾ ਵਿਖੇ ਕੀਤੀ ਜਾ ਰਹੀ ਰਾਜ ਪਧਰੀ ਰੈਲੀ ਵਿਚ ਹਿੱਸਾ ਲੈਣ ਲਈ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਅਤੇ ਵਰਕਰਾਂ ਦਾ ਇਕ ਵੱਡਾ ਜਥਾ ਸ਼੍ਰੋਮਣੀ ਸਟੇਟ ਗੁਰੂਦੁਆਰਾ ਕਪੂਰਥਲਾ ਸ਼੍ਰੋਮਣੀ ਅਕਾਲੀ ਬਸਪਾ ਗਠਜੋੜ ਦੇ ਸਾਂਝੇ ਉਮੀਦਵਾਰ ਸ,ਦਵਿੰਦਰ ਸਿੰਘ ਢਪਈ ਦੇ ਦਿਸ਼ਾਨਿਰਦੇਸ਼ ਤੇ ਯੂਥ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਅਵੀ ਰਾਜਪੂਤ ਦੀ ਪ੍ਰਧਾਨਗੀ ਹੇਠ ਰਵਾਨਾ ਹੋਇਆ। ਅਵੀ ਰਾਜਪੂਤ ਨੇ ਦਸਿਆ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ:ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਮੋਗਾ ਵਿਖੇ ਹੋਣ ਵਾਲੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਦੇ ਆਗੂਆਂ ਅਤੇ ਵਰਕਰਾਂ ਦੀ ਸ਼ਮੂਲੀਅਤ ਸੂਬੇ ਵਿਚ ਬਹੁਤ ਜਲਦੀ ਹੋਣ ਵਾਲੀਆ ਪੰਜਾਬ ਵਿਧਾਨ ਸਭਾ ਦੀਆਂ ਚੋਣਾ ਵਿੱਚ ਪਾਰਟੀ ਦੀ ਜਿੱਤ ਦਾ ਦਾ ਮੁੱਢ ਬੱਨੇਗੀ ।ਅਵੀ ਰਾਜਪੂਤ ਨੇ ਕਿਹਾ ਕਿ ਪੰਜਾਬ ਵਿੱਚ ਅਗਲੇ ਸਾਲ ਹੋਣ ਵਾਲੀਆਂ ਵਿਧਾਨਸਭਾ ਚੋਣਾਂ ਦੌਰਾਨ ਸ਼੍ਰੋਮਣੀ ਅਕਾਲੀ ਦਲ ਅਤੇ ਬਸਪਾ ਗਠਜੋੜ ਦੀਆਂ ਰੈਲੀਆਂ ਵਿੱਚ ਉਮੜਣ ਵਾਲਾ ਜਨਸਮੂਹ ਇਹ ਸਾਬਿਤ ਕਰਦਾ ਹੈ ਕਿ ਪੰਜਾਬ ਦੀ ਜਨਤਾ ਨੇ ਹੁਣ ਸ਼੍ਰੋਮਣੀ ਅਕਾਲੀ ਦਲ ਬਸਪਾ ਦੀ ਸਰਕਾਰ ਬਣਾਉਣ ਦਾ ਪੱਕਾ ਇਰਾਦਾ ਕਰ ਲਿਆ ਹੈ ।ਉਨ੍ਹਾਂ ਕਿਹਾ ਕਿ ਇਸ ਦਾ ਉਧਾਰਨ ਸ਼੍ਰੋਮਣੀ ਅਕਾਲੀ ਦਲ ਦੇ 100 ਸਾਲਾ ਸਥਾਪਨਾ ਦਿਵਸ ਮੌਕੇ 14 ਦਸੰਬਰ ਨੂੰ ਪੰਜਾਬ ਦੇ ਮੋਗਾ ਸ਼ਹਿਰ ਵਿਖੇ ਕੀਤੀ ਵਿਸ਼ਾਲ ਰੈਲੀ ਵਿੱਚ ਉਮੜੇ ਜਨਸੈਲਾਬ ਤੋਂ ਮਿਲਦਾ ਹੈ ।ਉਹਨਾਂ ਕਿਹਾ ਕਿ ਪੰਜਾਬ ਦੇ ਲੋਕ ਅੱਜ ਵੀ ਅਕਾਲੀ ਸਰਕਾਰ ਦੌਰਾਨ ਹੋਏ ਵਿਕਾਸ ਨੂੰ ਯਾਦ ਕਰਦੇ ਹਨ ਜਦੋਂਕਿ ਕਾਂਗਰਸ ਸਰਕਾਰ ਦੇ ਰਾਜ ਦੌਰਾਨ ਸੂਬੇ ਦਾ ਵਿਨਾਸ਼ ਹੋਇਆ ਹੈ ।ਉਹਨਾਂ ਕਿਹਾ ਕਿ ਅਕਾਲੀ ਦਲ ਇਕ ਅਜਿਹੀ ਰਾਜਸੀ ਪਾਰਟੀ ਹੈ,ਜਿਸਦਾ ਇਤਿਹਾਸ ਸ਼ਾਨ ਭਰਿਆ ਹੈ ।ਅਵੀ ਰਾਜਪੂਤ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਇਕ ਪਾਰਟੀ ਨਹੀਂ ਸਗੋਂ ਇਕ ਸੋਚ ਅਤੇ ਇਕ ਜਜ਼ਬਾ ਹੈ ।ਉਨ੍ਹਾਂ ਕਿਹਾ ਕਿ ਇਸੇ ਸੋਚ ਅਤੇ ਜਜ਼ਬੇ ਦੀ ਬਦੌਲਤ ਹੀ ਅੱਜ ਹਿੰਦੁਸਤਾਨ ਦਾ ਮੌਜੂਦਾ ਸਰੂਪ ਹੈ ।ਉਨ੍ਹਾਂ ਨੇ ਕਿਹਾ ਕਿ ਇਤਿਹਾਸਕ ਤੱਥਾਂ ਨੂੰ ਦੇਖਦਿਆਂ ਸਮੁੱਚੇ ਦੇਸ਼ ਨੂੰ ਹੀ ਅਕਾਲੀ ਦਲ ਦਾ ਸਥਾਪਨਾ ਦਿਵਸ ਮਨਾਉਣਾ ਚਾਹੀਦਾ ਸੀ ।ਅਵੀ ਰਾਜਪੂਤ ਨੇ ਕਿਹਾ ਕਿ ਅਕਾਲੀ ਦਲ ਨੇ ਕੌਮ ਦੀ ਰਾਖੀ ਵਾਸਤੇ ਵੱਡੀਆਂ ਕੁਰਬਾਨੀਆਂ ਦਿੱਤੀਆਂ ਅਤੇ ਨਨਕਾਣਾ ਸਾਹਿਬ ਦਾ ਮੋਰਚਾ,ਚਾਬੀਆਂ ਦਾ ਮੋਰਚਾ,ਗੁਰੂ ਦਾ ਬਾਗ ਤੇ ਜੈਤੋਂ ਦਾ ਮੋਰਚਾ ਆਦਿ ਲਗਾ ਕੇ ਤੇ ਐਮਰਜੈਂਸੀ ਦਾ ਵਿਰੋਧ ਕਰ ਕੇ ਕੌਮ ਤੇ ਦੇਸ਼ ਦੀ ਰਾਖੀ ਕੀਤੀ ਅਤੇ ਜਿੱਤ ਪ੍ਰਾਪਤ ਕੀਤੀ ।ਉਨ੍ਹਾਂ ਕਿਹਾ ਕਿ ਅਕਾਲੀ ਦਲ ਦੀਆਂ ਕੁਰਬਾਨੀਆਂ ਚ ਇਹ ਵੀ ਇਕ ਮਿਸਾਲ ਹੈ ਕਿ ਪਾਰਟੀ ਦੇ ਸਰਪ੍ਰਸਤ ਪ੍ਰਕਾਸ਼ ਸਿੰਘ ਬਾਦਲ ਨੇ ਹਿੰਦੁਸਤਾਨ ਦੇ ਇਤਿਹਾਸ 'ਚ 18 ਸਾਲ ਜੇਲ ਕੱਟੀ ਪਰ ਕਦੇ ਵੀ ਜ਼ਮਾਨਤ ਨਹੀਂ ਲਈ ।ਕਿਹਾ ਕਿ ਅਸਲੀ ਅਕਾਲੀ ਦਲ ਉਹੀ ਹੈ ਜਿਸ ਤੋਂ ਗੋਰੇ ਵੀ ਖੌਫ਼ ਰੱਖਦੇ ਹਨ ਅੱਜ ਜੇਕਰ ਦੇਸ਼ ਦੇ ਲੋਕ ਆਜ਼ਾਦੀ ਦਾ ਸੁੱਖ ਮਾਣ ਰਹੇ ਹਨ ਤਾਂ ਉਸ ਵਿਚ ਸਭ ਤੋਂ ਵੱਡਾ ਯੋਗਦਾਨ ਸ਼੍ਰੋਮਣੀ ਅਕਾਲੀ ਦਲ ਹੈ ।ਇਸ ਮੌਕੇ ਸੁਮੀਤ ਕਪੂਰ,ਕੁਲਦੀਪਕ ਧਿਰ, ਸੈਂਡੀ,ਧੀਰਜ ਨੱਯਰ,ਦੀਪਕ ਬਿਸ਼ਟ,ਤਜਿੰਦਰ ਸਿੰਘ,ਗੁਰਪ੍ਰੀਤ ਗੋਪੀ,ਮਨਪ੍ਰੀਤ ਮੰਨ ਸੰਤਪੁਰਾ,ਪ੍ਰਭ,ਅਮਿਤ,ਰਵੀ ਮੱਦੂ, ਰਾਜਾ ਸਿੱਧੂ,ਰੂਬਲ ਧਿਰ,ਪੁਸ਼ਪਿੰਦਰ, ਸੁਖਦੀਪ,ਰਾਜਵਿੰਦਰ,ਮਨੀ ਆਦਿ ਹਾਜਰ ਸਨ।

# ਸੈਕਰਡ ਹਾਰਟ ਕੌਨਵੈਂਟ ਸਕੂਲ ਭਿੱਖੀਵਿੰਡ ਨੇ ਆਪਣਾ ਕ੍ਰਿਸਮਸ ਸਮਾਗਮ ਅਤੇ ਸਪੋਰਟਸ ਮੇਲਾ ਮਨਾਇਆ

## ਪ੍ਰੋਗਰਾਮ ਵਿੱਚ ਬੱਚਿਆਂ ਦੇ ਦਾਦੇ ਦਾਦੀਆਂ ਵੱਲੋਂ ਵੀ ਸਮੂਲੀਅਤ ਕੀਤੀ ਗਈ

**ਤਰਨ ਤਾਰਨ/ਰਵੀ ਕਰਨ**

ਭਿੱਖੀਵਿੰਡ ਤੋਂ ਥੋੜੀ ਦੂਰ ਪੈਂਦੇ ਖੇਮਕਰਨ ਰੋਡ ਤੇ ਸਥਿਤ ਸੈਕਰਡ ਹਾਰਟ ਕੌਨਵੈਂਟ ਸਕੂਲ ਭਿੱਖੀਵਿੰਡ ਨੇ ਹਰ ਸਾਲ ਦੀ ਤਰ੍ਹਾਂ ਕ੍ਰਿਸਮਸ ਨੂੰ ਸਮਰਪਿਤ ਵਿਸੇਸ ਸਮਾਗਮ ਅਤੇ ਸਪੋਰਟਸ ਮੇਲਾ ਮਨਾਇਆ। ਜਿਸ ਵਿੱਚ ਚੇਅਰਮੈਨ ਫਾਦਰ ਜੋਸਫ ਟੀ ਜੇ , ਪ੍ਰਿੰਸੀਪਲ ਸਿਸਟਰ ਐਂਸੀ , ਵਾਇਸ, ਪ੍ਰਿੰਸੀਪਲ ਸਿਸਟਰ ਵਨੀਥਾ ਦੀ ਯੋਗ ਅਗਵਾਈ ਵਿੱਚ ਸਮੂਹ ਸਟਾਫ ਵਲੋਂ ਨਰਸਰੀ ਤੋਂ 10ਵੀਂ ਤੱਕ ਦੇ ਬੱਚਿਆਂ ਨੂੰ ਵੱਖ ਗਤੀ ਵਿਧੀਆਂ ਵਿੱਚ ਭਾਗ ਲੈਣ ਬਹੁਤ ਵਧੀਆ ਤਰੀਕੇ ਤਿਆਰੀ ਕਰਵਾਈ ਗਈ। ਇਸ ਵਿੱਚ ਸਭ ਤੋਂ ਪਹਿਲਾਂ ਨੰਨ੍ਹੇ ਮੁੰਨੇ ਬੱਚਿਆਂ ਨੇ ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਪਹੁੰਚੇ ਡਾਇਰੈਕਟਰ ਫਾਦਰ ਥੋਮਸ ਕਲੰਜਰੀ ਜੰਡਿਆਲਾ ਗੁਰੂ ਨੂੰ ਜੀ ਆਇਆਂ ਆਖਿਆ। ਇਸ ਪ੍ਰੋਗਰਾਮ ਦੀ ਸੁਰੂਆਤ ਬੱਚਿਆਂ ਵੱਲੋਂ ਮਾਰਚ ਪਾਸ ਕਰਕੇ ਕੀਤੀ ਗਈ। ਉਪਰੰਤ ਵੱਖ ਵੱਖ ਕਲਾਸਾਂ ਦੇ ਬੱਚਿਆਂ ਨੇ ਡਾਂਸ, ਭੰਗੜਾ , ਯੋਗਾ , ਕ੍ਰਿਸਮਸ ਨਾਟਕ, ਬਾਲੀਵੁੱਡ ਡਾਂਸ, ਆਦਿ ਵੱਖ ਵੱਖ ਆਈਟਮਾਂ ਪੇਸ ਕਰਕੇ ਆਏ ਹੋਏ ਮਹਿਮਾਨਾਂ ਅਤੇ ਸਕੂਲ ਵਿਦਿਆਥੀਆਂ ਦਾ ਮਨੋਰੰਜਨ ਕੀਤਾ। ਇਸ ਮੌਕੇ ਸਟੇਜ ਸੈਕਟਰੀ ਦੀ ਭੂਮਿਕਾ ਵੀ ਬੱਚਿਆਂ ਵੱਲੋਂ ਬਾਖੂਬੀ ਨਿਭਾਈ ਗਈ।

ਇਸ ਤੋਂ ਬਾਅਦ ਸਪੋਰਟਸ ਮੀਟ ਕਰਵਾਈ ਗਈ ਜਿਸ ਵਿੱਚ ਦੌੜਾ,ਰੱਸਾ ਕੱਸੀ ਹੋਰ ਵੱਖ ਵੱਖ ਤਰਾਂ ਦੀਆਂ ਖੇਡਾਂ ਕਰਵਾਈਆਂ ਗਈਆਂ।

ਇਸ ਮੌਕੇ ਇੰਟਰ ਹਾਊਸ ਮੁਕਾਬਲੇ ਵਿੱਚ ਪਲਵਿੰਦਰ ਸਿੰਘ ਅਤੇ ਪਲਕਪ੍ਰੀਤ ਕੌਰ ਸੀਨਿਅਰ ਵਿੰਗ ਵਿੱਚ ਬੈਸਟ ਅਥਲੀਟ ਚੁਣੇ ਗਏ, ਅਤੇ ਜੂਨੀਅਰ ਵਿੰਗ ਵਿੱਚੋਂ ਐਸਵੀਨ ਕੌਰ ਅਤੇ ਅਮਨ ਸਿੰਘ ਬੈਸਟ ਅਥਲੀਟ ਰਹੇ ।



ਇਸ ਪ੍ਰੋਗਰਾਮ ਵਿੱਚ ਇਕ ਖਾਸ ਗੱਲ ਦੇਖਣ ਨੂੰ ਇਹ ਮਿਲੀ ਕਿ ਸਾਰੇ ਬੱਚਿਆਂ ਦੇ ਦਾਦੇ ਦਾਦੀਆਂ ਨੂੰ ਇਸ ਪ੍ਰੋਗਰਾਮ ਲਈ ਸੱਦਾ ਪੱਤਰ ਦਿੱਤੇ ਗਏ ਸਨ ਜਿਸ ਤੇ ਵੱਡੀ ਗਿਣਤੀ ਵਿੱਚ ਬੇਜੁਰਗ ਦਾਦੇ ਦਾਦੀਆਂ ਨੇ ਹਿੱਸਾ ਲਿਆ ਅਤੇ ਉਹ ਸਾਰੇ ਪ੍ਰੋਗਰਾਮ ਨੂੰ ਦੇਖ ਕੇ ਬਹੁਤ ਖੁਸ ਨਜਰ ਆ ਰਹੇ ਸਨ ।ਉਪਰੰਤ ਚੈਅਰਮੈਨ ਫਾਦਰ ਜੋਸਫ ਟੀ ਜੇ, ਪ੍ਰਿੰਸੀਪਲ, ਵਾਇਸ ਪ੍ਰਿੰਸੀਪਲ ਅਤੇ ਮੁੱਖ ਮਹਿਮਾਨ ਫਾਦਰ ਥੋਮਸ ਵੱਲੋਂ ਵੱਖ ਵੱਖ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਜੇਤੂ ਬੱਚਿਆਂ ਨੂੰ ਇਨਾਮ ਦੇ ਕੇ ਸਨਮਨਿਤ ਕੀਤਾ ਗਿਆ । ਇਸ ਮੌਕੇ ਉਹਨਾਂ ਕਿਹਾ ਕਿ ਸਾਰੇ ਬੱਚਿਆਂ ਨੂੰ ਪੜਾਈ ਦੇ ਨਾਲ ਨਾਲ ਇਹਨਾ ਗਤੀਵਿਧੀਆਂ ਵਿੱਚ ਵੀ ਹਿੱਸਾ ਲੈਣਾ ਚਾਹੀਦਾ ਹੈ ,ਜਿਸ ਨਾਲ ਮਾਨਸਿਕ ਵਿਕਾਸ ਦੇ ਨਾਲ ਨਾਲ ਸਰੀਰਕ ਵਿਕਾਸ ਹੋ ਸਕੇ

ਇਸ ਮੌਕੇ ਵਾਇਸ ਪ੍ਰਿੰਸੀਪਲ ਸਿਸਟਰ ਵਨੀਥਾ ਨੇ ਕਿਹਾ ਕਿ ਬੱਚਿਆਂ ਵਿੱਚ ਕਰੋਨਾ ਮਹਾਮਾਰੀ ਤੋਂ ਬਾਅਦ ਆਤਮ ਵਿਸਵਾਸ ਤੇ ਜੋਸ ਭਰਨ ਲਈ ਸਕੂਲ ਵੱਲੋਂ ਸਮੇਂ ਸਮੇਂ ਤੇ ਅਜਿਹੇ ਮੁਕਾਬਲੇ ਕਰਵਾਏ ਜਾਂਦੇ ਰਹਿਣਗੇ । ਇਸ ਪ੍ਰੋਗਰਾਮ ਦੀ ਸਮਾਪਤੀ ਰਾਸਟਰ ਗਾਣ ਗਾ ਕੇ ਕੀਤੀ ਗਈ। ਇਸ ਮੌਕੇ , ਸਿਸਟਰ ਮਾਰੀਆ, ਸਿਸਟਰ ਤੇਸੀਨਾ, ਮੈਡਮ ਰਿਚਾ ਬਾਵਾ ,ਸੋਨੀਆ ਕਪੂਰ , ਕਮਲਪ੍ਰੀਤ ਕੌਰ,ਬਲਜੀਤ ਕੌਰ ,ਮਨੀਸਾ ,ਸਰਨਜੀਤ ਕੌਰ ,ਹਰਪ੍ਰੀਤ ਕੌਰ ਖਾਲੜਾ , ਦੀਪਿਕਾ ਕੱਕੜ , ਤਨਬੀਰ ਕੌਰ ,ਜਸਵਿੰਦਰ ਕੌਰ, ਜਸਪ੍ਰੀਤ ਕੌਰ,ਸੁਖਰਾਜ ਸਿੰਘ ,ਜੌਹਨਸਨ ਸਰ,ਹਰਜਿੰਦਰ ਸਿੰਘ ,ਕੁਲਦੀਪ ਕੌਰ ,ਕਰਮਬੀਰ ਕੌਰ ਯੋਗਾ ਟੀਚਰ, ਸੋਨੀਆ ਚੋਪੜਾ, ਗੀਟਾ , ਸੁਚਿਤਾ , ਦਵਿੰਦਰ ਕੌਰ , ਮੋਨਿਕਾ ਸਰਮਾਂ , ਪ੍ਰਿਯੰਕਾ , ਹੇਮਲਤਾ,ਸਨੇਹ ਲਤਾ,ਪੂਜਾ ਸਰਮਾ ਆਦਿ ਨੇ ਪ੍ਰੋਗਰਾਮ ਨੂੰ ਸਫਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ।

# 'ਆਜ਼ਾਦੀ ਕਾ ਅੰਮ੍ਰਿਤ ਮਹਾਉਤਸਵ' ਤਹਿਤ 18 ਤੋਂ 22 ਦਸੰਬਰ ਦਰਮਿਆਨ ਲਗਾਏ ਜਾਣਗੇ ਪੇਂਡੂ ਨੌਜਵਾਨਾਂ ਲਈ ਵਿਸ਼ੇਸ਼ ਪਲੇਸਮੈਂਟ ਕੈਂਪ- ਡੀ.ਸੀ

**ਜਲੰਧਰ/ਰਾਕੇਸ਼ ਵਰਮਾ**

'ਆਜ਼ਾਦੀ ਕਾ ਅੰਮ੍ਰਿਤ ਮਹਾਉਤਸਵ' ਤਹਿਤ ਜ਼ਿਲ੍ਹੇ ਦੇ ਪੇਂਡੂ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣ ਲਈ 18 ਤੋਂ 22 ਦਸੰਬਰ ਦੇ ਦਰਮਿਆਨ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਜਸਪ੍ਰੀਤ ਸਿੰਘ ਨੇ ਦੱਸਿਆ ਕਿ ਦੀਨ ਦਿਆਨ ਉਪਾਧਿਆਏ ਗ੍ਰਾਮੀਣ ਕੌਸ਼ਲ ਯੋਜਨਾ ਤਹਿਤ 10ਵੀਂ ਅਤੇ 12ਵੀਂ ਪਾਸ ਬੇਰੁਜ਼ਗਾਰ ਨੌਜਵਾਨਾਂ ਲਈ ਪੰਜਾਬ ਸਕਿੱਲ ਡਿਵੈਲਪਮੈਂਟ ਮਿਸ਼ਨ ਅਤੇ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਸਹਿਯੋਗ ਨਾਲ ਇਹ ਕੈਂਪ ਲਗਾਏ ਜਾਣਗੇ। ਉਨ੍ਹਾਂ ਅੱਗੇ ਦੱਸਿਆ ਕਿ ਸਿਹਤ, ਫੂਡ ਪ੍ਰੋਸੈਸਿੰਗ, ਬਿਊਟੀ, ਕੈਪੀਟਲ ਗੁੱਡਜ ਅਤੇ ਮੈਨੂਫੈਕਚਰਿੰਗ ਖੇਤਰ ਦੀਆਂ ਨਾਮੀ ਕੰਪਨੀਆਂ ਵਲੋਂ 1000 ਨੌਕਰੀਆਂ ਦੀ ਪੇਸ਼ਕਸ ਲਈ ਸ਼ਿਰਕਤ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ 18 ਦਸੰਬਰ ਨੂੰ ਭਾਰਤ ਪਾਰਾ ਮੈਡੀਕਲ ਸਕਿੱਲ ਸੈਂਟਰ ਬਿੱਧੀਪੁਰ ਫਾਟਕ ਵਿਖੇ ਕੈਂਪ ਲਗਾਇਆ ਜਾਵੇਗਾ ਅਤੇ ਇਸੇ ਤਰ੍ਹਾਂ 21 ਦਸੰਬਰ ਨੂੰ ਨੈਸ਼ਨਲ ਸਾਇੰਸ ਸੁਸਾਇਟੀਜ਼ ਸਕਿੱਲ ਡਿਵੈਲਪਮੈਂਟ ਸੈਂਟਰ ਭੋਗਪੁਰ ਅਤੇ 22 ਦਸੰਬਰ ਸੀ.ਟੀ.ਇੰਸਟੀਚਿਊਟ ਮਕਸੂਦਾਂ ਵਿਖੇ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਯੋਗ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਇਨਾਂ ਕੈਂਪਾ ਦਾ ਵੱਧ ਤੋਂ ਵੱਧ ਲਾਭ ਉਠਾਇਆ ਜਾਵੇ।

**ਕਿਹਾ, ਨਾਮੀ ਕੰਪਨੀਆਂ ਵਲੋਂ ਕੀਤੀ ਜਾਵੇਗੀ ਕੈਂਪਾਂ 'ਚ ਸ਼ਿਰਕਤ**

# ਮਨਿਸਟੀਰੀਅਲ ਕਾਮਿਆਂ ਵੱਲੋਂ ਸਿਵਲ ਸਰਜਨ ਦਫਤਰ ਅੰਮ੍ਰਿਤਸਰ ਬਾਹਰ ਕੀਤੀ ਗਈ ਰੋਸ ਰੈਲੀ

## ਸਰਕਾਰ ਵੱਲੋਂ ਜਾਰੀ ਮੁਲਾਜਮ ਮਾਰੂ ਪੱਤਰਾਂ ਦੀਆਂ ਸਾੜੀਆਂ ਕਾਪੀਆਂ

**ਅੰਮ੍ਰਿਤਸਰ/ਜਸਬੀਰ ਸਿੰਘ ਟਿੰਕ,ਮਿੰਟੂ ਜੋਸ਼ੀ**



ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਜ਼ ਯੂਨੀਅਨ ਸੂਬਾ ਕਮੇਟੀ ਵੱਲੋ ਲਏ ਫੈਸਲੇ ਤਹਿਤ ਮਨਿਸਟੀਰੀਅਲ ਕਾਮਿਆਂ ਦੀਆਂ ਹੱਕੀ ਅਤੇ ਜਾਇਜ ਮੰਗਾਂ ਦੀ ਪ੍ਰਾਪਤੀ ਲਈ ਜਿਲ੍ਹਾ ਇਕਾਈ ਅੰਮ੍ਰਿਤਸਰ ਵੱਲੋਂ ਮਨਜਿੰਦਰ ਸਿੰਘ ਸੰਧੂ ਜਿਲਾ ਪ੍ਰਧਾਨ ਅਤੇ ਜਗਦੀਸ਼ ਠਾਕੁਰ ਜਿਲਾ ਜਨਰਲ ਸਕੱਤਰ,ਮਨਦੀਪ ਸਿੰਘ ਚੌਹਾਨ ਜਿਲਾ ਵਿੱਤ ਸਕੱਤਰ,ਤਜਿੰਦਰ ਸਿੰਘ ਢਿੱਲੋਂ ਜਿਲਾ ਮੁੱਖ ਬੁਲਾਰਾ,ਅਸਨੀਲ ਸ਼ਰਮਾ ਜਿਲਾ ਮੁੱਖ ਸਲਾਹਕਾਰ, ਗੁਰਵੇਲ ਸਿੰਘ ਸੇਖੋਂ ਐਡੀਸ਼ਨਲ ਜਨਰਲ ਸਕੱਤਰ,ਅਮਨ ਥਰੀਏਵਾਲ, ਅਤੇ ਮੁਨੀਸ਼ ਕੁਮਾਰ ਸੂਦ ਸੀਨੀਅਰ ਮੀਤ ਪ੍ਰਧਾਨ ਦੀ ਅਗਵਾਈ ਹੇਠ ਅਜ ਸਿਵਲ ਸਰਜਨ ਦਫਤਰ ਅੰਮ੍ਰਿਤਸਰ ਦੇ ਬਾਹਰ ਰੋਸ ਰੈਲੀ ਕਰਕੇ ਸਰਕਾਰ ਵੱਲੋਂ ਜਾਰੀ ਮੁਲਾਜ਼ਮ ਮਾਰੂ ਪੱਤਰਾਂ ਦੀਆਂ ਕਾਪੀਆਂ ਸਾੜੀਆਂ ਗਈਆਂ।

ਰੈਲੀ ਵਿੱਚ ਹਾਜਰ ਨੁਮਾਇੰਦਿਆਂ ਨੇ ਕਿਹਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਚਾਹੀਦਾ ਹੈ ਮਨਿਸਟੀਰੀਅਲ ਕੇਡਰ ਦੀਆਂ ਪੈਂਡਿੰਗ ਮੰਗਾਂ ਤੁਰੰਤ ਲਾਗੂ ਕੀਤੀਆਂ ਜਾਣ ਅਤੇ ਜਥੇਬੰਦੀ ਦੇ ਸੂਬਾ ਆਗੂਆਂ ਨਾਲ ਮੀਟਿੰਗ ਕਰਕੇ ਛੇਵੇਂ ਤਨਖਾਹ ਕਮਿਸ਼ਨ ਦੀ ਜਾਰੀ ਰਿਪੋਰਟ ਵਿੱਚ ਸੋਧ ਕਰਦੇ ਹੋਏ 31/12/2015 ਨੂੰ ਮਿਲੀ ਆਖਰੀ ਬੇਸਿਕ ਤਨਖਾਹ ਉਪਰ 125% ਡੀ.ਏ ਦਾ ਰਲੇਵਾਂ ਕਰਕੇ ਉਸ ਉੱਪਰ 20% ਲਾਭ ਦਿੱਤਾ ਜਾਵੇ।ਮਿਤੀ 01/07/2021 ਤੋਂ ਕੇਂਦਰ ਦੀ ਤਰਜ ਤੇ 28% ਤੋਂ 31% ਤੱਕ 3% ਪੈਂਡਿੰਗ ਡੀ.ਏ ਦੀ ਕਿਸ਼ਤ ਤੁਰੰਤ ਰਲੀਜ ਕੀਤੀ ਜਾਵੇ।,01/04/2004 ਤੋਂ ਬਾਅਦ ਭਰਤੀ ਹੋਏ ਸਾਰੇ ਮੁਲਾਜਮਾਂ ਦੀ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ,ਤਰਸ ਦੇ ਆਧਾਰ 'ਤੇ ਭਰਤੀ ਕੀਤੇ ਗਏ ਕਰਮਚਾਰੀਆਂ ਲਈ ਟਾਈਪ ਟੈਸਟ ਤੋਂ ਛੋਟ ਦੇ ਕੇ ਉਸ ਦੀ ਥਾਂ 'ਤੇ ਕੰਪਿਊਟਰ ਕੋਰਸ ਲਾਗੂ ਕੀਤਾ ਜਾਵੇ ,6ਵੇਂ ਤਨਖਾਹ ਕਮਿਸਨ ਦਾ ਲਾਭ 2.72% ਨਾਲ ਦਿੱਤਾ ਜਾਵੇ ,01/7/2015 ਤੋਂ 31/12/2015 ਤੱਕ ਦੇ 119% ਅਤੇ 01/01/2016 ਤੋਂ 31/10/2016 ਤੱਕ 125% ਦੇ ਡੀ. ਏ. ਦੇ ਪੈਂਡਿੰਗ ਬਕਾਏ ਦੇਣ ਲਈ ਤੁਰੰਤ ਨੋਟੀਫਿਕੇਸ਼ਨ ਵੀ ਜਲਦੀ ਜਾਰੀ ਕੀਤੇ ਜਾਣ ,16/07/2020 ਤੋਂ ਪਹਿਲਾਂ ਭਰਤੀ ਕਰਮਚਾਰੀਆਂ ਨੂੰ ਪਰਖਕਾਲ ਸਮੇ ਦੌਰਾਨ 6ਵੇਂ ਤਨਖਾਹ ਕਮਿਸਨ ਦਾ ਵਾਧਾ ਬਕਾਏ ਸਮੇਤ ਦਿੱਤਾ ਜਾਵੇ,ਬਾਰਡਰ ਏਰੀਆ ਅਲਾਉਂਸ,ਰੂਰਲ ਏਰੀਆ ਅਲਾਉਂਸ,ਐਫ.ਟੀ.ਏ.ਅਲਾਉਂਸ ਸਮੇਤ ਸਮੂਹ ਭੱਤੇ ਜੋ ਕਿ 5ਵੇਂ ਤਨਖਾਹ ਕਮਿਸ਼ਨ ਵਿੱਚ ਮਿਲਦੇ ਸਨ ਸਾਰੇ 6ਵੇਂ ਤਨਖਾਹ ਕਮਿਸ਼ਨ ਵਿੱਚ ਬਹਾਲ ਕੀਤੇ ਜਾਣ ਆਦਿ ਦੀ ਮੰਗ ਕੀਤੀ ਜਾਂਦੀ ਹੈ।ਇਸ ਮੌਕੇ ਪੰਜਾਬ ਸਟੇਟ ਮਨਿਸਟਰੀਅਲ ਸਰਵਿਸਜ਼ ਯੂਨੀਅਨ ਜਿਲਾ ਯੂਨਿਟ ਦੇ ਵੱਖ ਵੱਖ ਵਿਭਾਗਾਂ ਦੇ ਆਗੂ ਜਿਸ ਵਿੱਚ ਸਿਹਤ ਵਿਭਾਗ ਤੋਂ ਤਜਿੰਦਰ ਸਿੰਘ ਢਿੱਲੋਂ, ਅਤੁੱਲ ਸ਼ਰਮਾ,ਸੰਜੀਵ ਕੁਮਾਰ, ਕੁਲਦੀਪ ਸਿੰਘ ਅਤੇ ਹਰਵਿੰਦਰ ਕੌਰ, ਡਿਪਟੀ ਕਮਿਸ਼ਨਰ ਦਫਤਰ ਤੋਂ ਅਸਨੀਲ ਸ਼ਰਮਾ, ਦੀਪਕ ਅਰੋੜਾ ਅਤੇ ਸਾਹਿਬ ਕੁਮਾਰ ਖਜਾਨਾ ਵਿਭਾਗ ਤੋਂ ਮੁਨੀਸ਼ ਕੁਮਾਰ ਸ਼ਰਮਾ , ਰਜਿੰਦਰ ਸਿੰਘ ਮੱਲੀ,ਸੰਦੀਪ ਅਰੋੜਾ ਅਤੇ ਤੇਜਿੰਦਰ ਸਿੰਘ ਛੱਜਲਵੱਡੀ, ਜਲ ਸਰੋਤ ਵਿਭਾਗ ਤੋਂ ਮੁਨੀਸ਼ ਕੁਮਾਰ ਸੂਦ ਅਤੇ ਗੁਰਵੇਲ ਸਿੰਘ ਸੇਖੋਂ , ਸਿੱਖਿਆ ਵਿਭਾਗ ਤੋਂ ਬਿਕਰਮਜੀਤ ਸਿੰਘ ਅਤੇ ਅਮਨ ਥਰੀਏਵਾਲ,ਲੋਕ ਨਿਰਮਾਣ ਵਿਭਾਗ ਤੋਂ ਵਿਕਾਸ ਜੋਸ਼ੀ ਅਤੇ ਹਸ਼ਵਿੰਦਰਪਾਲ ਸਿੰਘ , ਉਪ ਅਰਥ ਅਤੇ ਅੰਕੜਾ ਸਲਾਹਕਾਰ ਤੋਂ ਮੈਡਮ ਦਵਿੰਦਰ ਕੌਰ, ਐਕਸਾਈਜ਼ ਵਿਭਾਗ ਤੋਂ ਸਿਮਰਨਜੀਤ ਸਿੰਘ ਹੀਰਾ ,ਹਰਸਿਮਰਨ ਸਿੰਘ ਅਤੇ ਸ਼ਮਸ਼ੇਰ ਸਿੰਘ , ਆਈ ਟੀ ਆਈ ਵਿਭਾਗ ਤੋਂ ਭੁਪਿੰਦਰ ਸਿੰਘ ਭਕਨਾ ਅਤੇ ਸੁਨੀਲ ਕੁਮਾਰ ,ਵਾਟਰ ਸਪਲਾਈ ਤੋਂ ਰੋਬਿੰਦਰ ਸ਼ਰਮਾਂ ਅਤੇ ਅਕਾਸ਼ ਮਹਾਜਨ, ਸਥਾਨਕ ਸਰਕਾਰਾਂ ਵਿਭਾਗ ਤੋਂ ਗੁਰਦੇਵ ਸਿੰਘ ਰੰਧਾਵਾ, ਖੇਤੀਬਾੜੀ ਵਿਭਾਗ ਤੋਂ ਰਣਬੀਰ ਸਿੰਘ ਰਾਣਾ, ਮੰਡਲ ਭੂਮੀ ਰੱਖਿਆ ਦਫਤਰ ਤੋ ਰਮਨਦੀਪ ਸਿੰਘ ਢਿੱਲੋਂ, ਰੋਡਵੇਜ਼ ਵਿਭਾਗ ਤੋਂ ਮਨੋਜ ਕੁਮਾਰ, ਰਕੇਸ਼ ਕੁਮਾਰ ਅਤੇ ਕੁਲਦੀਪ ਸਿੰਘ ,ਐਨ ਸੀ ਸੀ ਵਿਭਾਗ ਤੋਂ ਸੰਦੀਪ ਸਿੰਘ ਅਤੇ ਬਿਕਰਮਜੀਤ ਸਿੰਘ, ਸਮਾਜਿਕ ਸੁਰੱਖਿਆ ਵਿਭਾਗ ਤੋਂ ਗੁਰਦਿਆਲ ਸਿੰਘ ਅਤੇ ਜਗਜੀਵਨ ਸ਼ਰਮਾ,ਤਕਨੀਕੀ ਸਿੱਖਿਆ ਵਿਭਾਗ ਤੋਂ ਦਵਿੰਦਰ ਸਿੰਘ ਅਤੇ ਸੁਰਜੀਤ ਸਿੰਘ,ਚੰਦਰ ਅਰੋੜਾ ਅਤੇ ਦਿਲਬਾਗ ਸਿੰਘ ਕੋਆਪਰੇਟਿਵ ਵਿਭਾਗ ਤੋਂ ਹਰਪਾਲ ਸਿੰਘ ਅਤੇ ਤੇਜਪਾਲ ਸਿੰਘ, ਰੋਜ਼ਗਾਰ ਵਿਭਾਗ ਤੋਂ ਜਤਿੰਦਰਪਾਲ ਸਿੰਘ ਅਤੇ ਦੀਪਕ ਕੁਮਾਰ,ਡੀ ਡੀ ਪੀ ਓ ਦਫਤਰ ਤੋਂ ਅਰਜੁਨ ਸਿੰਘ ਅਤੇ ਗੁਰਜੀਤ ਸਿੰਘ ਆਦਿ ਨੇ ਰੈਲੀ ਨੂੰ ਸੰਬੋਧਨ ਕੀਤਾ ਅਤੇ ਆਪੋ ਆਪਣੇ ਵਿਭਾਗਾਂ ਦੇ ਸਾਥੀਆਂ ਸਮੇਤ ਰੈਲੀ ਵਿੱਚ ਭਰਵੀਂ ਸ਼ਮੂਲੀਅਤ ਕੀਤੀ,ਇਸ ਮੌਕੇ ਉਕਤ ਆਗੂਆਂ ਨੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੰਦਿਆ ਕਿਹਾ ਕਿ ਜੇਕਰ ਸਰਕਾਰ ਵੱਲੋਂ ਮੰਗਾਂ ਨਾ ਪੂਰੀਆਂ ਕੀਤੀਆਂ ਗਈਆਂ ਤਾਂ ਰੋਸ ਵਜੋਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

# ਮਹਿਲਾ ਵਿੰਗ ਪ੍ਰਧਾਨ ਦੇ ਗ੍ਰਹਿ ਵਿਖੇ ਬੀਬਾ ਕੈਰੋਂ ਨੇ ਕੀਤੀ ਚੋਣਾਂ ਸਬੰਧੀ ਮੀਟਿੰਗ



**ਪੱਟੀ/ ਰਵੀ ਕਰਨ**

ਸ੍ਰ:ਆਦੇਸ਼ ਪ੍ਰਤਾਪ ਸਿੰਘ ਕੈਰੋਂ ਸਾਬਕਾ ਕੈਬਨਿਟ ਮੰਤਰੀ ਪੰਜਾਬ ਨੂੰ 2022 ਦੀਆਂ ਚੋਣਾਂ ਵਿੱਚ ਭਾਰੀ ਬਹੁਮਤ ਨਾਲ ਜਿਤਾਉਣ ਲਈ ਬੀਬਾ ਪ੍ਰਨੀਤ ਕੌਰਸ੍ਰ:ਦਿਲਸ਼ੇਰ ਪ੍ਰਤਾਪ ਸਿੰਘ ਕੈਰੋਂ ਸਪੁੱਤਰ ਸ੍ਰ: ਆਦੇਸ਼ ਪ੍ਰਤਾਪ ਸਿੰਘ ਕੈਰੋਂ ਸਾਬਕਾ ਮੰਤਰੀ ਵਲੋਂ ਪੱਟੀ ਸ਼ਹਿਰ ਹਰੇਕ ਵਾਰਡ ਦੇ ਲੋਕਾਂ ਨਾਲ ਚੋਣਾਂ ਸਬੰਧੀ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਇਸੇ ਤਹਿਤ ਬੀਬਾ ਪ੍ਰਨੀਤ ਕੌਰ ਕੈਰੋਂ ਅਤੇ ਦਿਲਸ਼ੇਰ ਪ੍ਰਤਾਪ ਸਿੰਘ ਕੈਰੋਂ ਵਲੋਂ ਮਹਿਲਾ ਵਿੰਗ ਦੇ ਪ੍ਰਧਾਨ ਬੀਬੀ ਅਰਵਿੰਦਰ ਕੌਰ ਦੇ ਗ੍ਰਹਿ ਵਿਖੇ ਚੋਣਾਂ ਸਬੰਧੀ ਵਿਚਾਰ ਚਰਚਾ ਕੀਤੀ ਗਈ । ਇਸ ਮੌਕੇ ਤੇ ਮਹਿਲਾ ਵਿੰਗ ਪ੍ਰਧਾਨ ਬੀਬੀ ਅਰਵਿੰਦਰ ਕੌਰ ਵਲੋਂ ਬੀਬਾ ਪ੍ਰਨੀਤ ਕੌਰ ਕੈਰੋਂ ਅਤੇ ਦਿਲਸ਼ੇਰ ਪ੍ਰਤਾਪ ਸਿੰਘ ਕੈਰੋਂ ਨੂੰ ਗ੍ਰਹਿ ਵਿਖੇ ਆਉਣ ਤੇ ਸਨਮਾਨਿਤ ਕੀਤਾ ਗਿਆ ਅਤੇ ਵਿਸ਼ਵਾਸ ਦਿਵਾਇਆ ਕਿ ਆਉਣ ਵਾਲੇ ਚੋਣਾਂ ਵਿੱਚ ਸ੍ਰ:ਆਦੇਸ਼ ਪ੍ਰਤਾਪ ਸਿੰਘ ਕੈਰੋਂ ਪੱਟੀ ਹਲਕੇ ਤੋਂ ਭਾਰੀ ਬਹੁਮਤ ਨਾਲ ਜਿੱਤ ਪ੍ਰਾਪਤ ਕਰਨਗੇ ।ਇਸ ਮੌਕੇ ਸ਼ਹਿਰੀ ਪ੍ਰਧਾਨ ਗੁਰਚਰਨ ਸਿੰਘ ਚੰਨ , ਸਾਬਕਾ ਕੌਸਲਰ ਸੱਤਪਾਲ ਅਰੋੜਾ , ਲਵਲੀ ਅਰੋੜਾ ,ਬਾਬਾ ਰਣਜੀਤ ਸਿੰਘ , ਬੀਬੀ ਹਰਜੀਤ ਕੌਰ ਆਦਿ ਹਾਜ਼ਿਰ ਸਨ ।



# ਆਗਾਮੀ ਪੰਜਾਬ ਵਿਧਾਨਸਭਾ ਚੋਣਾਂ ਦੇ ਮੱਦੇਨਜ਼ਰ ਅੱਜ ਸੰਸਦ ਮੈਂਬਰ ਡਾ. ਅਮਰ ਸਿੰਘ ਦੀ ਅਗਵਾਈ 'ਚ ਯੂਥ ਆਗੂ ਕਾਮਿਲ ਬੋਪਾਰਾਏ ਦੇ ਹੱਕ 'ਚ ਸਥਾਨਕ ਅਨਾਜ ਮੰਡੀ ਵਿੱਚ ਇਕ ਵਿਸ਼ਾਲ ਰੈਲੀ ਕੀਤੀ

**ਰਾਏਕੋਟ / ਕਰਨ ਅਗਰਵਾਲ**

ਆਗਾਮੀ ਪੰਜਾਬ ਵਿਧਾਨਸਭਾ ਚੋਣਾਂ ਦੇ ਮੱਦੇਨਜ਼ਰ ਅੱਜ ਸੰਸਦ ਮੈਂਬਰ ਡਾ. ਅਮਰ ਸਿੰਘ ਦੀ ਅਗਵਾਈ 'ਚ ਯੂਥ ਆਗੂ ਕਾਮਿਲ ਬੋਪਾਰਾਏ ਦੇ ਹੱਕ 'ਚ ਸਥਾਨਕ ਅਨਾਜ ਮੰਡੀ ਵਿੱਚ ਇਕ ਵਿਸ਼ਾਲ ਰੈਲੀ ਕੀਤੀ ਗਈ, ਜਿਸ ਵਿੱਚ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਨਵਜੋਤ ਸਿੰਘ ਸਿੱਧੂ ਤੋਂ ਇਲਾਵਾ ਕੈਬਨਿਟ ਮੰਤਰੀ ਗੁਰਕੀਰਤ ਸਿੰਘ ਕੋਟਲੀ, ਸੂਬਾ ਕਾਰਜਕਾਰੀ ਪ੍ਰਧਾਨ ਕਲਜੀਤ ਸਿੰਘ ਨਾਗਰਾ, ਵਿਧਾਇਕ ਲਖਵੀਰ ਸਿੰਘ ਲੱਖਾ, ਵਿਧਾਇਕ ਗੁਰਪ੍ਰੀਤ ਸਿੰਘ ਜੀ.ਪੀ ਸਮੇਤ ਹੋਰ ਕਈ ਆਗੂ ਸ਼ਾਮਲ ਹੋਏ। ਰੈਲੀ 'ਚ ਜੁੜੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਨਵਜੋਤ ਸਿੰਘ ਸਿੱਧੂ ਨੇ ਆਪਣੇ ਜਾਣੇ ਪਛਾਣੇ ਅੰਦਾਜ਼ ਵਿੱਚ ਵਿਰੋਧੀ ਪਾਰਟੀਆਂ ਨੂੰ ਨਿਸ਼ਾਨੇ 'ਤੇ ਲੈਂਦਿਆਂ ਕਿਹਾ ਕਿ ਵਿਰੋਧੀ ਪਾਰਟੀਆਂ ਕੋਲ ਪੰਜਾਬ ਸੂਬੇ ਨੂੰ ਖੁਸ਼ਹਾਲ ਬਣਉਣ ਲਈ ਕੋਈ ਵੀ ਏਜੰਡਾਂ ਨਹੀ ਹੈ ਅਤੇ ਉਹ ਕੇਵਲ ਫੋਕੇ ਐਲਾਨ ਕਰਕੇ ਹੀ ਲੋਕਾਂ ਨੂੰ ਗੁਮਰਾਹ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸੂਬੇ ਨੂੰ ਖੁਸ਼ਹਾਲ ਬਣਾਉਣ ਲਈ ਉਹ ਅਤੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਇੱਕਜੁੱਟ ਹੋ ਕੇ ਕੰਮ ਕਰ ਰਹੇ ਹਨ, ਜਿਸ ਦੇ ਤਹਿਤ ਪੰਜਾਬ ਸਰਕਾਰ ਵਲੋਂ ਬਿਜਲੀ ਦੇ ਰੇਟਾਂ ਵਿੱਚ ਕਮੀ, ਪਾਣੀ ਦੇ ਬਿੱਲ ਅੱਧੇ ਕਰਨ ਤੋਂ ਇਲਾਵਾ ਰੇਤ ਅਤੇ ਕੇਬਲ ਮਾਫ਼ੀਏ ਨੂੰ ਠੱਲ੍ਹ ਪਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬੇ ਨੂੰ ਖੁਸ਼ਹਾਲ ਬਣਾਉਣ ਲਈ ਸੂਬੇ ਦੀ ਕਿਸਾਨੀ ਅਤੇ ਜਵਾਨੀ ਨੂੰ ਬਚਾਉਣਾ ਉਨ੍ਹਾਂ ਦਾ ਮੁੱਖ ਟੀਚਾ ਹੋਵੇਗਾ। ਉਨ੍ਹਾਂ ਕਿਹਾ ਕਿ ਡਾ. ਅਮਰ ਸਿੰਘ ਦੀ ਅਗਵਾਈ 'ਚ ਰਾਏਕੋਟ ਹਲਕੇ ਵਿੱਚ ਪੰਜ ਸੌ ਕਰੋੜ ਰੁਪਏ ਦੀ ਲਾਗਤ ਨਾਲ ਵਿਕਾਸ ਕੰਮ ਕਰਵਾਏ ਜਾ ਰਹੇ ਹਨ। ਉਨ੍ਹਾਂ ਸਿਆਸਤ ਵਿੱਚ ਬਦਲਾਅ ਅਤੇ ਪੰਜਾਬ ਮਾਡਲ ਬਣਾਉਣ ਲਈ ਨੌਜਵਾਨ ਵਰਗ ਨੂੰ ਸਿਆਸਤ ਵਿੱਚ ਆਉਣ ਦਾ ਸੁਨੇਹਾ ਦਿੰਦੇ ਹੋਏ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨੌਜਵਾਨ ਆਗੂ ਕਾਮਿਲ ਬੋਪਰਾਏ ਨੂੰ ਜਿਤਾ ਕੇ ਵਿਧਾਨਸਭਾ ਵਿੱਚ ਭੇਜਣ ਤਾਂ ਜੋ ਨੌਜਵਾਨਾਂ ਨੂੰ ਰਾਜਨੀਤੀ ਵਿੱਚ ਅੱਗੇ ਆਉਣ ਦਾ ਮੌਕਾ ਮਿਲ ਸਕੇ। ਆਪ ਕਨਵੀਨਰ ਅਰਵਿੰਦ ਕੇਜ਼ਰੀਵਾਲ ਦੇ ਜਲੰਧਰ 'ਚ ਹਵਾਈ ਅੱਡਾ ਬਣਾਉਣ ਦੇ ਐਲਾਨ ਤੇ ਤੰਜ ਕੱਸਦਿਆਂ ਸ. ਸਿੱਧੂ ਨੇ ਕਿਹਾ ਕਿ ਸੰਸਦ ਮੈਂਬਰ ਡਾ. ਅਮਰ ਸਿੰਘ ਦੇ ਯਤਨਾਂ ਸਦਕਾ ਹੀ ਹਲਵਾਰਾ ਵਿਖੇ ਕੌਮਾਂਤਰੀ ਹਵਾਈ ਅੱਡਾ ਬਣ ਕੇ ਤਿਆਰ ਹੋ ਰਿਹਾ ਹੈ। ਇਸ ਮੌਕੇ ਉਨ੍ਹਾਂ ਟਰਾਂਸਪੋਰਟ ਮੰਤਰੀ ਰਾਜਾ ਵੜਿੰਗ ਦੀ ਸ਼ਲਾਘਾ ਕਰਦਿਆ ਕਿਹਾ ਕਿ ਪਹਿਲੀ ਵਾਰ ਹੈ ਕਿ ਪੰਜਾਬ ਰੋਡਵੇਜ਼ ਰੋਜ਼ਾਨਾਂ ਇੱਕ ਕਰੋੜ ਦੇ ਮੁਨਾਫ਼ੇ ਵਿੱਚ ਚੱਲ ਰਹੀ ਹੈ। ਇਸ ਮੌਕੇ ਰੈਲੀ ਨੂੰ ਸੰਬੋਧਨ ਕਰਦੇ ਹੋਏ ਸੰਸਦ ਮੈਂਬਰ ਡਾ. ਅਮਰ ਸਿੰਘ ਨੇ ਕਿਹਾ ਕਿ ਉਹ ਪੰਜਾਬ ਅਤੇ ਪੰਜਾਬੀਅਤ ਨਾਲ ਸਬੰਧਤ ਮੁੱਦੇ ਲਗਾਤਾਰ ਸੰਸਦ ਵਿੱਚ ਉਠਾ ਰਹੇ ਹਨ ਅਤੇ ਅੱਗੇ ਵੀ ਉਠਾਉਂਦੇ ਰਹਿਣਗੇ। ਉਨ੍ਹਾਂ ਕਿਹਾ ਕਿ ਐਮ.ਐਸ.ਪੀ ਦੇ ਮੁੱਦੇ ਤੋਂ ਉਹ ਪਹਿਲਾਂ ਹੀ ਲੋਕਸਭਾ ਵਿੱਚ ਪ੍ਰਾਈਵੇਟ ਬਿੱਲ ਲਿਆ ਚੁੱਕੇ ਹਨ, ਪ੍ਰੰਤੂ ਭਾਜਪਾ ਸਰਕਾਰ ਨੇ ਇਸ ਬਿੱਲ 'ਤੇ ਇਤਰਾਜ ਲਗਾ ਕੇ ਵਾਪਸ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਹ ਬਿੱਲ ਉਹ ਮੁੜ ਤੋਂ ਸੰਸਦ ਵਿੱਚ ਪੇਸ਼ ਕਰਨਗੇ। ਰੈਲੀ ਨੂੰ ਹੋਰਨਾਂ ਤੋਂ ਇਲਾਵਾ ਕੈਬਨਿਟ ਮੰਤਰੀ ਗੁਰਕੀਰਤ ਸਿੰਘ ਕੋਟਲੀ, ਵਿਧਾਇਕ ਗੁਰਪ੍ਰੀਤ ਸਿੰਘ ਜੀ.ਪੀ, ਵਿਧਾਇਕ ਕੁਲਜੀਤ ਸਿੰਘ ਨਾਗਰਾ, ਵਿਧਾਇਕ ਲਖਵੀਰ ਸਿੰਘ ਲੱਖਾ ਵਲੋਂ ਵੀ ਸੰਬੋਧਨ ਕੀਤਾ ਗਿਆ।